ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 109
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 21 April, 2026) ਮੰਗਲਵਾਰ, 21 ਅਪ੍ਰੈਲ, 2026, 8 ਵੈਸਾਖ (ਪੰਚਮੀ), ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਅਦਾਰਾ
ਚੜ੍ਹਦੀਕਲਾ
ਵੱਲੋਂ
ਭਗਤ ਧੰਨਾ ਜੀ ਦੇ
ਜਨਮ ਦਿਹਾੜੇ ਦੀਆਂ
ਲੱਖ-ਲੱਖ ਵਧਾਈਆਂ

### ਮੁੱਖ ਮੰਤਰੀ ਦੇ ਯਤਨਾਂ ਨੂੰ ਬੂਰ ਪੈਣਾ ਹੋਇਆ ਸ਼ੁਰੂ

## ਸੂਬਾ ਸਰਕਾਰ ਵਰਲਡ ਹਾਰਟੀ ਸੈਂਟਰ ਈਕੋਸਿਸਟਮ ਦੀ ਤਰਜ਼ 'ਤੇ ਬਾਗ਼ਬਾਨੀ ਅਨੁਭਵ ਅਤੇ ਸਿਖਲਾਈ ਕੇਂਦਰ ਕਰੇਗੀ ਸਥਾਪਤ

**ਫ਼ਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇ ਕੇ ਪੰਜਾਬ ਦੇ ਕਿਸਾਨਾਂ ਦੀ ਤਕਦੀਰ ਨੂੰ ਬਦਲਣ ਹੈ ਇਸ ਕਦਮ ਦਾ ਉਦੇਸ਼**

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 20 ਅਪ੍ਰੈਲ : ਇੱਕ ਰਣਨੀਤਕ ਸਮਝੌਤੇ ਤਹਿਤ ਜੋ ਕਿਸਾਨਾਂ ਦੀ ਤਕਦੀਰ ਬਦਲਣ ਵਿੱਚ ਅਹਿਮ ਸਿੱਧ ਹੋਵੇਗਾ, ਸੂਬਾ ਸਰਕਾਰ ਵਰਲਡ ਹਾਰਟੀ ਸੈਂਟਰ ਈਕੋਸਿਸਟਮ ਦੀ ਤਰਜ਼ 'ਤੇ ਪੰਜਾਬ ਵਿੱਚ ਇੱਕ ਸਮਰਪਿਤ ਬਾਗਬਾਨੀ ਅਨੁਭਵ ਅਤੇ ਸਿਖਲਾਈ ਕੇਂਦਰ ਸਥਾਪਤ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ, ਜੋ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੀਤੇ ਜਾ ਰਹੇ ਸਿਰਤੋੜ ਯਤਨਾਂ ਦਾ ਹਿੱਸਾ ਹੋਵੇਗਾ।

ਅੱਜ ਨੀਦਰਲੈਂਡ ਵਿੱਚ ਨਿਵੇਸ਼ ਪ੍ਰੋਤਸਾਹਨ ਆਊਟਰੀਚ ਤਹਿਤ ਆਪਣੇ ਦੌਰੇ ਦੇ ਹਿੱਸੇ ਵਜੋਂ ਮੁੱਖ ਮੰਤਰੀ ਨੇ ਟਿਕਾਊ ਖੇਤੀਬਾੜੀ, ਫੁੱਲਾਂ ਦੀ ਖੇਤੀ ਅਤੇ ਉੱਚ-ਕੁਸ਼ਲਤਾ ਵਾਲੀਆਂ ਖੇਤੀ ਪ੍ਰਣਾਲੀਆਂ ਵਿੱਚ ਸਭ ਤੋਂ ਬਿਹਤਰ ਅਭਿਆਸਾਂ ਦਾ ਅਧਿਐਨ ਕਰਨ ਲਈ ਵਰਲਡ ਹਾਰਟੀ ਸੈਂਟਰ (ਡਬਲਯੂ.ਐਚ.ਸੀ.), ਵੈਸਟਲੈਂਡ ਅਤੇ ਵਿਸ਼ਵ ਪ੍ਰਸਿੱਧ ਕੇਯੂਕੇਨਹੌਫ, ਲਿਸੇ ਸਮੇਤ ਪ੍ਰਮੁੱਖ ਬਾਗਬਾਨੀ ਸੰਸਥਾਵਾਂ ਦੇ ਦੌਰੇ ਕੀਤੇ। ਉਨ੍ਹਾਂ ਨੇ ਪੰਜਾਬ ਵਿੱਚ ਅਜਿਹਾ ਹੀ ਕੇਂਦਰ ਸਥਾਪਤ ਕਰਨ ਦਾ ਵਿਚਾਰ ਪੇਸ਼ ਕੀਤਾ ਅਤੇ ਕਿਹਾ ਕਿ ਪ੍ਰਸਤਾਵਿਤ ਕੇਂਦਰ ਖੋਜਕਰਤਾਵਾਂ, ਅਕਾਦਮਿਕ ਸੰਸਥਾਵਾਂ, ਉਦਯੋਗ ਅਤੇ ਸਰਕਾਰੀ ਭਾਈਵਾਲਾਂ ਨੂੰ ਇਕਜੁੱਟ ਕਰਕੇ ਰਾਜ ਵਿੱਚ ਨਵੀਨਤਾ, ਹੁਨਰ ਵਿਕਾਸ ਅਤੇ ਟਿਕਾਊ ਖੇਤੀਬਾੜੀ ਹੱਲਾਂ ਨੂੰ ਅਪਣਾਉਣ ਵਿੱਚ ਮਦਦ ਕਰੇਗਾ। ਵਰਲਡ ਹਾਰਟੀ ਸੈਂਟਰ, ਜੋ ਗ੍ਰੀਨਹਾਊਸ ਹੌਰਟੀਕਲਚਰ ਇਨੋਵੇਸ਼ਨ ਲਈ ਇੱਕ ਗਲੋਬਲ ਹੱਬ ਹੈ, ਵਿਖੇ ਸੀਈਓ ਪੱਕ ਵੈਨ ਹੋਲਸਟਾਈਨ ਅਤੇ ਮੈਨੇਜਰ ਇੰਟਰਨੈਸ਼ਨਲ ਬਿਜ਼ਨਸ ਲੈਨੀ ਡਿਜਕਸੂਰਨ ਵੱਲੋਂ ਭਗਵੰਤ ਸਿੰਘ ਮਾਨ ਦਾ ਨਿੱਘਾ ਸਵਾਗਤ ਕੀਤਾ ਗਿਆ ਜਿਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਸੰਸਥਾ ਦਾ ਵਿਆਪਕ ਦੌਰਾ ਕਰਵਾਇਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਇੱਕ ਵਿਲੱਖਣ ਅਨੁਭਵ ਸੀ ਕਿਉਂਕਿ

(ਬਾਕੀ ਸਫਾ 2 'ਤੇ)

### ਟਰੰਪ ਦੇ ਹੁਕਮ 'ਤੇ ਮੋਦੀ ਈਰਾਨ ਯੁੱਧ ਤੋਂ ਪਹਿਲਾਂ ਗਏ ਸਨ ਇਜ਼ਰਾਈਲ: ਰਾਹੁਲ ਗਾਂਧੀ



ਤੂਤੁਕੁੜੀ (ਤਾਮਿਲਨਾਡੂ), 20 ਅਪ੍ਰੈਲ (ਚ.ਨ.ਸ.): ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸੋਮਵਾਰ ਨੂੰ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਫਰਮਾਨ ਦੀ ਪਾਲਣਾ ਕਰਦੇ ਹੋਏ ਈਰਾਨ ਯੁੱਧ ਸ਼ੁਰੂ ਹੋਣ ਤੋਂ ਪਹਿਲਾਂ ਇਜ਼ਰਾਈਲ ਦਾ ਦੌਰਾ ਕੀਤਾ ਸੀ।

ਰਾਹੁਲ ਨੇ ਇੱਥੇ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਭਾਜਪਾ 'ਤੇ ਆਪਣੇ ਇਸ ਦੋਸ਼ ਨੂੰ ਦੁਹਰਾਇਆ ਕਿ 'ਜੇਕਰ ਟਰੰਪ ਉਨ੍ਹਾਂ ਨੂੰ ਕੁੱਦਣ ਲਈ ਕਹਿਣਗੇ ਤਾਂ ਪੀ.ਐਮ. ਮੋਦੀ ਅਜਿਹਾ ਕਰਨਗੇ।'


ਉਨ੍ਹਾਂ ਦੋਸ਼ ਲਾਇਆ ਕਿ ਈਰਾਨ ਯੁੱਧ ਤੋਂ ਪਹਿਲਾਂ, ਅਚਾਨਕ ਮੋਦੀ ਨੂੰ ਇਜ਼ਰਾਈਲ ਜਾਣ ਲਈ ਕਿਹਾ ਗਿਆ ਅਤੇ ਉਹ ਜਹਾਜ਼ ਵਿੱਚ ਸਵਾਰ ਹੋਏ, ਉੱਥੇ ਗਏ ਅਤੇ ਫਿਰ ਵਾਪਸ ਆ ਗਏ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਦਾਅਵਾ ਕੀਤਾ ਕਿ ਅਜਿਹਾ ਕਰਨ ਦਾ ਕਾਰਨ ਸਿੱਧਾ ਸੀ,'ਐਪਸਟੀਨ ਫਾਈਲ ਅਤੇ ਅਡਾਨੀ।'

## ਪੰਜਾਬ 'ਚ ਲਾਗੂ ਹੋਇਆ ਬੇਅਦਬੀਆਂ ਖ਼ਿਲਾਫ਼ ਕਾਨੂੰਨ

**ਮਾਨ ਸਰਕਾਰ ਵੱਲੋਂ ਨੋਟੀਫ਼ਿਕੇਸ਼ਨ ਜਾਰੀ**

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 20 ਅਪ੍ਰੈਲ : ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਖ਼ਿਲਾਫ਼ ਬਣਾਇਆ ਗਿਆ ਸਖਤ ਕਾਨੂੰਨ ਅੱਜ ਤੋਂ ਲਾਗੂ ਹੋ ਗਿਆ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਦਸਤਖ਼ਤ ਕੀਤੇ ਜਾਣ ਬਾਅਦ ਬਣੇ ਕਾਨੂੰਨ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026 ਸਬੰਧੀ ਅੱਜ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਬੇਅਦਬੀ ਕਰਨ ਵਾਲਿਆਂ ਨੂੰ ਹੁਣ ਇਸ ਕਾਨੂੰਨ ਤਹਿਤ ਸਖਤ ਸਜ਼ਾ ਮਿਲੇਗੀ, ਜਿਸ ਵਿੱਚ ਉਮਰ ਕੈਦ ਤੋਂ ਲੈ ਕੇ 25 ਲੱਖ ਰੁਪਏ ਤੱਕ ਦਾ ਜੁਰਮਾਨਾ ਸ਼ਾਮਲ ਹੈ। ਅਜਿਹੇ ਮਾਮਲਿਆਂ ਦੀ ਜਾਂਚ ਲਈ ਹੁਣ ਸਮਾਂ ਸੀਮਾ ਤੈਅ ਕੀਤੀ ਗਈ ਹੈ। ਜਾਂਚ 60 ਤੋਂ 90 ਦਿਨਾਂ ਦੇ ਅੰਦਰ ਪੂਰੀ ਕੀਤੀ ਜਾਵੇਗੀ ਅਤੇ ਚਲਾਨ ਦਾਇਰ ਕੀਤਾ ਜਾਵੇਗਾ। ਜੇਕਰ ਦੋਸ਼ੀ ਮਾਨਸਿਕ ਤੌਰ 'ਤੇ ਅਸਥਿਰ ਜਾਪਦਾ ਹੈ, ਤਾਂ ਉਸ ਦੀ ਮਾਨਸਿਕ ਸਥਿਤੀ ਦਾ ਮੁਲਾਂਕਣ ਕਰਨ ਲਈ ਫੋਰੈਂਸਿਕ ਮਨੋਵਿਗਿਆਨੀਆਂ ਦਾ ਇੱਕ ਬੋਰਡ ਬਣਾਇਆ ਜਾਵੇਗਾ। ਇਨ੍ਹਾਂ ਮਾਮਲਿਆਂ ਦੀ ਸਿੱਧੇ ਤੌਰ 'ਤੇ ਐਸਐਸਪੀ ਜਾਂ ਪੁਲਿਸ ਕਮਿਸ਼ਨਰ ਦੁਆਰਾ ਨਿਗਰਾਨੀ ਕੀਤੀ ਜਾਵੇਗੀ। ਪੰਜਾਬ ਸਰਕਾਰ ਦੇ ਬੇਅਦਬੀ ਕਾਨੂੰਨ ਵਿੱਚ ਘੱਟੋ-ਘੱਟ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਬੰਧ ਹੈ। ਜੁਰਮਾਨਾ 5 ਲੱਖ ਤੋਂ 25 ਲੱਖ ਤੱਕ ਹੋ ਸਕਦਾ ਹੈ। ਇਸ ਕਾਨੂੰਨ ਤਹਿਤ ਦਰਜ ਮਾਮਲੇ ਗੈਰ-ਜ਼ਮਾਨਤੀ ਹਨ। ਸਰਕਾਰ ਨੇ 13 ਅਪ੍ਰੈਲ ਨੂੰ ਇੱਕ ਪ੍ਰਸਤਾਵ ਪੇਸ਼ ਕੀਤਾ, ਜਿਸ ਤੋਂ ਬਾਅਦ ਰਾਜਪਾਲ ਨੇ ਇਸ ਨੂੰ ਮਨਜ਼ੂਰੀ ਦੇ ਦਿੱਤੀ।



Punjab Government Gazette

EXTRAORDINARY

Published by Authority

CHANDIGARH, MONDAY, APRIL 20, 2026
(CHAITRA 30, 1948 SAKA)

LEGISLATIVE SUPPLEMENT

| | Contents | Pages |
| --- | --- | --- |
| Part - I | Acts | |
| | The Jaagat Jot Sri Guru Granth Sahib Satkar (Amendment) Act, 2026 (Punjab Act No.7 of 2026) | ..415-419 |
| Part - II | Ordinances | |
| | Nil | |
| Part - III | Delegated Legislation | |
| | Nil | |
| Part - IV | Correction Slips, Republications and | |

**ਨਵੇਂ ਕਾਨੂੰਨ ਤਹਿਤ ਇਹ ਕੰਮ ਕਰਨ ਨੂੰ ਬੇਅਦਬੀ ਮੰਨਿਆ ਜਾਵੇਗਾ:**

ਨਵੇਂ ਕਾਨੂੰਨ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਨੂੰ ਜਾਣਬੁੱਝ ਕੇ ਪਾੜਨਾ, ਸਾੜਨਾ ਜਾਂ ਕਿਸੇ ਹੋਰ ਤਰੀਕੇ ਨਾਲ ਵਿਗਾੜਨਾ, ਪਵਿੱਤਰ ਗ੍ਰੰਥ 'ਤੇ ਥੁੱਕਣਾ, ਇਸ ਨੂੰ ਗੰਦੇ ਹੱਥਾਂ ਨਾਲ ਛੂਹਣਾ, ਜਾਂ ਇਸ ਨੂੰ ਅਜਿਹੀ ਜਗ੍ਹਾ 'ਤੇ ਰੱਖਣਾ ਜਿਸ ਨਾਲ ਇਸ ਦੀ ਮਰਿਆਦਾ ਭੰਗ ਹੁੰਦੀ ਹੋਵੇ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਨੂੰ ਜਨਤਕ ਤੌਰ 'ਤੇ ਸੁੱਟਣਾ ਜਾਂ ਇਸ ਨੂੰ ਗਲੀਆਂ ਜਾਂ ਨਾਲੀਆਂ ਵਿੱਚ ਛੱਡ ਦੇਣਾ। ਪਵਿੱਤਰ ਗ੍ਰੰਥ ਨੂੰ ਗਲਤ ਢੰਗ ਨਾਲ ਚੋਰੀ ਕਰਨਾ ਜਾਂ ਆਪਣੇ ਕੋਲ ਰੱਖਣਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ ਸ਼ਰਾਬ, ਤੰਬਾਕੂ, ਜਾਂ ਕਿਸੇ ਵੀ ਨਸ਼ੀਲੇ ਪਦਾਰਥ ਦਾ ਸੇਵਨ ਕਰਨਾ ਜਾਂ ਲਿਜਾਣਾ, ਸੋਸ਼ਲ ਮੀਡੀਆ ਜਾਂ ਕਿਸੇ ਹੋਰ ਮਾਧਿਅਮ ਰਾਹੀਂ ਪਵਿੱਤਰ ਗ੍ਰੰਥਾਂ ਜਾਂ ਗੁਰੂ ਸਾਹਿਬ ਬਾਰੇ ਅਪਮਾਨਜਨਕ ਟਿੱਪਣੀਆਂ ਜਾਂ ਅਪਮਾਨਜਨਕ ਫੋਟੋਆਂ ਜਾਂ ਵੀਡੀਓ ਬਣਾਉਣਾ।

ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ 13 ਅਪ੍ਰੈਲ ਨੂੰ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਮੌਕੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦ ਕੇ ਬੇਅਦਬੀਆਂ ਖ਼ਿਲਾਫ਼ ਕਾਨੂੰਨ ਲਿਆਉਣ ਲਈ ਪੰਜਾਬ ਵਿਧਾਨ ਸਭਾ

(ਬਾਕੀ ਸਫਾ 2 'ਤੇ)

## ਪੰਜਾਬ 'ਚ ਅਗਲੇ 4 ਦਿਨਾਂ ਲਈ ਲੂ ਦਾ ਅਲਰਟ

**ਮੌਸਮ ਵਿਭਾਗ ਵੱਲੋਂ ਸਾਵਧਾਨ ਰਹਿਣ ਦੀ ਸਲਾਹ**

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 20 ਅਪ੍ਰੈਲ: ਆਉਣ ਵਾਲੇ ਦਿਨਾਂ ਵਿੱਚ ਪੰਜਾਬ ਵਿੱਚ ਗਰਮੀ ਦਾ ਅਸਰ ਤੇਜ਼ ਹੋਣ ਦੀ ਉਮੀਦ ਹੈ। ਮੌਸਮ ਵਿਭਾਗ ਨੇ ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਰਾਤ ਨੂੰ ਵੀ ਗਰਮੀ ਵਧਣ ਦੀ ਚਿਤਾਵਨੀ ਜਾਰੀ ਕੀਤੀ ਹੈ। 4 ਦਿਨਾਂ ਵਿਚ ਲਗਾਤਾਰ ਵਾਧਾ ਹੋਣ ਦੇ ਆਸਾਰ ਹਨ, ਜਿਸ ਨਾਲ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਭਵਿੱਖਬਾਣੀ ਮੁਤਾਬਕ 21 ਅਪ੍ਰੈਲ ਤੋਂ 24 ਅਪ੍ਰੈਲ ਤੱਕ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਮੌਸਮ ਖੁਸ਼ਕ ਰਹੇਗਾ। ਇਸ ਸਮੇਂ ਦੌਰਾਨ ਦਿਨ ਵੇਲੇ ਤੇਜ਼ ਧੁੱਪ ਅਤੇ ਲੂ ਦਾ ਅਸਰ ਵੇਖਣ ਨੂੰ ਮਿਲੇਗਾ, ਜਦਕਿ ਰਾਤ ਵੇਲੇ ਵੀ ਪਾਰਾ ਆਮ ਤੋਂ ਵੱਧ ਰਹੇਗਾ। ਮੌਸਮ ਵਿਭਾਗ ਮੁਤਾਬਕ ਬਠਿੰਡਾ, ਮਾਨਸਾ, ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ, ਮੋਗਾ, ਫਰੀਦਕੋਟ, ਬਰਨਾਲਾ, ਸੰਗਰੂਰ, ਪਟਿਆਲਾ ਅਤੇ ਲੁਧਿਆਣਾ ਵਰਗੇ ਜ਼ਿਲ੍ਹਿਆਂ ਵਿੱਚ ਲੂ ਦਾ ਅਸਰ ਜ਼ਿਆਦਾ ਰਹਿਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਜਲੰਧਰ ਦੇ ਕੁਝ ਇਲਾਕਿਆਂ ਵਿੱਚ ਵੀ ਗਰਮ ਹਵਾਵਾਂ ਚੱਲ ਸਕਦੀਆਂ ਹਨ। ਭਵਿੱਖਬਾਣੀ ਵਿੱਚ ਅਗਲੇ ਪੰਜ ਦਿਨਾਂ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ

(ਬਾਕੀ ਸਫਾ 2 'ਤੇ)

### ਪੰਜਾਬ 'ਚ ਬੱਚਿਆਂ ਲਈ 30 ਸਤੰਬਰ ਤੱਕ ਮੁਫ਼ਤ ਅਪਡੇਟ ਹੋਣਗੇ ਆਧਾਰ

ਚੰਡੀਗੜ੍ਹ, 20 ਅਪ੍ਰੈਲ (ਚ.ਨ.ਸ.): ਪੰਜਾਬ ਅਤੇ ਚੰਡੀਗੜ੍ਹ ਵਿੱਚ ਯੂਨੀਕ ਆਈਡੈਂਟੀਫਿਕੇਸ਼ਨ ਅਥਾਰਟੀ ਆਫ਼ ਇੰਡੀਆ (ਯੂ.ਆਈ.ਡੀ.ਏ.ਆਈ.) 30 ਸਤੰਬਰ ਤੱਕ 17 ਸਾਲ ਤੱਕ ਦੇ ਬੱਚਿਆਂ ਲਈ ਮੁਫ਼ਤ ਆਧਾਰ ਅੱਪਡੇਟ ਪ੍ਰਦਾਨ ਕਰ ਰਹੀ ਹੈ। ਬਾਇਓਮੈਟ੍ਰਿਕ ਅੱਪਡੇਟ ਆਧਾਰ ਸੇਵਾ ਕੇਂਦਰਾਂ, ਪੰਜਾਬ ਭਰ ਦੇ ਵੱਖ-ਵੱਖ ਸੇਵਾ ਕੇਂਦਰਾਂ ਅਤੇ ਸਕੂਲਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਵਿਸ਼ੇਸ਼ ਆਧਾਰ ਅੱਪਡੇਟ ਕੈਂਪਾਂ ਰਾਹੀਂ ਆਸਾਨੀ ਨਾਲ ਕੀਤੇ ਜਾ ਸਕਦੇ ਹਨ। ਲੁਧਿਆਣਾ ਵਿੱਚ ਕੁੱਲ 9,15,410 ਵਿਦਿਆਰਥੀਆਂ ਲਈ ਬਾਇਓਮੈਟ੍ਰਿਕ ਅੱਪਡੇਟ ਇਸ ਸਮੇਂ ਪੈਂਡਿੰਗ ਹਨ, ਅਤੇ ਅਥਾਰਟੀ ਨੇ ਉਨ੍ਹਾਂ ਨੂੰ ਜਲਦੀ ਪੂਰਾ ਕਰਨ ਦੀ ਅਪੀਲ ਕੀਤੀ ਹੈ। ਮਾਪਿਆਂ ਅਤੇ

(ਬਾਕੀ ਸਫਾ 2 'ਤੇ)

### ਮੋਦੀ ਤੇ ਦੱਖਣੀ ਕੋਰੀਆ ਦੇ ਰਾਸ਼ਟਰਪਤੀ ਵਿਚਾਲੇ ਅਹਿਮ ਗੱਲਬਾਤ

## ਦੋਵੇਂ ਧਿਰਾਂ ਵੱਲੋਂ ਕਈ ਵੱਡੇ ਸਮਝੌਤਿਆਂ 'ਤੇ ਦਸਤਖ਼ਤ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 20 ਅਪ੍ਰੈਲ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਦੱਖਣੀ ਕੋਰੀਆ ਦੇ ਰਾਸ਼ਟਰਪਤੀ ਲੀ ਜੇ-ਮਯੁੰਗ ਨੇ ਸੋਮਵਾਰ ਨੂੰ ਦਿੱਲੀ ਦੇ ਹੈਦਰਾਬਾਦ ਹਾਊਸ ਵਿੱਚ ਵਫਦ ਪੱਧਰ ਦੀ ਅਹਿਮ ਗੱਲਬਾਤ ਕੀਤੀ। ਇਸ ਮੁਲਾਕਾਤ ਦਾ ਮੁੱਖ ਉਦੇਸ਼ ਦੋਵਾਂ ਦੇਸ਼ਾਂ ਵਿਚਾਲੇ ਰਣਨੀਤਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਗੱਲਬਾਤ ਤੋਂ ਪਹਿਲਾਂ ਦੋਵਾਂ ਨੇਤਾਵਾਂ ਨੇ ਮਿਲ ਕੇ ਪੌਦਾ ਲਗਾਇਆ, ਜੋ ਦੋਵਾਂ ਦੇਸ਼ਾਂ ਦੇ ਵਧਦੇ ਸਬੰਧਾਂ ਦਾ ਪ੍ਰਤੀਕ ਹੈ।



**ਮਹਾਤਮਾ ਗਾਂਧੀ ਨੂੰ ਦਿੱਤੀ ਸ਼ਰਧਾਂਜਲੀ**

ਆਪਣੀ ਤਿੰਨ ਦਿਨਾਂ ਯਾਤਰਾ ਦੇ ਦੂਜੇ ਦਿਨ ਰਾਸ਼ਟਰਪਤੀ ਲੀ ਅਤੇ ਫਸਟ ਲੇਡੀ ਕਿਮ ਹੇ-ਕਯੁੰਗ ਨੇ ਰਾਜਘਾਟ ਜਾ ਕੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਦਿੱਤੀ ਅਤੇ ਉੱਥੇ ਫੁੱਲਾਂ ਦਾ ਹਾਰ ਚੜ੍ਹਾਇਆ। ਇਸ ਤੋਂ ਪਹਿਲਾਂ ਰਾਸ਼ਟਰਪਤੀ ਭਵਨ ਦੇ ਵਿਹੜੇ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪੀਐਮ ਮੋਦੀ ਵੱਲੋਂ ਉਨ੍ਹਾਂ ਦਾ ਰਸਮੀ ਸਵਾਗਤ ਕੀਤਾ ਗਿਆ, ਜਿੱਥੇ ਸਕੂਲੀ ਬੱਚਿਆਂ ਨੇ ਦੋਵਾਂ ਦੇਸ਼ਾਂ ਦੇ ਝੰਡੇ ਲਹਿਰਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

**ਊਰਜਾ ਸੁਰੱਖਿਆ ਅਤੇ ਸਪਲਾਈ ਚੇਨ 'ਤੇ ਚਰਚਾ**

ਮੀਟਿੰਗ ਦੌਰਾਨ ਰਾਸ਼ਟਰਪਤੀ ਲੀ ਨੇ ਅਮਰੀਕਾ ਅਤੇ ਈਰਾਨ ਵਿਚਾਲੇ ਚੱਲ ਰਹੇ ਟਕਰਾਅ ਕਾਰਨ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਸਪਲਾਈ ਚੇਨ ਵਿੱਚ ਆ ਰਹੀਆਂ ਰੁਕਾਵਟਾਂ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਹੋਰਮੁਜ਼ ਦੇ ਜਲਡਮਰੂ ਵਰਗੇ ਰਣਨੀਤਕ ਮਾਰਗਾਂ ਰਾਹੀਂ ਸੁਰੱਖਿਅਤ ਆਵਾਜਾਈ ਯਕੀਨੀ

(ਬਾਕੀ ਸਫਾ 2 'ਤੇ)

## ਪੜ੍ਹੇ-ਲਿਖੇ ਲੋਕਾਂ ਦਾ 'ਡਿਜੀਟਲ ਅਰੈਸਟ' ਦਾ ਸ਼ਿਕਾਰ ਹੋਣਾ ਹੈਰਾਨੀਜਨਕ: ਸੁਪਰੀਮ ਕੋਰਟ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 20 ਅਪ੍ਰੈਲ : ਸੁਪਰੀਮ ਕੋਰਟ ਨੇ ਸੋਮਵਾਰ ਨੂੰ ਇਸ ਗੱਲ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਕਿ ਪੜ੍ਹੇ-ਲਿਖੇ ਲੋਕ 'ਡਿਜੀਟਲ ਅਰੈਸਟ' ਦਾ ਸ਼ਿਕਾਰ ਹੋ ਰਹੇ ਹਨ। ਅਦਾਲਤ ਨੇ ਇੱਕ ਤਾਜ਼ਾ ਮਾਮਲੇ ਦਾ ਹਵਾਲਾ ਦਿੱਤਾ ਜਿਸ ਵਿੱਚ ਇੱਕ ਬਜ਼ੁਰਗ ਔਰਤ ਨੇ ਅਜਿਹੇ ਇੱਕ ਕੇਸ ਵਿੱਚ ਆਪਣੇ ਸੇਵਾਮੁਕਤੀ ਦੇ ਸਾਰੇ ਲਾਭ ਗੁਆ ਦਿੱਤੇ। ਭਾਰਤ ਦੇ ਮੁੱਖ ਜੱਜ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੇ ਬੈਂਚ ਨੇ ਕਿਹਾ, 'ਇਹ ਹੈਰਾਨੀਜਨਕ ਹੈ ਕਿ ਪੜ੍ਹੇ-ਲਿਖੇ ਲੋਕ ਇਸ ਤਰ੍ਹਾਂ ਠੱਗੀ ਦਾ ਸ਼ਿਕਾਰ ਹੋ ਰਹੇ ਹਨ।' ਇਹ ਟਿੱਪਣੀ ਉਦੋਂ ਕੀਤੀ ਗਈ ਜਦੋਂ ਅਟਾਰਨੀ ਜਨਰਲ ਆਰ ਵੈਂਕਟਾਰਮਣੀ ਨੇ ਡਿਜੀਟਲ ਗ੍ਰਿਫ਼ਤਾਰੀ ਦੇ ਪੀੜਤਾਂ ਨਾਲ ਸਬੰਧਤ ਸੂ-ਮੋਟੂ ਕੇਸ ਦਾ ਜ਼ਿਕਰ ਕੀਤਾ। ਅਟਾਰਨੀ ਜਨਰਲ ਨੇ ਕਿਹਾ, 'ਇੱਕ ਅੰਤਰ-ਵਿਭਾਗੀ ਅੰਦਰੂਨੀ ਮੀਟਿੰਗ ਹੋ ਚੁੱਕੀ ਹੈ ਅਤੇ ਅੰਤਿਮ ਮੀਟਿੰਗ ਜਲਦੀ ਹੋਵੇਗੀ। ਅਸੀਂ ਬਹੁਤ ਤੇਜ਼ੀ ਨਾਲ ਕੰਮ ਕਰ ਰਹੇ ਹਾਂ।' ਉਨ੍ਹਾਂ ਨੇ ਬੈਂਚ ਨੂੰ ਇਸ ਕੇਸ ਦੀ ਸੁਣਵਾਈ 12 ਮਈ ਨੂੰ ਕਰਨ ਦੀ ਬੇਨਤੀ ਕੀਤੀ। ਸੀਜੀਆਈ ਨੇ ਇੱਕ ਬਜ਼ੁਰਗ ਔਰਤ ਦੇ ਕੇਸ ਦਾ ਹਵਾਲਾ ਦਿੱਤਾ ਜਿਸ ਨੂੰ ਉਹ ਆਪਣੀ ਅਧਿਕਾਰਤ ਸਮਰੱਥਾ ਵਿੱਚ ਜਾਣਦੇ ਸਨ। ਜਸਟਿਸ ਕਾਂਤ ਨੇ ਕਿਹਾ, 'ਬਦਕਿਸਮਤੀ ਨਾਲ, ਉਸ ਦੇ ਸੇਵਾਮੁਕਤੀ ਦੇ

(ਬਾਕੀ ਸਫਾ 2 'ਤੇ)

### ਵਿਧਾਇਕ ਪਠਾਨਮਾਜਰਾ ਦੀ ਹੁਣ ਮਾਈਨਿੰਗ ਸਬੰਧੀ ਮਾਮਲੇ 'ਚ ਪਈ ਗ੍ਰਿਫ਼ਤਾਰੀ

ਸਨੌਰ, 20 ਅਪ੍ਰੈਲ (ਚ.ਨ.ਸ.): ਇਥੋਂ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵੱਲੋਂ ਅੱਜ ਪਟਿਆਲਾ ਅਦਾਲਤ ਵਿੱਚ ਆਤਮ ਸਮਰਪਣ ਕੀਤਾ ਗਿਆ। ਬੀਤੇ ਸਮੇਂ ਥਾਣਾ ਜੁਲਕਾ, ਹਲਕਾ ਸਨੌਰ ਦੇ ਅਧੀਨ ਦਰਜ ਐਫ.ਆਈ.ਆਰ. ਨੰਬਰ 87, ਜੋ ਕਿ ਮਾਈਨਿੰਗ ਨਾਲ ਸਬੰਧਿਤ ਹੈ, ਉਸ ਮਾਮਲੇ ਵਿੱਚ ਪਠਾਨਮਾਜਰਾ ਵੱਲੋਂ ਆਪਣੀ ਗ੍ਰਿਫਤਾਰੀ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਪੀ. ਇਨਵੈਸਟੀਗੇਸ਼ਨ ਹਰਬੰਸ ਬੈਂਸ ਨੇ ਦੱਸਿਆ ਕਿ ਜ਼ਬਰ-ਜਨਾਹ ਮਾਮਲੇ ਵਿੱਚ ਪਹਿਲਾਂ ਹੀ ਹਰਮੀਤ ਸਿੰਘ ਪਠਾਨ ਮਾਜਰਾ ਨੂੰ ਪਟਿਆਲਾ ਅਦਾਲਤ ਵੱਲੋਂ 14 ਦਿਨਾਂ ਦੀ ਮੁੜ ਨਿਆਇਕ ਹਿਰਾਸਤ ਵਿੱਚ ਭੇਜਿਆ ਗਿਆ ਹੈ। ਉਨ੍ਹਾਂ ਹੋਰ ਦੱਸਿਆ ਕਿ ਥਾਣਾ ਜੁਲਕਾ ਵਿੱਚ ਦਰਜ ਐਫ.ਆਈ.ਆਰ. ਨੰਬਰ 87 ਦੇ ਮਾਮਲੇ ਵਿੱਚ ਵੀ ਹਰਮੀਤ ਸਿੰਘ ਪਠਾਨਮਾਜਰਾ ਵੱਲੋਂ ਆਤਮ ਸਮਰਪਣ ਕੀਤਾ ਗਿਆ ਹੈ।

### ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਅਹਿਮ ਫ਼ੈਸਲੇ

## ਭਾਈ ਰਾਜੋਆਣਾ ਦੀ ਪਟੀਸ਼ਨ ਮਾਮਲੇ 'ਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਆਦੇਸ਼ ਦੇਣ ਦੀ ਅਪੀਲ

ਗੁਰਦਿਆਲ ਸਿੰਘ
================

ਅੰਮ੍ਰਿਤਸਰ, 20 ਅਪ੍ਰੈਲ :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਵਿਖੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿਚ ਪੰਜਾਬ ਦੀ ਨੁਮਾਇੰਦਗੀ ਘਟਾਏ ਜਾਣ ਅਤੇ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਮਨਾਉਣ ਸਬੰਧੀ ਵਿਚਾਰਾਂ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਅਤੇ ਗੁਰਦੁਆਰਾ ਸਾਹਿਬਾਨ ਨਾਲ ਸਬੰਧਤ ਮਾਮਲੇ ਵਿਚਾਰੇ ਗਏ।



ਜਾਰੀ ਪ੍ਰੈੱਸ ਬਿਆਨ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੰਤ੍ਰਿੰਗ ਕਮੇਟੀ ਦੇ ਫ਼ੈਸਲਿਆਂ ਬਾਰੇ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਤਬਦੀਲ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਵੱਲੋਂ 14 ਸਾਲ ਪਹਿਲਾਂ ਪਟੀਸ਼ਨ ਪਾਈ ਗਈ ਸੀ, ਪਰੰਤੂ ਕੇਂਦਰ ਸਰਕਾਰ ਨੇ ਇਸ ਸਬੰਧੀ ਹਮੇਸ਼ਾ ਅੜੀਅਲ ਰਵੱਈਆ ਹੀ ਅਪਨਾਈ ਰੱਖਿਆ। ਸਰਕਾਰ ਦੀ ਅਜਿਹੀ ਪਹੁੰਚ ਜਿਥੇ ਸਿੱਖ ਭਾਵਨਾਵਾਂ ਦਾ ਨਿਰਾਦਰ ਹੈ ਉਥੇ ਹੀ ਘਟਗਿਣਤੀਆਂ ਪ੍ਰਤੀ ਉਸ ਦੀ ਸੋਚ ਨੂੰ ਪ੍ਰਗਟਾਉਂਦੀ ਹੈ। ਉਨ੍ਹਾਂ ਕਿਹਾ ਕਿ ਹੁਣ ਭਾਈ ਬਲਵੰਤ ਸਿੰਘ ਰਾਜੋਆਣਾ

(ਬਾਕੀ ਸਫਾ 2 'ਤੇ)

### ਉੱਤਰਾਖੰਡ 'ਚ ਚਾਰਧਾਮ ਯਾਤਰਾ ਦੇ ਪਹਿਲੇ ਦਿਨ ਦੋ ਸ਼ਰਧਾਲੂਆਂ ਦੀ ਮੌਤ

ਉੱਤਰਕਾਸ਼ੀ, 20 ਅਪ੍ਰੈਲ (ਚ.ਨ.ਸ.): ਉੱਤਰਾਖੰਡ ਵਿੱਚ ਚਾਰਧਾਮ ਯਾਤਰਾ ਦੇ ਪਹਿਲੇ ਦਿਨ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ। ਦੋਵੇਂ ਘਟਨਾਵਾਂ ਉੱਤਰਕਾਸ਼ੀ ਜ਼ਿਲ੍ਹੇ ਦੇ ਯਮੁਨੋਤਰੀ ਧਾਮ ਰਸਤੇ 'ਤੇ ਵਾਪਰੀਆਂ। ਮੱਧ ਪ੍ਰਦੇਸ਼ ਤੋਂ ਆਪਣੇ ਪਤੀ ਨਾਲ ਯਾਤਰਾ ਕਰ ਰਹੀ ਇੱਕ ਔਰਤ ਦੀ ਘੋੜੇ ਤੋਂ ਡਿੱਗਣ ਨਾਲ ਮੌਤ ਹੋ ਗਈ। ਔਰਤ ਦੇ ਕਥਿਤ ਤੌਰ 'ਤੇ ਡਿੱਗਣ ਨਾਲ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ 'ਮ੍ਰਿਤਕ' ਐਲਾਨ ਦਿੱਤਾ। ਇਸ ਦੌਰਾਨ, ਮਹਾਰਾਸ਼ਟਰ ਦਾ ਇੱਕ ਬਜ਼ੁਰਗ ਸ਼ਰਧਾਲੂ ਹਾਈਕਿੰਗ ਦੌਰਾਨ ਅਚਾਨਕ ਬਿਮਾਰ ਹੋ ਗਿਆ। ਉਸ ਨੂੰ ਸਾਹ ਲੈਣ ਵਿੱਚ ਗੰਭੀਰ ਤਕਲੀਫ਼ ਹੋਣ ਲੱਗੀ। ਉਸ ਦੇ ਪਰਿਵਾਰ

(ਬਾਕੀ ਸਫਾ 2 'ਤੇ)

## ਸਖ਼ਤ ਕਾਨੂੰਨ ਬਣਨ ਕਰਕੇ ਹੁਣ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਦਾ ਦੌਰ ਖ਼ਤਮ ਹੋਇਆ: ਚੀਮਾ



ਰੁਪਾਣਾ
================

ਪਟਿਆਲਾ, 20 ਅਪ੍ਰੈਲ :ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿਧਾਨ ਸਭਾ 'ਚ ਸਰਵਸੰਮਤੀ ਨਾਲ ਪਾਸ ਕਰਵਾਏ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2026 ਨੂੰ ਰਾਜਪਾਲ ਵੱਲੋਂ ਮਨਜ਼ੂਰੀ ਮਿਲਣ ਬਾਅਦ ਹੁਣ ਕੋਈ ਵੀ ਵਿਅਕਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਦੀ ਸੋਚ ਵੀ ਨਹੀਂ ਸਕੇਗਾ। ਉਨ੍ਹਾਂ ਕਿਹਾ ਕਿ ਨਵੇਂ ਸਖ਼ਤ ਕਾਨੂੰਨ ਮੁਤਾਬਕ ਬੇਅਦਬੀ ਕਰਨ ਵਾਲੇ ਨੂੰ ਉਮਰ ਕੈਦ ਤੇ 25 ਲੱਖ ਰੁਪਏ ਤੱਕ ਦਾ ਜ਼ੁਰਮਾਨਾ ਕੀਤਾ ਜਾਵੇਗਾ, ਇਸ ਲਈ ਹੁਣ ਬੇਅਦਬੀਆਂ ਦਾ ਦੌਰ ਖ਼ਤਮ ਹੋ ਗਿਆ ਹੈ। ਅੱਜ ਇੱਥੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਇੱਕ ਸਮਾਰੋਹ ਦੌਰਾਨ ਬੋਲਦਿਆਂ ਵਿੱਤ ਮੰਤਰੀ

(ਬਾਕੀ ਸਫਾ 2 'ਤੇ)

### ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਭਾਰੀ ਗਿਰਾਵਟ

ਨਵੀਂ ਦਿੱਲੀ, 20 ਅਪ੍ਰੈਲ (ਚ.ਨ.ਸ.):ਸੋਮਵਾਰ ਨੂੰ ਚਾਂਦੀ ਦੇ ਵਾਅਦਾ ਭਾਅ 5,175 ਰੁਪਏ ਦੀ ਵੱਡੀ ਗਿਰਾਵਟ ਨਾਲ 2,51,967 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਆ ਗਏ। ਮਲਟੀ-ਕਮੋਡਿਟੀ ਐਕਸਚੇਂਜ (ਐਮ.ਸੀ.ਐਕਸ.) 'ਤੇ ਮਈ ਡਿਲੀਵਰੀ ਲਈ ਚਾਂਦੀ ਦੇ ਭਾਅ 5,175 ਰੁਪਏ ਭਾਵ 2.01 ਪ੍ਰਤੀਸ਼ਤ ਡਿੱਗ ਕੇ 2,51,967 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਵਪਾਰ ਕਰ ਰਹੇ ਸਨ। ਇਸ ਸਮੇਂ ਦੌਰਾਨ ਕੁੱਲ 1,505 ਲਾਟਾਂ ਦਾ ਵਪਾਰ ਹੋਇਆ। ਵਿਸ਼ਲੇਸ਼ਕਾਂ ਅਨੁਸਾਰ, ਚਾਂਦੀ ਦੀਆਂ ਕੀਮਤਾਂ ਵਿੱਚ ਗਿਰਾਵਟ ਨਿਵੇਸ਼ਕਾਂ ਦੁਆਰਾ ਮੁਨਾਫਾ ਵਸੂਲੀ ਅਤੇ ਉਨ੍ਹਾਂ ਦੀਆਂ ਸਥਿਤੀਆਂ ਘਟਾਉਣ ਕਾਰਨ ਹੋਈ। ਅੰਤਰਰਾਸ਼ਟਰੀ ਪੱਧਰ 'ਤੇ, ਨਿਊਯਾਰਕ ਵਿੱਚ ਚਾਂਦੀ 1.54 ਪ੍ਰਤੀਸ਼ਤ ਡਿੱਗ ਕੇ 79.64 ਡਾਲਰ ਪ੍ਰਤੀ ਔਂਸ 'ਤੇ ਵਪਾਰ ਕਰ ਰਹੀ ਸੀ। ਕਮਜ਼ੋਰ ਮੰਗ ਕਾਰਨ ਸੋਮਵਾਰ ਨੂੰ ਸੋਨੇ ਦੀ ਕੀਮਤ 1,310 ਰੁਪਏ ਡਿੱਗ ਕੇ 1,53,299

(ਬਾਕੀ ਸਫਾ 2 'ਤੇ)

### ਅਮਰੀਕੀ ਫ਼ੌਜ ਵੱਲੋਂ ਈਰਾਨੀ ਮਾਲਵਾਹਕ ਜਹਾਜ਼ ਜ਼ਬਤ

## ਪਾਕਿ 'ਚ ਦੂਜੇ ਦੌਰ ਦੀ ਹੋਣ ਵਾਲੀ ਗੱਲਬਾਤ 'ਤੇ ਛਾਇਆ ਸੰਕਟ

ਚੜ੍ਹਦੀਕਲਾ ਬਿਊਰੋ
================

ਦੁਬਈ, 20 ਅਪ੍ਰੈਲ : ਈਰਾਨ ਦੇ ਝੰਡੇ ਵਾਲੇ ਮਾਲਵਾਹਕ ਜਹਾਜ਼ ਨੂੰ ਅਮਰੀਕਾ ਦੀ ਸਮੁੰਦਰੀ ਫੌਜ ਵੱਲੋਂ ਜ਼ਬਰਦਸਤੀ ਜ਼ਬਤ ਕੀਤੇ ਜਾਣ ਤੋਂ ਬਾਅਦ ਪਾਕਿਸਤਾਨ 'ਚ ਹੋਣ ਵਾਲੀ ਦੂਜੇ ਦੌਰ ਦੀ ਗੱਲਬਾਤ 'ਤੇ ਸੰਕਟ ਛਾ ਗਿਆ ਹੈ। ਜ਼ਿਕਰਯੋਗ ਹੈ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਕਿਹਾ ਗਿਆ ਸੀ ਕਿ ਅਮਰੀਕੀ ਵਾਰਤਾਕਾਰ ਈਰਾਨ ਨਾਲ ਦੂਜੇ ਦੌਰ ਦੀ ਵਾਰਤਾ ਲਈ ਸੋਮਵਾਰ ਨੂੰ ਪਾਕਿਸਤਾਨ ਰਵਾਨਾ ਹੋਣਗੇ। ਐਤਵਾਰ ਨੂੰ ਟਰੰਪ ਵੱਲੋਂ ਕੀਤੇ ਗਏ ਇਸ ਐਲਾਨ ਤੋਂ ਬਾਅਦ ਜੰਗਬੰਦੀ ਦੀ ਸਮਾਂ ਸੀਮਾ ਵਧਣ ਦੀਆਂ ਉਮੀਦਾਂ ਪੈਦਾ ਹੋ ਗਈਆਂ ਸਨ। ਉਧਰ ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਾਈ ਨੇ ਸੋਮਵਾਰ ਨੂੰ ਕਿਹਾ ਕਿ ਈਰਾਨ ਨੇ ਅਜੇ ਤੱਕ ਅਮਰੀਕਾ ਨਾਲ ਵਾਰਤਾ ਵਿੱਚ ਸ਼ਾਮਲ ਹੋਣ ਦੀ ਕੋਈ ਯੋਜਨਾ ਨਹੀਂ ਬਣਾਈ ਹੈ। ਟਰੰਪ ਨੇ ਇਹ ਵੀ ਕਿਹਾ ਕਿ ਅਮਰੀਕਾ ਨੇ ਐਤਵਾਰ ਨੂੰ ਹੋਰਮੁਜ਼ ਜਲਡਮਰੂ ਮੱਧ ਦੇ ਨੇੜੇ ਸਮੁੰਦਰੀ ਫੌਜ ਦੀ ਨਾਕਾਬੰਦੀ ਪਾਰ ਕਰਨ ਦੀ ਕੋਸ਼ਿਸ਼ ਕਰਨ ਵਾਲੇ ਮਾਲਵਾਹਕ ਜਹਾਜ਼ ਨੂੰ ਜ਼ਬਤ ਕਰ ਲਿਆ ਹੈ। ਪਿਛਲੇ ਹਫ਼ਤੇ ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਸ਼ੁਰੂ ਹੋਣ ਤੋਂ ਬਾਅਦ ਅਮਰੀਕੀ ਫੌਜ ਨੇ ਪਹਿਲੀ ਵਾਰ



(ਬਾਕੀ ਸਫਾ 2 'ਤੇ)

## ਮਾਨ ਵੱਲੋਂ ਮੋਹਾਲੀ ਵਿਖੇ ਵਿਕਾਸ ਕੇਂਦਰ ਸਥਾਪਤ ਕਰਨ ਦੀ ਸੰਭਾਵਨਾ ਤਲਾਸ਼ਣ ਲਈ ਆਲਮੀ ਸੈਮੀਕੰਡਕਟਰ ਦਿੱਗਜ਼ ਐਨ.ਐਕਸ.ਪੀ. ਨੂੰ ਸੱਦਾ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 20 ਅਪ੍ਰੈਲ : ਪੰਜਾਬ ਨੂੰ ਗਲੋਬਲ ਸੈਮੀਕੰਡਕਟਰ ਅਤੇ ਐਡਵਾਂਸਡ ਇਲੈਕਟ੍ਰਾਨਿਕਸ ਈਕੋਸਿਸਟਮ ਖੇਤਰ ਵਿੱਚ ਮੋਹਰੀ ਕਤਾਰ 'ਚ ਖੜ੍ਹਾ ਕਰਨ ਲਈ ਮਹੱਤਵਪੂਰਨ ਯਤਨ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਟੋਮੋਟਿਵ ਅਤੇ ਸਕਿਓਰ ਕੁਨੈਕਟੀਵਿਟੀ ਸੈਮੀਕੰਡਕਟਰ ਸਲਿਊਸ਼ਨਜ਼ ਦੇ ਖੇਤਰ ਵਿੱਚ ਗਲੋਬਲ ਲੀਡਰ ਅਤੇ ਬਹੁਕੌਮੀ ਤਕਨਾਲੋਜੀ ਮੋਹਰੀ ਕੰਪਨੀ ਐਨ.ਐਕਸ.ਪੀ. ਸੈਮੀਕੰਡਕਟਰਜ਼ ਨੂੰ ਮੋਹਾਲੀ ਵਿੱਚ ਇੱਕ ਖੋਜ ਅਤੇ ਵਿਕਾਸ (ਆਰ ਐਂਡ ਡੀ) ਕੇਂਦਰ ਸਥਾਪਤ ਕਰਨ ਦੀ ਸੰਭਾਵਨਾ ਦੀ ਪੜਚੋਲ ਕਰਨ ਦਾ ਸੱਦਾ ਦਿੱਤਾ ਹੈ।

ਇਹ ਕਦਮ ਇਲੈਕਟ੍ਰਾਨਿਕਸ ਸਿਸਟਮ ਡਿਜ਼ਾਇਨ, ਆਈਟੀ ਅਤੇ ਅਤਿ ਆਧੁਨਿਕ ਮੋਬਿਲਟੀ ਸਲਿਊਸ਼ਨਜ਼ ਵਿੱਚ ਮੋਹਾਲੀ ਦੀ ਮੁੱਖ ਕੇਂਦਰ ਵਜੋਂ ਉੱਭਰ ਰਹੀ ਸਥਿਤੀ ਦਾ ਲਾਭ ਉਠਾ ਕੇ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ, ਆਪਣੇ ਇਨੋਵੇਸ਼ਨ ਈਕੋਸਿਸਟਮ ਨੂੰ ਮਜ਼ਬੂਤ ਕਰਨ ਅਤੇ ਸੂਬੇ ਨੂੰ ਗਲੋਬਲ ਸੈਮੀਕੰਡਕਟਰ ਵੈਲਯੂ ਚੇਨ ਵਿੱਚ ਸ਼ਾਮਲ ਕਰਨ ਲਈ ਪੰਜਾਬ ਸਰਕਾਰ ਦੀ ਕੇਂਦਰਿਤ ਰਣਨੀਤੀ ਦਾ ਹਿੱਸਾ ਹੈ।

ਐਨ.ਐਕਸ.ਪੀ. ਸੈਮੀਕੰਡਕਟਰਜ਼ ਨੀਦਰਲੈਂਡ ਦੇ ਕਾਰਜਕਾਰੀ ਡਾਇਰੈਕਟਰ ਅਤੇ ਕੰਟਰੀ ਮੈਨੇਜਰ ਮੌਰਿਸ ਗੇਰੇਟਸ ਅਤੇ ਐਨ.ਐਕਸ.ਪੀ. ਸੈਮੀਕੰਡਕਟਰਜ਼ ਦੇ ਪਬਲਿਕ ਪਾਲਿਸੀ ਹੈੱਡ ਡਾ. ਅੰਕਿਤ ਪਾਲ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਐਡਵਾਂਸਡ ਇਲੈਕਟ੍ਰਾਨਿਕਸ, ਸੈਮੀਕੰਡਕਟਰ ਡਿਜ਼ਾਇਨ ਅਤੇ ਨਵੀਨ ਖੋਜ-ਅਧਾਰਤ ਈਕੋਸਿਸਟਮ ਵਿੱਚ ਸਹਿਯੋਗ ਦੇ ਮੌਕੇ ਲੱਭਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸੂਬੇ ਦੇ ਮਜ਼ਬੂਤ ਪ੍ਰਤਿਭਾ ਪੂਲ ਅਤੇ ਉੱਭਰ ਰਹੇ ਇਲੈਕਟ੍ਰਾਨਿਕਸ ਈਕੋਸਿਸਟਮ ਦਾ ਲਾਭ ਉਠਾਉਣ ਲਈ ਮੋਹਾਲੀ ਇੱਕ ਰਣਨੀਤਿਕ ਸਥਾਨ ਰੱਖਦਾ ਹੈ।

**ਐਨ.ਐਕਸ.ਪੀ. ਲੀਡਰਸ਼ਿਪ ਕਰੇਗੀ ਪੰਜਾਬ ਦਾ ਦੌਰਾ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਨ.ਐਕਸ.ਪੀ. ਨੂੰ ਕਾਲਕਟ ਭਵਨ, ਮੋਹਾਲੀ ਵਿਖੇ 'ਸਿਲੀਕਾਨ ਵੈਲੀ' ਵਰਗਾ ਈਕੋਸਿਸਟਮ ਵਿਕਸਤ ਕਰਨ ਦੀਆਂ ਸੂਬਾ ਸਰਕਾਰ ਦੀਆਂ ਯੋਜਨਾਵਾਂ ਤੋਂ ਵੀ ਜਾਣੂ ਕਰਵਾਇਆ, ਜੋ ਰਣਨੀਤਕ ਤੌਰ 'ਤੇ ਅੰਤਰਰਾਸ਼ਟਰੀ ਹਵਾਈ ਅੱਡੇ ਅਤੇ ਆਈਟੀ ਸਿਟੀ ਨੇੜੇ ਸਥਿਤ ਹੈ।

ਮੁੱਖ ਮੰਤਰੀ ਨੇ ਸਟਾਰਟਅੱਪ ਪੰਜਾਬ ਨਾਲ ਸਾਂਝੇਦਾਰੀ ਤਹਿਤ ਸਿਸਟਮ ਡਿਜ਼ਾਇਨ ਸਲਿਊਸ਼ਨਜ਼ ਅਤੇ ਐਨ.ਐਕਸ.ਪੀ. ਸਟਾਰਟਅੱਪ ਚੈਲੇਂਜ ਪ੍ਰੋਗਰਾਮ 'ਤੇ ਸੰਭਾਵੀ ਸਹਿਯੋਗ ਬਾਰੇ ਚਰਚਾ ਕੀਤੀ, ਜਿਸਦਾ ਉਦੇਸ਼ ਨਵੀਨਤਾ ਤੇ ਖੋਜ ਨੂੰ ਉਤਸ਼ਾਹਿਤ ਕਰਨਾ, ਸਟਾਰਟਅੱਪਸ ਨੂੰ ਸਮਰਥਨ ਦੇਣਾ ਅਤੇ ਅਤਿ-ਆਧੁਨਿਕ ਤਕਨਾਲੋਜੀ ਹੱਲਾਂ ਦਾ ਸਹਿ-ਵਿਕਾਸ ਕਰਨਾ ਹੈ। ਉਨ੍ਹਾਂ ਨੇ ਨਿਅਰ ਫੀਲਡ ਕਮਿਊਨੀਕੇਸ਼ਨ (ਐਨਐਫਸੀ), ਐਡਵਾਂਸਡ ਡਰਾਈਵਰ ਅਸਿਸਟੈਂਸ ਸਿਸਟਮ (ਏਡੀਏਐਸ) ਅਤੇ ਸਕਿਓਰ ਕੁਨੈਕਟੀਵਿਟੀ ਤਕਨਾਲੋਜੀਆਂ, ਜੋ ਆਲਮੀ ਉਦਯੋਗ ਰੁਝਾਨਾਂ ਨਾਲ ਇਕਸਾਰ ਹਨ, ਵਰਗੇ ਖੇਤਰਾਂ ਵਿੱਚ ਹੱਲ ਵਿਕਸਤ ਕਰਨ ਲਈ ਪੰਜਾਬ ਦੇ

(ਬਾਕੀ ਸਫਾ 2 'ਤੇ)

## ਬੱਸ ਦੇ ਖੱਡ 'ਚ ਡਿੱਗਣ ਕਾਰਨ 21 ਮੌਤਾਂ, 29 ਜ਼ਖ਼ਮੀ

**ਮੋਦੀ ਵੱਲੋਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ 2-2 ਲੱਖ ਅਤੇ ਜ਼ਖ਼ਮੀਆਂ ਨੂੰ 50-50 ਹਜ਼ਾਰ ਦੇਣ ਦਾ ਐਲਾਨ**



ਚੜ੍ਹਦੀਕਲਾ ਬਿਊਰੋ
================

ਜੰਮੂ,20 ਅਪ੍ਰੈਲ :ਜੰਮੂ-ਕਸ਼ਮੀਰ ਦੇ ਊਧਮਪੁਰ ਜ਼ਿਲ੍ਹੇ ਵਿੱਚ ਸੋਮਵਾਰ ਨੂੰ ਇੱਕ ਬੱਸ ਦੇ ਪਹਾੜੀ ਤੋਂ ਹੇਠਾਂ ਡਿੱਗਣ ਕਾਰਨ ਘੱਟੋ-ਘੱਟ 21 ਲੋਕਾਂ ਦੀ ਮੌਤ ਹੋ ਗਈ ਅਤੇ 20 ਹੋਰ ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ 10 ਵਜੇ ਦੇ ਕਰੀਬ ਰਾਮਨਗਰ ਇਲਾਕੇ ਦੇ ਪਿੰਡ ਕਗੋਟ ਨੇੜੇ ਇੱਕ ਅੰਨ੍ਹੇ ਮੋੜ 'ਤੇ ਵਾਪਰਿਆ। ਸਥਾਨਕ ਲੋਕਾਂ ਨੇ ਸਭ ਤੋਂ ਪਹਿਲਾਂ ਮੌਕੇ 'ਤੇ ਪਹੁੰਚ ਕੇ ਬਚਾਅ ਕਾਰਜ ਸ਼ੁਰੂ ਕੀਤੇ ਅਤੇ ਮਲਬੇ ਵਿੱਚੋਂ ਜ਼ਖ਼ਮੀਆਂ ਨੂੰ ਬਾਹਰ ਕੱਢਿਆ। ਪੁਲਿਸ ਅਤੇ ਹੋਰ ਐਮਰਜੈਂਸੀ ਸੇਵਾਵਾਂ ਜਲਦੀ ਹੀ ਪੀੜਤਾਂ ਨੂੰ ਕੱਢਣ ਅਤੇ ਸਾਈਟ ਨੂੰ ਸਾਫ਼ ਕਰਨ ਲਈ ਅਪਰੇਸ਼ਨ ਵਿੱਚ ਸ਼ਾਮਲ ਹੋ ਗਈਆਂ। ਅਧਿਕਾਰੀਆਂ ਨੇ ਦੱਸਿਆ ਕਿ ਵਾਹਨ ਦੇ ਮਲਬੇ

(ਬਾਕੀ ਸਫਾ 2 'ਤੇ)

# ਪਹਿਲਗਾਮ ਹਮਲੇ ਦੀ 22 ਨੂੰ ਬਰਸੀ ਤੋਂ ਪਹਿਲਾਂ ਧਾਰਮਿਕ ਅਸਥਾਨਾਂ ਅਤੇ ਸੈਰ-ਸਪਾਟਾ ਸਥਾਨਾਂ 'ਤੇ ਵਧਾਈ ਸੁਰੱਖਿਆ



ਜੰਮੂ , 20 ਅਪ੍ਰੈਲ (ਚ.ਨ.ਸ.) : ਪਹਿਲਗਾਮ ਵਿੱਚ ਹੋਏ ਉਸ ਅੱਤਵਾਦੀ ਹਮਲੇ ਦੀ ਪਹਿਲੀ ਬਰਸੀ ਤੋਂ ਪਹਿਲਾਂ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ, ਜਿਸ ਵਿੱਚ ਹਥਿਆਰਬੰਦ ਦਹਿਸ਼ਤਗਰਦਾਂ ਨੇ 26 ਲੋਕਾਂ ਦੀ ਜਾਨ ਲੈ ਲਈ ਸੀ। ਇਸ ਦੇ ਮੱਦੇਨਜ਼ਰ ਧਾਰਮਿਕ ਅਸਥਾਨਾਂ ਅਤੇ ਸਾਰੇ ਮਹੱਤਵਪੂਰਨ ਸੈਰ-ਸਪਾਟਾ ਸਥਾਨਾਂ 'ਤੇ ਸੁਰੱਖਿਆ ਵਧਾ ਦਿੱਤਾ ਗਿਆ ਹੈ।22 ਅਪ੍ਰੈਲ 2025 ਨੂੰ ਪਹਿਲਗਾਮ ਦੀ ਖੂਬਸੂਰਤ ਬੈਸਰਨ ਵੈਲੀ ਵਿੱਚ ਇਸ ਦਹਿਸ਼ਤਗਰਦੀ ਹਮਲੇ ਦੌਰਾਨ 25 ਸੈਲਾਨੀ ਅਤੇ ਇੱਕ ਸਥਾਨਕ ਘੋੜਾ ਚਾਲਕ ਮਾਰਿਆ ਗਿਆ ਸੀ।ਪਾਕਿਸਤਾਨ ਨਾਲ ਲੱਗਦੀ ਕੌਮਾਂਤਰੀ ਸਰਹੱਦ ਦੇ ਕਠੂਆ ਅਤੇ ਸਾਂਬਾ ਜ਼ਿਲ੍ਹਿਆਂ ਵਿੱਚ ਪਿਛਲੇ ਹਫ਼ਤੇ ਸ਼ੱਕੀ ਅਤਿਵਾਦੀ ਗਤੀਵਿਧੀਆਂ ਦੀਆਂ ਰਿਪੋਰਟਾਂ ਮਿਲੀਆਂ ਹਨ, ਜਿਸ ਤੋਂ ਬਾਅਦ ਸਾਰੀਆਂ ਸੁਰੱਖਿਆ ਏਜੰਸੀਆਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ। ਅਧਿਕਾਰੀਆਂ ਅਨੁਸਾਰ, ਇੱਕ ਮਜ਼ਬੂਤ ਸੁਰੱਖਿਆ ਯੋਜਨਾ ਬਣਾਉਣ ਲਈ ਮੀਟਿੰਗਾਂ ਕੀਤੀਆਂ ਗਈਆਂ ਹਨ ਅਤੇ ਸੀਨੀਅਰ ਅਧਿਕਾਰੀਆਂ ਨੇ ਹਾਲ ਹੀ ਵਿੱਚ ਇਨ੍ਹਾਂ ਸਾਰੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਹੈ।

ਤ੍ਰਿਕੁਟਾ ਪਹਾੜੀਆਂ ਵਿੱਚ ਸਥਿਤ ਮਾਤਾ ਵੈਸ਼ਨੋ ਦੇਵੀ ਦੇ ਮੰਦਰ ਸਮੇਤ ਹੋਰ ਧਾਰਮਿਕ ਅਸਥਾਨਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਪ੍ਰਮੁੱਖ ਸੈਰ-ਸਪਾਟਾ ਕੇਂਦਰਾਂ ਦੀ ਸੁਰੱਖਿਆ ਹੁਣ ਹੋਰ ਸਖ਼ਤ ਕਰ ਦਿੱਤੀ ਗਈ ਹੈ।

ਸੁਰੱਖਿਆ ਏਜੰਸੀਆਂ ਵੱਲੋਂ ਮਾਤਾ ਵੈਸ਼ਨੋ ਦੇਵੀ ਮੰਦਰ ਦੇ ਨੇੜਲੇ ਪਹਾੜੀ ਇਲਾਕਿਆਂ ਵਿੱਚ ਨਿਗਰਾਨੀ ਵਧਾਈ ਜਾ ਰਹੀ ਹੈ। ਇਸ ਦੇ ਤਹਿਤ ਊਧਮਪੁਰ-ਰਿਆਸੀ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ (ਡੀ ਆਈ ਜੀ) ਸ਼ਿਵ ਕੁਮਾਰ ਸ਼ਰਮਾ ਨੇ ਸ਼ਨਿੱਚਰਵਾਰ ਨੂੰ ਵੈਸ਼ਨੋ ਦੇਵੀ ਮਾਰਗ, ਕਟੜਾ ਕਸਬੇ ਅਤੇ ਆਲੇ-ਦੁਆਲੇ ਦੇ ਪਿੰਡਾਂ ਗੋਬੀਆਂ, ਸੁੱਲਾ, ਰਮਿੰਡੀ ਅਤੇ ਦੇਵੀ ਪਿੰਡੀਆਂ ਵਿੱਚ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ।ਪਹਿਲਗਾਮ ਵਿੱਚ ਸੈਲਾਨੀਆਂ ਦੀ ਵਧਦੀ ਗਿਣਤੀ ਨੂੰ ਦੇਖਦਿਆਂ ਸੁਰੱਖਿਆ ਏਜੰਸੀਆਂ ਨੇ ਪੁਖਤਾ ਸੁਰੱਖਿਆ ਪ੍ਰਬੰਧ ਕੀਤੇ ਹਨ। ਇਲਾਕੇ ਦੇ ਸੈਰ-ਸਪਾਟਾ ਖੇਤਰ ਨਾਲ ਜੁੜੇ ਸਾਰੇ ਸੇਵਾ ਪ੍ਰਦਾਤਾਵਾਂ) ਇੱਕ ਕਿਊ.ਆਰ.ਕੋਡ-ਅਧਾਰਤ ਪਛਾਣ ਪ੍ਰਣਾਲੀ ਸ਼ੁਰੂ ਕੀਤੀ ਗਈ ਹੈ। ਇਹ ਸਿਸਟਮ ਘੋੜਾ ਸਵਾਰੀ ਅਤੇ ਰੇਹੜੀ-ਫੜ੍ਹੀ ਵਾਲਿਆਂ, ਵਪਾਰਕ ਅਦਾਰਿਆਂ ਅਤੇ ਬਾਹਰੀ ਵਿਕਰੇਤਾਵਾਂ ਸਮੇਤ ਸਾਰੇ ਰਜਿਸਟਰਡ ਲੋਕਾਂ ਦੀ ਤੇਜ਼ੀ ਨਾਲ ਜਾਂਚ ਕਰਨ ਵਿੱਚ ਮਦਦ ਕਰਦਾ ਹੈ।ਇੱਕ ਤਾਜ਼ਾ ਮੀਟਿੰਗ ਦੌਰਾਨ, ਕਸ਼ਮੀਰ ਦੇ ਆਈ ਜੀ ਪੀ ਵੀ ਕੇ ਬਿਰਦੀ ਨੇ ਨਿਰਦੇਸ਼ ਦਿੱਤੇ ਕਿ ਸੰਵੇਦਨਸ਼ੀਲ ਸਥਾਨਾਂ ਅਤੇ ਪ੍ਰਮੁੱਖ ਸੈਰ-ਸਪਾਟਾ ਸਥਾਨਾਂ ਦੇ ਆਲੇ-ਦੁਆਲੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਜੋ ਸੈਲਾਨੀਆਂ ਲਈ ਸੁਰੱਖਿਅਤ ਮਾਹੌਲ ਯਕੀਨੀ ਬਣਾਇਆ ਜਾ ਸਕੇ।

# ਲਿਬਨਾਨ 'ਚ ਇਜ਼ਰਾਈਲੀ ਫ਼ੌਜੀ ਵੱਲੋਂ ਹਜ਼ਰਤ ਈਸਾ ਮਸੀਹ ਦੀ ਮੂਰਤੀ ਦੀ ਬੇਅਦਬੀ !

ਬੇਰੂਤ/ਯੇਰੂਸ਼ਲਮ, 20 ਅਪ੍ਰੈਲ (ਚ.ਨ.ਸ.) : ਦੱਖਣੀ ਲਿਬਨਾਨ ਦੇ ਇਕ ਈਸਾਈ ਬਹੁਗਿਣਤੀ ਵਾਲੇ ਪਿੰਡ ਡੇਬਲ ਵਿਚ ਇਕ ਇਜ਼ਰਾਈਲੀ ਫ਼ੌਜੀ (ਆਈ.ਡੀ.ਐਫ਼.) ਵੱਲੋਂ ਹਜ਼ਰਤ ਈਸਾ ਮਸੀਹ ਦੀ ਮੂਰਤੀ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸੋਸ਼ਲ ਮੀਡੀਆ ਉੱਤੇ ਵਾਇਰਲ ਹੋਈ ਇਕ ਤਸਵੀਰ ਵਿੱਚ ਇਕ ਇਜ਼ਰਾਈਲੀ ਸਿਪਾਹੀ ਨੂੰ ਹਥੌੜੇ ਨਾਲ ਸਲੀਬ ਤੋਂ ਡਿੱਗੀ ਹੋਈ ਮੂਰਤੀ ਉੱਤੇ ਵਾਰ ਕਰਦੇ ਹੋਏ ਵੇਖਿਆ ਗਿਆ ਹੈ। ਇਸ ਘਟਨਾ ਨੇ ਜਿੱਥੇ ਲਿਬਨਾਨ ਦੇ ਈਸਾਈ ਭਾਈਚਾਰੇ ਵਿਚ ਭਾਰੀ ਗੁੱਸਾ ਪੈਦਾ ਕਰ ਦਿਤਾ ਹੈ, ਉੱਥੇ ਹੀ ਕੌਮਾਂਤਰੀ ਪੱਧਰ ਉੱਤੇ ਇਜ਼ਰਾਈਲ ਦੀ ਆਲੋਚਨਾ ਹੋ ਰਹੀ ਹੈ। ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਇਸ ਘਟਨਾ ਦੀ ਨਿੰਦਾ ਕੀਤੀ ਹੈ। ਉਨ੍ਹਾਂ ਸੋਸ਼ਲ ਮੀਡੀਆ ਉੱਤੇ ਲਿਖਿਆ,"ਇਜ਼ਰਾਈਲ ਮੱਧ ਪੂਰਬ ਵਿਚ ਅਜਿਹੀ ਇਕਲੌਤੀ ਥਾਂ ਹੈ, ਜਿੱਥੇ ਸਾਰਿਆਂ ਲਈ ਪੂਜਾ ਦੀ ਆਜ਼ਾਦੀ ਹੈ। ਅਸੀਂ ਇਸ ਘਟਨਾ ਅਤੇ ਇਸ ਨਾਲ ਦੁਨੀਆਂ ਭਰ ਦੇ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਪਹੁੰਚੀ ਠੇਸ ਲਈ ਅਫਸੋਸ ਪ੍ਰਗਟ ਕਰਦੇ ਹਾਂ।" ਇਜ਼ਰਾਈਲ ਦੇ ਵਿਦੇਸ਼ ਮੰਤਰੀ ਗਿਡੀਓਨ ਸਾਰ ਨੇ ਵੀ ਇਸ ਨੂੰ "ਸ਼ਰਮਨਾਕ" ਦੱਸਦਿਆਂ ਕਿਹਾ ਕਿ ਦੋਸ਼ੀ ਫ਼ੌਜੀ ਵਿਰੁਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਜ਼ਰਾਈਲੀ ਰੱਖਿਆ ਬਲਾਂ (ਆਈ.ਡੀ.ਐਫ਼.) ਨੇ ਵੀ ਤਸਵੀਰ ਦੀ ਪੁਸ਼ਟੀ ਕੀਤੀ ਹੈ ਅਤੇ ਮੰਨਿਆ ਹੈ ਕਿ ਇਹ ਫ਼ੌਜੀ ਦਾ ਵਿਵਹਾਰ ਫ਼ੌਜ ਦੇ ਨੈਤਿਕ ਮੁੱਲਾਂ ਦੇ ਵਿਰੁੱਧ ਹੈ। ਇਸ ਘਟਨਾ ਨੇ ਇਜ਼ਰਾਈਲ ਦੇ ਸੱਭ ਤੋਂ ਕਰੀਬੀ ਸਹਿਯੋਗੀ ਅਮਰੀਕਾ ਨੂੰ ਵੀ ਹੈਰਾਨ ਕਰ ਦਿਤਾ ਹੈ। ਇਜ਼ਰਾਈਲ ਵਿਚ ਅਮਰੀਕੀ ਰਾਜਦੂਤ ਮਾਈਕ ਹਕਾਬੀ ਨੇ ਇਸ ਕਾਰੇ ਨੂੰ ਨਾ-ਮਾਫ਼ੀਯੋਗ ਦੱਸਿਆ । ਉਨ੍ਹਾਂ ਕਿਹਾ,"ਇਹ ਕਾਰਵਾਈ ਇਜ਼ਰਾਈਲ ਸਰਕਾਰ ਜਾਂ ਆਈ.ਡੀ.ਐਫ਼. ਦੀ ਨੁਮਾਇੰਦਗੀ ਨਹੀਂ ਕਰਦੀ। ਇਸ ਦੇ ਗੰਭੀਰ ਅਤੇ ਜਨਤਕ ਸਿੱਟੇ ਨਿਕਲਣੇ ਚਾਹੀਦੇ ਹਨ।" ਇਹ ਘਟਨਾ ਅਜਿਹੇ ਸਮੇਂ ਵਾਪਰੀ ਹੈ ਜਦੋਂ ਇਜ਼ਰਾਈਲ ਅਤੇ ਲਿਬਨਾਨ ਵਿਚਕਾਰ 16 ਅਪ੍ਰੈਲ ਤੋਂ 10 ਦਿਨਾਂ ਦੀ ਜੰਗਬੰਦੀ ਲਾਗੂ ਹੈ। ਹਾਲਾਂਕਿ, ਇਜ਼ਰਾਈਲ ਨੇ ਅਜੇ ਵੀ ਅਪਣੇ ਫ਼ੌਜੀ ਦਖਣੀ ਲਿਬਨਾਨ ਵਿਚ ਤਾਇਨਾਤ ਰੱਖੇ ਹੋਏ ਹਨ ਅਤੇ ਨਾਗਰਿਕਾਂ ਨੂੰ ਕੁੱਝ ਖ਼ਾਸ ਇਲਾਕਿਆਂ ਵਿਚ ਨਾ ਜਾਣ ਦੀ ਚੇਤਾਵਨੀ ਦਿੱਤੀ ਹੈ। ਇਸ ਬੇਅਦਬੀ ਦੀ ਘਟਨਾ ਨੇ ਜੰਗਬੰਦੀ ਦੀਆਂ ਕੋਸ਼ਿਸ਼ਾਂ ਅਤੇ ਇਲਾਕੇ ਦੇ ਧਾਰਮਕ ਸਦਭਾਵਨਾ ਨੂੰ ਵੱਡੀ ਸੱਟ ਮਾਰੀ ਹੈ।



# ਅਮਰੀਕਾ-ਈਰਾਨ ਗੱਲਬਾਤ 'ਚ ਪਾਕਿਸਤਾਨ ਦੀ ਭੂਮਿਕਾ ਮੋਦੀ ਸਰਕਾਰ ਦੀ ਵਿਦੇਸ਼ ਨੀਤੀ ਲਈ ਵੱਡਾ ਝਟਕਾ: ਕਾਂਗਰਸ



ਨਵੀਂ ਦਿੱਲੀ, 20 ਅਪ੍ਰੈਲ (ਚ.ਨ.ਸ.): ਕਾਂਗਰਸ ਨੇ ਸੋਮਵਾਰ ਨੂੰ ਅਮਰੀਕਾ-ਈਰਾਨ ਸ਼ਾਂਤੀ ਵਾਰਤਾ ਵਿੱਚ ਪਾਕਿਸਤਾਨ ਦੀ ਭੂਮਿਕਾ ਨੂੰ ਲੈ ਕੇ ਮੋਦੀ ਸਰਕਾਰ 'ਤੇ ਤਨਜ਼ ਕੱਸਿਆ ਹੈ। ਕਾਂਗਰਸ ਨੇ ਕਿਹਾ ਕਿ ਪਾਕਿਸਤਾਨੀ ਫੌਜ ਦੇ ਮੁਖੀ ਆਸਿਮ ਮੁਨੀਰ ਦਾ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦਾ ਬਹੁਤ ਚਹੇਤਾ ਬਣਨਾ ਭਾਰਤ ਲਈ ਇੱਕ ਵੱਡਾ ਝਟਕਾ ਹੈ ਅਤੇ ਹੁਣ ਭਾਰਤ ਨੂੰ ਆਪਣੀ ਕੂਟਨੀਤਕ ਰਣਨੀਤੀ ਵਿੱਚ ਪੂਰੀ ਤਰ੍ਹਾਂ ਬਦਲਾਅ ਕਰਨ ਦੀ ਲੋੜ ਹੈ।

ਕਾਂਗਰਸ ਪਾਰਟੀ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਮੋਦੀ ਭਾਰਤ ਦੀ ਕੂਟਨੀਤਕ ਰਣਨੀਤੀ ਵਿੱਚ ਉਹ ਬਦਲਾਅ ਕਰਨ ਦੇ ਬਿਲਕੁੱਲ ਅਸਮਰੱਥ ਹਨ, ਜਿਸ ਦੀ ਅੱਜ ਲੋੜ ਹੈ।ਐਕਸ 'ਤੇ ਇੱਕ ਪੋਸਟ ਵਿੱਚ, ਕਾਂਗਰਸ ਦੇ ਜਨਰਲ ਸਕੱਤਰ (ਸੰਚਾਰ) ਜੈਰਾਮ ਰਮੇਸ਼ ਨੇ ਕਿਹਾ, 'ਜਿਸ ਦੇਸ਼ ਨੂੰ ਸਾਡੇ ਵਿਦਵਾਨ ਅਤੇ ਹਮੇਸ਼ਾ ਚੰਗੇ ਪਹਿਰਾਵੇ ਵਿੱਚ ਰਹਿਣ ਵਾਲੇ ਵਿਦੇਸ਼ ਮੰਤਰੀ ਨੇ 'ਦਲਾਲ' ਦੇਸ਼ ਕਿਹਾ ਸੀ, ਕਥਿਤ ਤੌਰ ਉੱਤੇ ਉਹ ਅੱਜ ਅਮਰੀਕਾ-ਈਰਾਨ ਸ਼ਾਂਤੀ ਵਾਰਤਾ ਦੇ ਦੂਜੇ ਦੌਰ ਦੀ ਮੇਜ਼ਬਾਨੀ ਕਰ ਰਿਹਾ ਹੈ।'ਰਮੇਸ਼ ਨੇ ਕਿਹਾ ਕਿ ਪਾਕਿਸਤਾਨ ਦੀ ਆਰਥਿਕਤਾ ਸਪੱਸ਼ਟ ਤੌਰ 'ਤੇ ਬਹੁਤ ਮਾੜੀ ਹਾਲਤ ਵਿੱਚ ਹੈ ਅਤੇ ਉਹ ਆਪਣੇ ਮਿੱਤਰ ਦੇਸ਼ਾਂ ਵੱਲੋਂ ਦਿੱਤੀ ਜਾਣ ਵਾਲੀ ਮੱਦਦ 'ਤੇ ਨਿਰਭਰ ਹੈ।

ਕਾਂਗਰਸ ਆਗੂ ਨੇ ਕਿਹਾ, 'ਪਰ ਓਸਾਮਾ ਬਿਨ ਲਾਦੇਨ ਅਤੇ ਹੋਰ ਦਹਿਸ਼ਤਗਰਦਾਂ ਨੂੰ ਪਨਾਹ ਦੇਣ, ਅਫਗਾਨਿਸਤਾਨ ਵਿੱਚ ਨਸ਼ਾ ਛੁਡਾਊ ਕੇਂਦਰਾਂ 'ਤੇ ਬੰਬਾਰੀ ਕਰਨ ਅਤੇ ਸਭ ਤੋਂ ਹਾਲ ਹੀ ਵਿੱਚ ਇੱਕ ਸਾਲ ਪਹਿਲਾਂ ਪਹਿਲਗਾਮ ਅੱਤਵਾਦੀ ਹਮਲੇ ਦੀ ਸਾਜ਼ਿਸ਼ ਰਚਣ ਤੋਂ ਬਾਅਦ, ਉਹ (ਪਾਕਿਸਤਾਨ) ਹੁਣ ਇੱਕ ਅਹਿਮ ਕੂਟਨੀਤਕ ਭੂਮਿਕਾ ਨਿਭਾ ਰਿਹਾ ਹੈ।' ਰਮੇਸ਼ ਨੇ ਕਿਹਾ ਕਿ ਇਹ ਬਿਲਕੁਲ ਸਾਫ਼ ਹੈ ਕਿ ਪ੍ਰਧਾਨ ਮੰਤਰੀ ਮੋਦੀ ਦੀ ਖੇਤਰੀ ਤੇ ਆਲਮੀ ਪੱਧਰੀ ਕੂਟਨੀਤੀ ਅਤੇ ਆਪਣੀ ਗੱਲ ਰੱਖਣ ਦੇ ਤਰੀਕੇ ਨਾਲ ਪਾਕਿਸਤਾਨ ਨੂੰ ਅਲੱਗ-ਥਲੱਗ ਕਰਨ ਵਿੱਚ ਕੋਈ ਸਫਲਤਾ ਨਹੀਂ ਮਿਲੀ ਹੈ। ਇਸ ਦੇ ਉਲਟ, ਪਾਕਿਸਤਾਨ ਨੂੰ ਇੱਕ ਬਿਲਕੁੱਲ ਨਵੀਂ ਪਛਾਣ ਮਿਲੀ ਹੈ ਜੋ ਨਵੰਬਰ 2008 ਵਿੱਚ ਮੁੰਬਈ ਵਿੱਚ ਹੋਏ ਅੱਤਵਾਦੀ ਹਮਲਿਆਂ ਤੋਂ ਬਾਅਦ ਡਾ. ਮਨਮੋਹਨ ਸਿੰਘ ਵੱਲੋਂ ਬਣਾਈ ਗਈ ਸਥਿਤੀ ਤੋਂ ਬਿਲਕੁਲ ਵੱਖਰੀ ਹੈ।

ਕਾਂਗਰਸ ਆਗੂ ਨੇ ਅੱਗੇ ਕਿਹਾ, 'ਫੀਲਡ ਮਾਰਸ਼ਲ ਆਸਿਮ ਮੁਨੀਰ, ਜਿਨ੍ਹਾਂ ਦੀਆਂ ਭੜਕਾਊ ਗੱਲਾਂ ਨੇ ਪਹਿਲਗਾਮ ਅਤਿਵਾਦੀ ਹਮਲੇ ਲਈ ਹਵਾ ਦਿੱਤੀ ਸੀ, ਦਾ ਰਾਸ਼ਟਰਪਤੀ ਟਰੰਪ ਦੇ ਇੰਨੇ ਚਹੇਤੇ ਬਣ ਜਾਣਾ ਭਾਰਤ ਲਈ ਖਾਸ ਤੌਰ 'ਤੇ ਇੱਕ ਗੰਭੀਰ ਝਟਕਾ ਹੈ।'

ਰਮੇਸ਼ ਨੇ ਕਿਹਾ, 'ਇਹ ਸਪਸ਼ਟ ਹੈ ਕਿ ਫੀਲਡ ਮਾਰਸ਼ਲ ਅਤੇ ਉਨ੍ਹਾਂ ਦੇ ਸਾਥੀ ਟਰੰਪ ਦੇ ਪਰਿਵਾਰ ਅਤੇ ਸਹਿਯੋਗੀਆਂ ਨਾਲ ਭਾਰਤ ਦੇ ਮੁਕਾਬਲੇ ਕਿਤੇ ਬਿਹਤਰ ਤਾਲਮੇਲ ਬਣਾਉਣ ਵਿੱਚ ਕਾਮਯਾਬ ਰਹੇ ਹਨ। ਇਹ ਮੋਦੀ ਦੀ ਵਿਦੇਸ਼ ਨੀਤੀ ਲਈ ਇੱਕ ਬਹੁਤ ਵੱਡੀ ਹਾਰ ਹੈ।'

ਉਨ੍ਹਾਂ ਅਖੀਰ ਵਿੱਚ ਕਿਹਾ ਕਿ ਭਾਰਤ ਨੂੰ ਆਪਣੀ ਕੂਟਨੀਤੀ ਅਤੇ ਕੰਮ ਕਰਨ ਦੇ ਤਰੀਕਿਆਂ ਵਿੱਚ ਪੂਰੀ ਤਰ੍ਹਾਂ ਬਦਲਾਅ ਦੀ ਲੋੜ ਹੈ, ਪਰ ਪ੍ਰਧਾਨ ਮੰਤਰੀ ਮੋਦੀ ਇਹ ਬਦਲਾਅ ਕਰਨ ਦੇ ਬਿਲਕੁੱਲ ਕਾਬਲ ਨਹੀਂ ਹਨ।

## ਸੂਬਾ ਸਰਕਾਰ ਵਰਲਡ ਹਾਰਟੀ ਸੈਂਟਰ ਈਕੋਸਿਸਟਮ

ਉਨ੍ਹਾਂ ਨੂੰ ਨੀਦਰਲੈਂਡ ਦੇ ਗ੍ਰੀਨਹਾਊਸ ਅਤੇ ਨਿਯੰਤਰਿਤ-ਵਾਤਾਵਰਣ ਖੇਤੀ ਦੇ ਵਿਸ਼ਵ ਪ੍ਰਸਿੱਧ ਈਕੋਸਿਸਟਮ ਨਾਲ ਜਾਣੂ ਕਰਵਾਇਆ, ਜਿੱਥੇ ਤਕਨਾਲੋਜੀ, ਖੋਜ, ਸਿੱਖਿਆ, ਉਦਯੋਗ ਅਤੇ ਸਰਕਾਰ ਦੇ ਸਹਿਯੋਗੀ ਯਤਨਾਂ ਨੇ ਰਵਾਇਤੀ ਖੇਤੀ ਨੂੰ ਉੱਚ-ਉਤਪਾਦਕਤਾ ਵਾਲੀ ਅਤੇ ਟਿਕਾਊ ਖੇਤੀ ਵਿੱਚ ਬਦਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸਦੀਆਂ ਮੁੱਖ ਵਿਸੇਸਤਾਵਾਂ ਵਿੱਚ ਗ੍ਰੀਨਹਾਊਸ ਅਤੇ ਉੱਨਤ ਇਨਡੋਰ ਖੇਤੀ ਪ੍ਰਣਾਲੀਆਂ ਦੀ ਪ੍ਰਭਾਵਸੀਲਤਾ ਸਾਮਲ ਹੈ, ਜੋ ਕਿ ਪਾਣੀ ਦੀ ਕੁਸਲ ਵਰਤੋਂ ਨੂੰ ਯਕੀਨੀ ਬਣਾਉਂਦੇ ਹੋਏ ਫਸਲਾਂ ਦੀ ਪੈਦਾਵਾਰ ਵਿੱਚ ਮਹੱਤਵਪੂਰਨ ਵਾਧਾ ਕਰਦੀਆਂ ਹਨ, ਕੀਟਨਾਸਕਾਂ 'ਤੇ ਨਿਰਭਰਤਾ ਘਟਾਉਂਦੀਆਂ ਹਨ ਅਤੇ ਰਵਾਇਤੀ ਓਪਨ-ਫੀਲਡ

ਖੇਤੀ ਦੇ ਮੁਕਾਬਲੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬੇ ਲਈ ਫਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਣ ਅਤੇ ਕਿਸਾਨਾਂ ਨੂੰ ਪਾਣੀ ਦੀ ਖਪਤ ਵਾਲੀਆਂ ਫਸਲਾਂ ਦੇ ਚੱਕਰ ਵਿੱਚੋਂ ਬਾਹਰ ਕੱਢਣ ਲਈ ਵਧੇਰੇ ਮੱਦਦਗਾਰ ਸਾਬਤ ਹੋ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੌਦਿਆਂ ਦੇ ਵਾਧੇ ਅਤੇ ਸਰੋਤ ਕੁਸ਼ਲਤਾ ਨੂੰ ਹੋਰ ਬਿਹਤਰ ਬਣਾਉਣ ਵਿੱਚ ਆਟੋਮੇਸ਼ਨ, ਰੋਬੋਟਿਕਸ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਆਧੁਨਿਕ ਸਿੰਚਾਈ ਪ੍ਰਣਾਲੀਆਂ ਦੀ ਭੂਮਿਕਾ ਹੈ। ਇਸ ਦੇ ਨਾਲ ਹੀ ਨਵੀਨਤਾਕਾਰੀ ਜਲ ਪ੍ਰਬੰਧਨ ਅਭਿਆਸਾਂ ਜਿਵੇਂ ਕਿ ਮੀਂਹ ਦੇ ਪਾਣੀ ਦੀ ਸੰਭਾਲ, ਸਿੰਚਾਈ ਦੇ ਪਾਣੀ ਦੀ ਮੁੜ ਵਰਤੋਂ ਅਤੇ ਨਿਯੰਤਰਿਤ ਪੌਸ਼ਟਿਕ ਡਿਲੀਵਰੀ ਪ੍ਰਣਾਲੀਆਂ ਦੀ ਭੂਮਿਕਾ ਵੀ ਜਲਵਾਯੂ ਅਨੁਸਾਰ ਖੇਤੀਬਾੜੀ ਉਤਪਾਦਨ ਨੂੰ ਯਕੀਨੀ ਬਣਾਉਣ ਲਈ ਅਹਿਮ ਹੈ ।ਉਨ੍ਹਾਂ ਕਿਹਾ ਕਿ ਦੋਵਾਂ ਧਿਰਾਂ ਨੇ ਜਾਣਕਾਰੀ ਦੀ ਅਦਲਾ-ਬਦਲੀ ਅਤੇ ਤਕਨਾਲੋਜੀ ਭਾਈਵਾਲੀ ਸਮੇਤ ਸਹਿਯੋਗ ਲਈ ਸੰਭਾਵਨਾਵਾਂ ਤਲਾਸ਼ਣ ਅਤੇ ਸਿਧਾਂਤਕ ਤੌਰ 'ਤੇ ਇਸ 'ਤੇ ਸਹਿਮਤੀ ਪ੍ਰਗਟਾਈ। ਇਸ ਤੋਂ ਪਹਿਲਾਂ, ਭਗਵੰਤ ਸਿੰਘ ਮਾਨ ਨੇ ਦੁਨੀਆ ਦੇ ਸਭ ਤੋਂ ਮਸ਼ਹੂਰ ਫੁੱਲਾਂ ਦੀ ਖੇਤੀ ਸਥਾਨਾਂ ਵਿੱਚੋਂ ਇੱਕ, ਕੇਉਕੇਨਹੌਫ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਇੱਕ ਵਿਲੱਖਣ ਸੰਚਾਲਨ ਮਾਡਲ ਬਾਰੇ ਜਾਣੂ ਕਰਵਾਇਆ ਗਿਆ, ਜਿੱਥੇ ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਪਤਝੜ ਦੌਰਾਨ ਹਰ ਸਾਲ ਲਗਭਗ 70 ਲੱਖ ਫੁੱਲਾਂ ਦੇ ਬਲਬ ਉਗਾਏ ਅਤੇ ਲਗਾਏ ਜਾਂਦੇ ਹਨ। ਅਤੇ ਮਾਰਚ ਦੌਰਾਨ 7-8 ਹਫ਼ਤਿਆਂ ਲਈ ਖਿੜਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲਗਭਗ 32 ਹੈਕਟੇਅਰ ਵਿੱਚ ਫੈਲੇ ਅਤੇ ਉਤਪਾਦਕਾਂ ਅਤੇ ਉਦਯੋਗ ਭਾਈਵਾਲਾਂ ਦੇ ਸਹਿਯੋਗ ਰਾਹੀਂ ਤਿਆਰ ਕੀਤਾ ਗਿਆ , ਕੇਉਕੇਨਹੌਫ ਇੱਕ ਉੱਚ ਸੰਰਚਿਤ, ਨਿਰਯਾਤ-ਮੁਖੀ ਬਾਗਬਾਨੀ ਮਾਡਲ ਹੈ ,ਜੋ ਉਤਪਾਦਨ, ਸੈਰ-ਸਪਾਟਾ ਅਤੇ ਵਿਸ਼ਵਵਿਆਪੀ ਮਾਰਕੀਟਿੰਗ ਨੂੰ ਏਕੀਕ੍ਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਇਸ ਦੌਰੇ ਨੇ ਪੰਜਾਬ ਨੂੰ ਫੁੱਲਾਂ ਦੀ ਖੇਤੀ ਦੇ ਕਲੱਸਟਰ ਵਿਕਸਤ ਕਰਨ, ਨਿਰਯਾਤ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਇੱਕ ਤਾਲਮੇਲ ਅਤੇ ਬਾਜ਼ਾਰ-ਅਧਾਰਤ ਪਹੁੰਚ ਰਾਹੀਂ ਖੇਤੀਬਾੜੀ-ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਸੂਝ ਪ੍ਰਦਾਨ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੋਵਾਂ ਦੌਰਿਆਂ ਤੋਂ ਸਿੱਖਣ ਨਾਲ ਪੰਜਾਬ ਦੇ ਵਡਮੁੱਲੀ, ਤਕਨਾਲੋਜੀ-ਅਧਾਰਤ ਖੇਤੀਬਾੜੀ ਵੱਲ ਮੁੜਨ ਦੀ ਉਮੀਦ ਹੈ, ਜਿਸ ਵਿੱਚ ਸਥਿਰਤਾ, ਉਤਪਾਦਕਤਾ ਵਧਾਉਣ ਅਤੇ ਖੇਤੀਬਾੜੀ ਅਰਥਵਿਵਸਥਾ ਦੀ ਵਿਭਿੰਨਤਾ 'ਤੇ ਧਿਆਨ ਕੇਂਦ੍ਰਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਦੌਰਾ ਆਰਥਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਇੱਕ ਪਸੰਦੀਦਾ ਨਿਵੇਸ਼ ਸਥਾਨ ਵਜੋਂ ਉਤਸ਼ਾਹਿਤ ਕਰਨ ਵਿੱਚ ਬਹੁਤ ਮਦਦ ਕਰੇਗਾ। ਰਾਜ ਦੀ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ (ਆਈਬੀਡੀਪੀ) 2026 ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਸੈਕਟਰ-ਵਿਸ਼ੇਸ਼ ਨੀਤੀਆਂ ਅਤੇ ਕਾਰੋਬਾਰ ਕਰਨ ਦੀ ਮਜ਼ਬੂਤ ਸੌਖ ਦੁਆਰਾ ਸਮਰਥਤ ਇੱਕ ਵਿਆਪਕ ਅਤੇ ਲਚਕਦਾਰ ਪ੍ਰੋਤਸਾਹਨ ਢਾਂਚਾ ਪੇਸ਼ ਕਰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਾ ਉਦੇਸ਼ ਲੰਬੇ ਸਮੇਂ ਦੀ ਤਕਨਾਲੋਜੀ-ਅਗਵਾਈ ਵਾਲੀ ਭਾਈਵਾਲੀ ਬਣਾਉਣਾ, ਗਿਆਨ ਦੇ ਆਦਾਨ-ਪ੍ਰਦਾਨ ਨੂੰ ਆਸਾਨ ਬਣਾਉਣਾ ਅਤੇ ਟਿਕਾਊ ਖੇਤੀਬਾੜੀ ਲਈ ਇੱਕ ਪ੍ਰਗਤੀਸ਼ੀਲ, ਨਵੀਨਤਾ-ਅਧਾਰਤ, ਅਤੇ ਵਿਸ਼ਵ ਪੱਧਰੀ ਪ੍ਰਤੀਯੋਗੀ ਕੇਂਦਰ ਵਜੋਂ ਸਥਾਪਤ ਹੋਣਾ ਹੈ।

## ਪੰਜਾਬ 'ਚ ਲਾਗੂ ਹੋਇਆ ਬੇਅਦਬੀਆਂ ਖ਼ਿਲਾਫ਼ ਕਾਨੂੰਨ

ਵਿਚ ਬਿੱਲ ਪੇਸ਼ ਕੀਤਾ ਸੀ। ਇਸ ਬਿੱਲ ਨੂੰ ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਸੀ। ਇਸ ਬਿਲ ਨੂੰ ਕਾਨੂੰਨ ਬਣਾਉਣ ਲਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਕੋਲ ਭੇਜਿਆ ਅਤੇ ਲੰਘੇ ਕੱਲ੍ਹ ਰਾਜਪਾਲ ਵੱਲੋਂ ਇਸ ਬਿੱਲ 'ਤੇ ਆਪਣੇ ਦਸਤਖ਼ਤ ਕਰ ਦਿੱਤੇ ਗਏ ਸਨ, ਜਿਸ ਤੋਂ ਬਾਅਦ ਬੇਅਦਬੀਆਂ ਖ਼ਿਲਾਫ਼ ਇਕ ਸਖ਼ਤ ਕਾਨੂੰਨ ਬਣ ਗਿਆ। ਇਸ ਬਿੱਲ ਨੂੰ ਲਾਗੂ ਕਰਨ ਲਈ ਪੰਜਾਬ ਸਰਕਾਰ ਵੱਲੋਂ ਅੱਜ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।

## ਪੜ੍ਹੇ-ਲਿਖੇ ਲੋਕਾਂ ਦਾ 'ਡਿਜੀਟਲ ਅਰੈਸਟ'

ਸਾਰੇ ਫੰਡਾਂ ਦੀ ਠੱਗੀ ਮਾਰ ਲਈ ਗਈ।' ਬੈਂਚ ਨੇ ਅਟਾਰਨੀ ਜਨਰਲ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਮਾਮਲੇ ਦੀ ਅਗਲੀ ਸੁਣਵਾਈ 12 ਮਈ ਲਈ ਤੈਅ ਕੀਤੀ ਹੈ।ਅਦਾਲਤੀ ਮਦਦਗਾਰ ਅਤੇ ਸੀਨੀਅਰ ਵਕੀਲ ਐੱਨ ਐੱਸ ਨੱਪੀਨਈ ਨੇ ਕਿਹਾ ਕਿ ਪੀੜਤ ਅਕਸਰ ਉਦੋਂ 'ਸੁੰਨ' ਹੋ ਜਾਂਦੇ ਹਨ ਜਦੋਂ ਧੋਖੇਬਾਜ਼ ਪੁਲਿਸ ਜਾਂ ਜਾਂਚ ਏਜੰਸੀਆਂ ਦੇ ਅਧਿਕਾਰੀ ਬਣ ਕੇ ਧਮਕੀ ਭਰੀਆਂ ਕਾਲਾਂ ਕਰਦੇ ਹਨ। ਉਨ੍ਹਾਂ ਸੁਝਾਅ ਦਿੱਤਾ ਕਿ ਅਜਿਹੇ ਲੈਣ-ਦੇਣ ਨੂੰ ਰੋਕਣ ਲਈ ਵਿਚੋਲਿਆਂਨੂੰ ਇੱਕ 'ਕਿੱਲ-ਸਵਿੱਚ' ਪੇਸ਼ ਕਰਨਾ ਚਾਹੀਦਾ ਹੈ ਤਾਂ ਜੋ ਹੋਣ ਵਾਲੇ ਵਿੱਤੀ ਨੁਕਸਾਨ ਨੂੰ ਰੋਕਿਆ ਜਾ ਸਕੇ।ਡਿਜੀਟਲ ਅਰੈਸਟ ਸਾਈਬਰ ਅਪਰਾਧ ਦਾ ਇੱਕ ਵਧਦਾ ਰੂਪ ਹੈ ਜਿਸ ਵਿੱਚ ਠੱਗ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀ ਜਾਂ ਅਦਾਲਤੀ ਅਧਿਕਾਰੀ ਬਣ ਕੇ ਆਡੀਓ ਅਤੇ ਵੀਡੀਓ ਕਾਲਾਂ ਰਾਹੀਂ ਪੀੜਤਾਂ ਨੂੰ ਡਰਾਉਂਦੇ ਹਨ, ਉਨ੍ਹਾਂ ਨੂੰ ਬੰਦੀ ਬਣਾਉਂਦੇ ਹਨ ਅਤੇ ਪੈਸੇ ਟ੍ਰਾਂਸਫਰ ਕਰਨ ਲਈ ਦਬਾਅ ਪਾਉਂਦੇ ਹਨ।24 ਜਨਵਰੀ ਨੂੰ ਸੁਪਰੀਮ ਕੋਰਟ ਨੇ ਇੱਕ 78 ਸਾਲਾ ਸੇਵਾਮੁਕਤ ਬੈਂਕਰ ਦੀ ਪਟੀਸ਼ਨ 'ਤੇ ਕੇਂਦਰ, ਸੀਬੀਆਈ ਅਤੇ ਹੋਰਾਂ ਨੂੰ ਨੋਟਿਸ ਜਾਰੀ ਕੀਤੇ ਸਨ, ਜਿਸ ਤੋਂ ਲਗਭਗ ਇੱਕ ਮਹੀਨੇ ਤੱਕ 'ਡਿਜੀਟਲ ਅਰੈਸਟ' ਵਿੱਚ ਰੱਖ ਕੇ 23 ਕਰੋੜ ਰੁਪਏ ਦੀ ਠੱਗੀ ਮਾਰੀ ਗਈ ਸੀ।17 ਅਕਤੂਬਰ 2025 ਨੂੰ ਸੁਪਰੀਮ ਕੋਰਟ ਨੇ ਅਦਾਲਤੀ ਹੁਕਮਾਂ ਦੀ ਨਕਲ ਕਰਕੇ ਲੋਕਾਂ ਨੂੰ ਠੱਗਣ ਦੇ ਮਾਮਲੇ 'ਤੇ ਗੰਭੀਰ ਚਿੰਤਾ ਪ੍ਰਗਟਾਈ ਸੀ। ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਅੰਬਾਲਾ ਦੇ ਇੱਕ ਬਜ਼ੁਰਗ ਜੋੜੇ ਨਾਲ ਹੋਈ ਠੱਗੀ ਦਾ ਖ਼ੁਦ ਨੋਟਿਸ ਲਿਆ ਸੀ, ਜਿਨ੍ਹਾਂ ਤੋਂ 1.05 ਕਰੋੜ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ ਸੀ।

## ਦੋਵੇਂ ਧਿਰਾਂ ਵੱਲੋਂ ਕਈ ਵੱਡੇ ਸਮਝੌਤਿਆਂ

ਬਣਾਉਣ ਲਈ ਭਾਰਤ ਨਾਲ ਮਿਲ ਕੇ ਕੰਮ ਕਰਨ ਦੀ ਇੱਛਾ ਜਤਾਈ। ਦੋਵਾਂ ਦੇਸ਼ਾਂ ਨੇ ਸੈਮੀਕੰਡਕਟਰ, ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.), ਜਹਾਜ਼ ਨਿਰਮਾਣ ਅਤੇ ਰੱਖਿਆ ਖੇਤਰ ਵਿੱਚ ਸਹਿਯੋਗ ਵਧਾਉਣ 'ਤੇ ਜ਼ੋਰ ਦਿੱਤਾ ਹੈ।

ਰਣਨੀਤਕ ਸਾਂਝੇਦਾਰੀ ਵਿੱਚ ਨਵਾਂ ਮੀਲ ਪੱਥਰ

ਭਾਰਤੀ ਵਿਦੇਸ਼ ਮੰਤਰਾਲੇ (ਐਮ ਈ ਏ) ਅਨੁਸਾਰ, ਇਹ ਦੌਰਾ ਦੋਵਾਂ ਦੇਸ਼ਾਂ ਦੀ 'ਵਿਸ਼ੇਸ਼ ਰਣਨੀਤਕ ਸਾਂਝੇਦਾਰੀ' ਨੂੰ ਅੱਗੇ ਵਧਾਉਣ ਵਿੱਚ ਇੱਕ ਅਹਿਮ ਮੀਲ ਪੱਥਰ ਸਾਬਤ ਹੋਵੇਗਾ। ਦੋਵਾਂ ਦੇਸ਼ਾਂ ਨੇ ਖਣਿਜ ਸਪਲਾਈ ਚੇਨ ਵਿੱਚ ਵੀ ਸਹਿਯੋਗ ਵਧਾਉਣ ਦੀ ਉਮੀਦ ਜਤਾਈ ਹੈ ਤਾਂ ਜੋ ਕੱਚੇ ਮਾਲ ਲਈ ਦੂਜੇ ਦੇਸ਼ਾਂ 'ਤੇ ਨਿਰਭਰਤਾ ਘਟਾਈ ਜਾ ਸਕੇ,। ਅੱਜ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਦੱਖਣੀ ਕੋਰੀਆਈ ਮਹਿਮਾਨਾਂ ਦੇ ਸਨਮਾਨ ਵਿੱਚ ਰਾਸ਼ਟਰਪਤੀ ਭਵਨ ਵਿਖੇ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਜਾਵੇਗੀ।

## ਪੰਜਾਬ 'ਚ ਬੱਚਿਆਂ ਲਈ 30 ਸਤੰਬਰ ਤੱਕ

ਸਰਪ੍ਰਸਤਾਂ ਨੂੰ ਭਵਿੱਖ ਦੀਆਂ ਸਮੱਸਿਆਵਾਂ ਤੋਂ ਬਚਣ ਲਈ ਇਨ੍ਹਾਂ ਅੱਪਡੇਟਾਂ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਲੁਧਿਆਣਾ ਜ਼ਿਲ੍ਹੇ ਲਈ ਯੂ.ਡੀ.ਆਈ.ਐਸ.ਈ. ਡੇਟਾ ਮੁਤਾਬਕ ਕੁੱਲ 915,410 ਵਿਦਿਆਰਥੀਆਂ ਵਿੱਚੋਂ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਬਾਇਓਮੈਟ੍ਰਿਕ ਅੱਪਡੇਟ ਪੈਂਡਿੰਗ ਹਨ। 5-7 ਸਾਲ ਦੀ ਉਮਰ ਸਮੂਹ ਦੇ ਲਗਭਗ 122,596 ਬੱਚਿਆਂ ਕੋਲ ਐਮ.ਬੀ.ਯੂ.-1 (ਲਾਜ਼ਮੀ ਬਾਇਓਮੈਟ੍ਰਿਕ ਅੱਪਡੇਟ-2) ਪੈਂਡਿੰਗ ਹੈ, ਜਦੋਂਕਿ 15-17 ਸਾਲ ਦੀ ਉਮਰ ਸਮੂਹ ਦੇ ਲਗਭਗ 104,204 ਬੱਚਿਆਂ ਕੋਲ ਐਮ.ਬੀ.ਯੂ.-2 (ਲਾਜ਼ਮੀ ਬਾਇਓਮੈਟ੍ਰਿਕ ਅੱਪਡੇਟ-2) ਪੈਂਡਿੰਗ ਹੈ। ਅਥਾਰਟੀ ਨੇ ਮਾਪਿਆਂ ਨੂੰ ਸਲਾਹ ਦਿੱਤੀ ਹੈ ਕਿ ਉਹ ਆਪਣੇ ਬੱਚੇ ਦੇ ਆਧਾਰ ਨੰਬਰ ਅਤੇ ਲੋੜੀਂਦੇ ਦਸਤਾਵੇਜ਼ਾਂ ਨਾਲ ਨਜ਼ਦੀਕੀ ਕੇਂਦਰ 'ਤੇ ਜਾਣ ਜਾਂ ਸਕੂਲ-ਅਧਾਰਤ ਕੈਂਪਾਂ ਦਾ ਲਾਭ ਲੈਣ।

ਸਮੇਂ ਸਿਰ ਬਾਇਓਮੈਟ੍ਰਿਕ ਅੱਪਡੇਟ ਕਰਾਉਣ ਨਾਲ ਆਧਾਰ-ਅਧਾਰਤ ਸੇਵਾਵਾਂ ਦਾ ਆਸਾਨੀ ਨਾਲ ਲਾਭ ਮਿਲਦਾ ਹੈ। ਜਿਵੇਂ ਸਕਾਲਰਸ਼ਿਪ ਅਤੇ ਸਿੱਖਿਆ ਸਬੰਧੀ ਲਾਭਾਂ ਵਿਚ ਕੋਈ ਰੁਕਾਵਟ ਨਹੀਂ ਆਉਂਦੀ ਹੈ। ਪ੍ਰੀਖਿਆਵਾਂ ਤੇ ਅਡਮਿਸ਼ਨ ਵਿਚ ਪ੍ਰੇਸ਼ਾਨੀ ਨਹੀਂ ਹੁੰਦੀ, ਈ-ਕੇਵਾਈਸੀ ਰਾਹੀਂ ਬੈਂਕਿੰਗ ਸੇਵਾਵਾਂ ਸੁਚਾਰੂ ਰਹਿੰਦੀਆਂ ਹਨ ਤੇ ਭਵਿੱਖ ਵਿਚ ਪ੍ਰਮਾਣੀਕਰਨ ਨਾਲ ਜੁੜੀਆਂ ਸਮੱਸਿਆਵਾਂ ਘੱਟ ਹੁੰਦੀਆਂ ਹਨ।

ਇਹ ਬੱਚਿਆਂ ਦੀ ਸੁਰੱਖਿਅਤ ਡਿਜੀਟਲ ਪਛਾਣ ਨੂੰ ਵੀ ਮਜ਼ਬੂਤ ਕਰਦਾ ਹੈ। ਆਧਾਰ 'ਤੇ ਵੱਧ ਰਹੀ ਨਿਰਭਰਤਾ ਨੂੰ ਦੇਖਦੇ ਹੋਏ, ਇਸ ਅੱਪਡੇਟ ਨੂੰ ਢੁਕਵੀਂ ਉਮਰ 'ਤੇ ਪੂਰਾ ਕਰਨਾ ਜ਼ਰੂਰੀ ਹੈ। ਇਸ ਲਈ, ਸਾਰੇ ਯੋਗ ਪਰਿਵਾਰਾਂ ਨੂੰ ਇਸ ਪ੍ਰਕਿਰਿਆ ਨੂੰ ਤਰਜੀਹ ਦੇਣ ਅਤੇ ਸੀਮਤ ਸਮੇਂ ਲਈ ਉਪਲਬਧ ਮੁਫ਼ਤ ਸੇਵਾ ਦਾ ਪੂਰਾ ਲਾਭ ਲੈਣ ਦੀ ਅਪੀਲ ਕੀਤੀ ਜਾਂਦੀ ਹੈ। ਦੱਸ ਦੇਈਏ ਕਿ ਆਧਾਰ ਲਈ ਬਾਇਓਮੈਟ੍ਰਿਕ ਅੱਪਡੇਟ ਦੋ ਵਾਰ ਲਾਜ਼ਮੀ ਹਨ। ਪਹਿਲਾ ਅੱਪਡੇਟ 5 ਤੋਂ 7 ਸਾਲ ਦੀ ਉਮਰ ਦੇ ਵਿਚਕਾਰ ਕੀਤਾ ਜਾਂਦਾ ਹੈ, ਜਿਸ ਨੂੰ ਐਮ.ਬੀ.ਯੂ.-1 ਕਿਹਾ ਜਾਂਦਾ ਹੈ। ਦੂਜਾ ਅੱਪਡੇਟ 15 ਤੋਂ 17 ਸਾਲ ਦੀ ਉਮਰ ਦੇ ਵਿਚਕਾਰ ਕੀਤਾ ਜਾਂਦਾ ਹੈ, ਜਿਸ ਨੂੰ ਐਮ.ਬੀ.ਯੂ.-2 ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ ਜੇਕਰ ਫਿੰਗਰਪ੍ਰਿੰਟ ਜਾਂ ਆਇਰਿਸ ਬਾਅਦ ਵਿੱਚ ਬਦਲ ਜਾਂਦੇ ਹਨ, ਜਾਂ ਜੇਕਰ ਆਧਾਰ ਨਾਲ ਸਬੰਧਤ ਸੇਵਾਵਾਂ ਵਿੱਚ ਕੋਈ ਸਮੱਸਿਆ ਹੈ ਤਾਂ ਬਾਇਓਮੈਟ੍ਰਿਕ ਅੱਪਡੇਟ ਲੋੜ ਮੁਤਾਬਕ

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਪਹਿਲੇ ਸਫ਼ੇ ਦੀ ਬਾਕੀ

ਕਿਸੇ ਵੀ ਸਮੇਂ ਕੀਤੇ ਜਾ ਸਕਦੇ ਹਨ।

## ਪੰਜਾਬ 'ਚ ਅਗਲੇ 4 ਦਿਨਾਂ ਲਈ ਲੂ ਦਾ ਅਲਰਟ

ਤਿੰਨ ਤੋਂ ਚਾਰ ਡਿਗਰੀ ਵਾਧੇ ਦੀ ਭਵਿੱਖਬਾਣੀ ਕੀਤੀ ਗਈ ਹੈ। ਕਈ ਥਾਵਾਂ 'ਤੇ ਪਾਰਾ ਪਹਿਲਾਂ ਹੀ ਆਮ ਨਾਲੋਂ ਵੱਧ ਦਰਜ ਕੀਤਾ ਗਿਆ ਹੈ, ਜਿਸ ਕਾਰਨ ਸਥਿਤੀ ਹੋਰ ਵੀ ਮੁਸ਼ਕਲ ਹੋ ਸਕਦੀ ਹੈ।

21 ਅਪ੍ਰੈਲ ਨੂੰ ਗਰਮੀ ਦੀ ਅਸਰ ਵਧ ਕੇ ਮਾਲਵਾ ਦੇ ਨਾਲ-ਨਾਲ ਕੁਝ ਦੋਆਬਾ ਖੇਤਰਾਂ ਤੱਕ ਪਹੁੰਚ ਸਕਦ ਹੈ। ਇਸ ਦਿਨ ਬਠਿੰਡਾ, ਮਾਨਸਾ, ਮੁਕਤਸਰ, ਫਾਜਿਲਕਾ, ਫਿਰੋਜਪੁਰ, ਮੋਗਾ, ਫਰੀਦਕੋਟ, ਬਰਨਾਲਾ, ਸੰਗਰੂਰ, ਪਟਿਆਲਾ, ਲੁਧਿਆਣਾ, ਜਲੰਧਰ ਜ਼ਿਲ੍ਹਿਆਂ ਵਿਚ ਅਸਰ ਵੇਖਣ ਨੂੰ ਮਿਲ ਸਕਦਾ ਹੈ।

22 ਅਪ੍ਰੈਲ ਨੂੰ ਇਸ ਦਿਨ ਜਿਆਦਾਤਰ ਪੰਜਾਬ ਵਿਚ ਲੂ ਦਾ ਅਸਰ ਫੈਲ ਸਕਦ ਹੈ। ਇਸ ਦਿਨ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਨਵਾਂਸ਼ਹਿਰ (ਸ਼ਹੀਦ ਭਗਤ ਸਿੰਘ ਨਗਰ), ਲੁਧਿਆਣਾ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਬਰਨਾਲਾ, ਮੋਗਾ, ਫਰੀਦਕੋਟ, ਬਠਿੰਡਾ, ਮਾਨਸਾ, ਮੁਕਤਸਰ, ਫਾਜ਼ਿਲਕਾ ਅਤੇ ਫਿਰੋਜ਼ਪੁਰ ਜ਼ਿਲ੍ਹਿਆਂ ਵਿੱਚ ਵੇਖਣ ਨੂੰ ਮਿਲ ਸਕਦਾ ਹੈ।

23 ਅਪ੍ਰੈਲ ਨੂੰ ਲਗਭਗ ਪੂਰੇ ਪੰਜਾਬ ਵਿਚ ਲੂ ਤੇ ਗਰਮ ਰਾਤਾਂ ਦੀ ਸਥਿਤੀ ਬਣ ਸਕਦੀ ਹੈ। ਇਸ ਦਿਨ ਸੂਬੇ ਦੇ ਲਗਭਗ ਸਾਰੇ ਜਿਲ੍ਹਿਆਂ ਖਾਸਕਰ ਮਾਲਵਾ ਤੇ ਦੋਆਬਾ ਵਿਚ ਪੂਰੀ ਤਰ੍ਹਾਂ ਅਸਰ ਵੇਖਣ ਨੂੰ ਮਿਲ ਸਕਦਾ ਹੈ।

24 ਅਪ੍ਰੈਲ ਨੂੰ ਸਥਿਤੀ ਗੰਭੀਰ ਰਹਿ ਸਕਦੀ ਹੈ, ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਲੂ ਦੀ ਸਥਿਤੀ ਬਣੀ ਰਹਿੰਦੀ ਹੈ। ਇਸ ਦਿਨ ਪੰਜਾਬ ਭਰ ਦੇ ਜ਼ਿਆਦਾਤਰ ਜ਼ਿਲ੍ਹਿਆਂ ਖਾਸ ਕਰਕੇ ਬਠਿੰਡਾ, ਮਾਨਸਾ, ਮੁਕਤਸਰ, ਫਾਜ਼ਿਲਕਾ, ਫਿਰੋਜ਼ਪੁਰ, ਮੋਗਾ, ਫਰੀਦਕੋਟ, ਸੰਗਰੂਰ, ਪਟਿਆਲਾ, ਲੁਧਿਆਣਾ, ਜਲੰਧਰ ਅਤੇ ਹੁਸ਼ਿਆਰਪੁਰ ਵਿੱਚ ਅਸਰ ਵੇਖਣ ਨੂੰ ਮਿਲ ਸਕਦਾ ਹੈ।

ਲੋਕਾਂ ਨੂੰ ਸਾਵਧਾਨ ਰਹਿਣ ਦੀ ਸਲਾਹ: ਮੌਸਮ ਵਿਭਾਗ ਨੇ ਲੋਕਾਂ ਨੂੰ ਦੁਪਹਿਰ ਦੀ ਧੁੱਪ ਦੇ ਸੰਪਰਕ ਤੋਂ ਬਚਣ ਦੀ ਸਲਾਹ ਦਿੱਤੀ ਹੈ। ਉਨ੍ਹਾਂ ਨੂੰ ਬਹੁਤ ਸਾਰਾ ਪਾਣੀ ਪੀਣ, ਹਲਕੇ ਅਤੇ ਢਿੱਲੇ ਕੱਪੜੇ ਪਾਉਣ ਅਤੇ ਆਪਣੇ ਸਿਰ ਢੱਕਣ ਦੀ ਵੀ ਸਲਾਹ ਦਿੱਤੀ ਗਈ ਹੈ। ਕਿਸਾਨਾਂ ਨੂੰ ਗਰਮੀ ਤੋਂ ਬਚਨ ਲਈ ਸਵੇਰੇ ਜਾਂ ਸ਼ਾਮ ਨੂੰ ਆਪਣੀਆਂ ਫਸਲਾਂ ਨੂੰ ਸਿੰਚਾਈ ਕਰਨ ਦੀ ਸਲਾਹ ਵੀ ਦਿੱਤੀ ਗਈ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਇਸ ਸਮੇਂ ਦੌਰਾਨ ਛੋਟੇ ਬੱਚਿਆਂ, ਬਜ਼ੁਰਗਾਂ ਅਤੇ ਬਿਮਾਰਾਂ ਨੂੰ ਵਿਸ਼ੇਸ਼ ਸਾਵਧਾਨੀ ਵਰਤਣ ਦੀ ਲੋੜ ਹੈ, ਕਿਉਂਕਿ ਗਰਮੀ ਦੀ ਲਹਿਰ ਉਨ੍ਹਾਂ ਦੀ ਸਿਹਤ 'ਤੇ ਵਧੇਰੇ ਪ੍ਰਭਾਵ ਪਾ ਸਕਦੀ ਹੈ। ਕੁਲ ਮਿਲਾ ਕੇ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਗਰਮੀ ਦਾ ਪ੍ਰਕੋਪ ਵਧਣ ਦੀ ਉਮੀਦ ਹੈ, ਅਤੇ ਲੋਕਾਂ ਨੂੰ ਇਸ ਮੌਸਮ ਦੇ ਪ੍ਰਭਾਵ ਤੋਂ ਬਚਣ ਲਈ ਚੌਕਸ ਰਹਿਣ ਅਤੇ ਆਪਣੇ ਰੋਜ਼ਾਨਾ ਦੇ ਕੰਮਾਂ ਵਿੱਚ ਬਦਲਾਅ ਕਰਨ ਦੀ ਜ਼ਰੂਰਤ ਹੋਏਗੀ।

## ਭਾਈ ਰਾਜੋਆਣਾ ਦੀ ਪਟੀਸ਼ਨ ਮਾਮਲੇ 'ਤੇ

ਸ਼੍ਰੋਮਣੀ ਕਮੇਟੀ ਨੂੰ ਬਾਰ ਬਾਰ ਆਪਣੀ ਅਪੀਲ ਵਾਪਸ ਲੈਣ ਲਈ ਕਹਿ ਰਹੇ ਹਨ, ਲੇਕਿਨ ਸ਼੍ਰੋਮਣੀ ਕਮੇਟੀ ਨੇ ਇਹ ਅਪੀਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਕੀਤੀ ਸੀ। ਇਸ ਲਈ ਅੱਜ ਦੀ ਅੰਤ੍ਰਿੰਗ ਕਮੇਟੀ ਨੇ ਵਿਚਾਰ ਮਗਰੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਅਪੀਲ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਯੋਗ ਆਦੇਸ਼ ਲਈ ਬੇਨਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੋ ਵੀ ਆਦੇਸ਼ ਆਵੇਗਾ ਸ਼੍ਰੋਮਣੀ ਕਮੇਟੀ ਉਸ 'ਤੇ ਪਹਿਰਾ ਦੇਵੇਗੀ।

ਐਡਵੋਕੇਟ ਧਾਮੀ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਪ੍ਰਬੰਧਾਂ ਨੂੰ ਲੈ ਕੇ ਪੰਜਾਬ ਨਾਲ ਲਗਾਤਾਰ ਕੀਤੇ ਜਾ ਰਹੇ ਵਿਤਕਰੇ ਸਬੰਧੀ ਵੀ ਚਿੰਤਾ ਪ੍ਰਗਟਾਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਪੰਜਾਬ ਦੇ ਹੱਕਾਂ ਹਿੱਤਾਂ ਨਾਲ ਇਕ ਹੋਰ ਵੱਡਾ ਧੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀ ਜਿੰਨਾ 'ਤੇ ਪਹਿਲਾ ਹੱਕ ਪੰਜਾਬ ਦੇ ਲੋਕਾਂ ਦਾ ਹੈ ਨੂੰ ਹਥਿਆਉਣ ਲਈ ਕੇਂਦਰ ਗ਼ਲਤ ਤਰੀਕੇ ਅਪਣਾਅ ਰਿਹਾ ਹੈ। ਅੰਤ੍ਰਿੰਗ ਕਮੇਟੀ ਨੇ ਕੇਂਦਰ ਸਰਕਾਰ ਨੂੰ ਆਖਿਆ ਹੈ ਕਿ ਅਜਿਹਾ ਕੋਈ ਵੀ ਨਿਯਮ ਲਾਗੂ ਕਰਨ ਦੀ ਕੋਸ਼ਿਸ਼ ਨਾ ਕੀਤੀ ਜਾਵੇ, ਜੋ ਪੰਜਾਬੀਆਂ ਦੇ ਹੱਕਾਂ ਵਿਰੁੱਧ ਹੋਵੇ।

ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਮਨਾਏ ਜਾਣ ਸਬੰਧੀ ਪ੍ਰੋਗਰਾਮ ਉਲੀਕਣ ਵਾਸਤੇ ਸਬ-ਕਮੇਟੀ ਗਠਨ ਕੀਤੇ ਜਾਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਹ ਸਬ-ਕਮੇਟੀ ਵੱਖ-ਵੱਖ ਜਥੇਬੰਦੀਆਂ ਅਤੇ ਭਗਤ ਰਵਿਦਾਸ ਜੀ ਨਾਲ ਸਬੰਧਤ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਮਿਲ ਕੇ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਤਿਆਰ ਕਰੇਗੀ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਦੀ 29 ਅਪ੍ਰੈਲ ਤੋਂ 1 ਮਈ 2026 ਤੱਕ ਮਨਾਈ ਜਾ ਰਹੀ ਸ਼ਤਾਬਦੀ ਦੇ ਪ੍ਰੋਗਰਾਮਾਂ ਸਬੰਧੀ ਵਿਚ ਵਿਚਾਰਾਂ ਹੋਈਆਂ।

ਇਸ ਦੇ ਨਾਲ ਹੀ ਅੰਤ੍ਰਿੰਗ ਕਮੇਟੀ ਨੇ ਸ੍ਰੀ ਅਨੰਦਪੁਰ ਸਾਹਿਬ ਖਾਲਸਾ ਸਾਜਣਾ ਦਿਵਸ ਵਿਸਾਖੀ ਦੇ ਸਮਾਗਮਾਂ ਤੋਂ ਵਾਪਸ ਆ ਰਹੇ ਸ਼ਰਧਾਲੂਆਂ ਦੇ ਸ੍ਰੀ ਫ਼ਤਹਿਗੜ੍ਹ ਸਾਹਿਬ ਨਜ਼ਦੀਕ ਹੋਏ ਸੜਕ ਹਾਦਸੇ ਵਿਚ ਅਕਾਲ ਚਲਾਣਾ ਕਰਨ ਵਾਲਿਆਂ ਦੇ ਪਰਿਵਾਰਕ ਮੈਂਬਰਾਂ ਨੂੰ 1-1 ਲੱਖ ਰੁਪਏ ਸਹਾਇਤਾ ਦੇਣ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕਰਤਾਰ ਨਗਰ ਲੁਧਿਆਣਾ ਵਿਖੇ ਨਿਸ਼ਾਨ ਸਾਹਿਬ ਦਾ ਚੋਲਾ ਬਦਲਣ ਮੌਕੇ ਹੋਏ ਹਾਦਸੇ 'ਚ ਜਾਨ ਗਵਾਉਣ ਵਾਲੇ ਸ. ਮਨਿੰਦਰ ਸਿੰਘ ਦੇ ਪਰਿਵਾਰ ਨੂੰ ਵੀ 1 ਲੱਖ ਰੁਪਏ ਦੇਣ ਦੀ ਪ੍ਰਵਾਨਗੀ ਦਿੱਤੀ ਹੈ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਮਿੱਠੂ ਸਿੰਘ ਕਾਹਨੇਕੇ, ਓਐਸਡੀ ਸ. ਸਤਬੀਰ ਸਿੰਘ, ਸੱਕਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਐਕਸੀਅਨ ਸ. ਜਤਿੰਦਰਪਾਲ ਸਿੰਘ ਆਦਿ ਮੌਜੂਦ ਸਨ।

## ਉੱਤਰਾਖੰਡ 'ਚ ਚਾਰਧਾਮ ਯਾਤਰਾ ਦੇ ਪਹਿਲੇ ਦਿਨ

ਅਤੇ ਪ੍ਰਸ਼ਾਸਨ ਦੀ ਮਦਦ ਨਾਲ, ਉਸ ਨੂੰ ਤੁਰੰਤ ਜਾਨਕੀਚੱਟੀ ਦੇ ਹਸਪਤਾਲ ਲਿਜਾਇਆ ਗਿਆ, ਪਰ ਡਾਕਟਰ ਉਸ ਨੂੰ ਬਚਾਉਣ ਵਿੱਚ ਅਸਮਰੱਥ ਰਹੇ। ਹਸਪਤਾਲ ਦੇ ਡਾਕਟਰ ਡਾ. ਹਰਦੇਵ ਸਿੰਘ ਦੇ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਬਜ਼ੁਰਗ ਵਿਅਕਤੀ ਦੀ ਮੌਤ ਦਾ ਕਾਰਨ ਸਾਹ ਦੀ ਬਿਮਾਰੀ ਅਤੇ ਉੱਚਾਈ 'ਤੇ ਆਕਸੀਜਨ ਦੀ ਘਾਟ ਸੀ। ਪੁਲਿਸ ਅਧਿਕਾਰੀ ਐਸ.ਆਈ. ਰਾਜੇਸ਼ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਦੇ ਨਾਲ ਆਏ ਹੋਰ ਸ਼ਰਧਾਲੂ ਪਹਿਲਾਂ ਹੀ ਤੀਰਥ ਯਾਤਰਾ ਲਈ ਰਵਾਨਾ ਹੋ ਚੁੱਕੇ ਹਨ। ਮ੍ਰਿਤਕ ਦੀ ਪਛਾਣ 67 ਸਾਲਾ ਊਧਮ ਤਾਂਬੇ ਵਜੋਂ ਹੋਈ ਹੈ, ਜੋ ਕਿ ਨਾਸਿਕ, ਮਹਾਰਾਸ਼ਟਰ ਦਾ ਰਹਿਣ ਵਾਲਾ ਹੈ। ਯਮੁਨੋਤਰੀ ਟ੍ਰੈਕ ਵਿੱਚ ਮਰਨ ਵਾਲੀ ਔਰਤ ਦੀ ਪਛਾਣ 40 ਸਾਲਾ ਪ੍ਰਤਿਮਾ ਮਿਸ਼ਰਾ ਵਜੋਂ ਹੋਈ ਹੈ, ਜੋ ਕਿ ਮੱਧ ਪ੍ਰਦੇਸ਼ ਦੇ ਇੰਦੌਰ ਦੀ ਰਹਿਣ ਵਾਲੀ ਹੈ। ਉਹ ਇੰਦੌਰ ਦੇ ਸੁਖਲੀਆ ਇਲਾਕੇ ਦੀ ਕਾਸ਼ੀਪੁਰੀ ਕਲੋਨੀ ਦੀ ਰਹਿਣ ਵਾਲੀ ਸੀ ਅਤੇ ਆਪਣੇ ਪਤੀ ਧਰਮਿੰਦਰ ਮਿਸ਼ਰਾ ਨਾਲ ਚਾਰਧਾਮ ਯਾਤਰਾ 'ਤੇ ਆਈ ਸੀ। ਯਾਤਰਾ ਦੌਰਾਨ, ਉਹ 19 ਕੈਂਚੀ ਨੇੜੇ ਆਪਣੇ ਘੋੜੇ ਤੋਂ ਡਿੱਗ ਪਈ ਅਤੇ ਉਸ ਦੇ ਸਿਰ ਵਿੱਚ ਗੰਭੀਰ ਸੱਟ ਲੱਗ ਗਈ। ਉਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਚਾਰਧਾਮ ਯਾਤਰਾ ਐਤਵਾਰ ਨੂੰ ਸ਼ੁਰੂ ਹੋਈ। ਗੰਗੋਤਰੀ ਦੇ ਕਪਾਟ ਦੁਪਹਿਰ 12:15 ਵਜੇ ਅਤੇ ਯਮੁਨੋਤਰੀ ਦੇ ਕਪਾਟ ਦੁਪਹਿਰ 12:35 ਵਜੇ ਖੋਲ੍ਹੇ ਗਏ। ਇਸ ਤੋਂ ਪਹਿਲਾਂ, ਗੰਗੋਤਰੀ ਧਾਮ ਦੇ ਕਪਾਟ 22 ਅਕਤੂਬਰ, 2025 ਨੂੰ ਸਵੇਰੇ 11:36 ਵਜੇ ਅੰਨਕੂਟ (ਗੋਵਰਧਨ ਪੂਜਾ) 'ਤੇ ਸਰਦੀਆਂ ਦੇ ਮੌਸਮ ਲਈ ਬੰਦ ਕਰ ਦਿੱਤੇ ਗਏ ਸਨ।

## ਸਖ਼ਤ ਕਾਨੂੰਨ ਬਣਨ ਕਰਕੇ ਹੁਣ ਸ੍ਰੀ ਗੁਰੂ ਗ੍ਰੰਥ ਸਾਹਿਬ

ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਅੰਦਰ ਪੰਥ ਦੇ ਨਾਮ 'ਤੇ ਸਰਕਾਰਾਂ ਬਣਾਉਣ ਵਾਲਿਆਂ ਦੇ ਇਕਲੌਤੇ ਵਿਧਾਇਕ ਨੇ 13 ਅਪ੍ਰੈਲ ਨੂੰ ਵਿਧਾਨ ਸਭਾ ਚੋਂ ਗ਼ੈਰਹਾਜ਼ਰ ਰਹਿ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਨੂੰ ਆਪਣੀ ਸਹਿਮਤੀ ਵੀ ਨਹੀਂ ਦਿੱਤੀ, ਜਿਸ ਲਈ ਲੋਕਾਂ ਨੂੰ ਇਸ ਬਾਰੇ ਸੋਚਣਾ ਪਵੇਗਾ। ਉਨ੍ਹਾਂ ਨੇ ਕਿਹਾ ਕਿ ਇਸ ਗੱਲ ਦਾ ਇਤਿਹਾਸ ਗਵਾਹ ਹੈ ਕਿ ਜਿਹੜੀ ਪਾਰਟੀ ਨੇ ਪੰਥ ਦੇ ਨਾਮ 'ਤੇ ਪੰਜਾਬ 'ਚ ਰਾਜ ਕੀਤਾ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਵੀ ਉਨ੍ਹਾਂ ਦੇ ਰਾਜ ਸਮੇਂ ਹੀ ਹੋਈਆਂ।

ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਵਿੱਤ ਮੰਤਰੀ ਨੇ 1986 'ਚ ਪੰਥ ਦੇ ਨਾਮ 'ਤੇ ਬਣੀ ਸਰਕਾਰ ਦੇ ਸਮੇਂ ਹੋਈ ਗੁਰੂ ਅਰਜਨ ਦੇਵ ਜੀ ਗੁਰਦੁਆਰਾ ਸਾਹਿਬ ਨਕੋਦਰ ਵਿਖੇ ਬੇਅਦਬੀ ਕਾਂਡ ਦਾ ਜਿਕਰ ਕਰਦਿਆਂ ਕਿਹਾ ਕਿ ਇਸ ਸਮੇਂ 5 ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਦੀ ਬੇਅਦਬੀ ਹੋਈ ਤੇ ਇਨਸਾਫ ਮੰਗਣ ਲਈ ਇਕੱਠੇ ਹੋਏ ਲੋਕਾਂ 'ਤੇ ਗੋਲੀ ਚੱਲੀ ਜਿਸ ਕਰਕੇ ਚਾਰ ਨੌਜਵਾਨਾਂ ਮਾਰੇ ਗਏ ਸਨ। ਉਨ੍ਹਾਂ ਅਫ਼ਸੋਸ ਨਾਲ ਕਿਹਾ ਕਿ ਇਸ ਦੀ ਜਾਂਚ ਲਈ ਬਣੇ ਜਸਟਿਸ ਗੁਰਨਾਮ ਸਿੰਘ ਕਮਿਸ਼ਨ ਦੀ ਜਾਂਚ ਵਾਲੀ ਐਕਸ਼ਨ ਟੇਕਨ ਰਿਪੋਰਟ ਹੀ ਗੁੰਮ ਕਰ ਦਿੱਤੀ ਗਈ।

ਹਰਪਾਲ ਸਿੰਘ ਚੀਮਾ ਨੇ ਬਿਨ੍ਹਾਂ ਕਿਸੇ ਦਾ ਨਾਮ ਲਏ ਕਿਹਾ ਕਿ ਉਸੇ ਪਾਰਟੀ ਨੇ ਇਸ ਬੇਅਦਬੀ ਸਮੇਂ ਤਾਇਨਾਤ ਅਫ਼ਸਰਾਂ ਨੂੰ ਟਿੱਕਟਾਂ ਦੇ ਕੇ ਨਿਵਾਜਿਆ ਅਤੇ ਫੇਰ 2015 'ਚ ਵੀ ਨਕੋਦਰ ਤਰਜ 'ਤੇ ਦੁਬਾਰਾ ਬਰਗਾੜੀ ਤੇ ਬਹਿਬਲ ਕਲਾਂ ਬੇਅਦਬੀ ਤੇ ਗੋਲੀ ਕਾਂਡ ਵਾਪਰੇ ਪਰੰਤੂ ਕੋਈ ਇਨਸਾਫ਼ ਨਹੀਂ ਮਿਲਿਆ ਸੀ।

ਵਿੱਤ ਮੰਤਰੀ ਨੇ ਕਿਹਾ ਕਿ ਇਹ ਤਸੱਲੀ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੀਤੇ ਯਤਨਾਂ ਸਦਕਾ ਉਸ ਗੋਲੀ ਤੇ ਬੇਅਦਬੀ ਕਾਂਡ ਦਾ ਚਲਾਨ ਕੋਰਟ ਵਿੱਚ ਪੇਸ਼ ਕੀਤਾ ਗਿਆ ਅਤੇ ਉਸ ਸਮੇਂ ਦੇ ਮੁੱਖ ਮੰਤਰੀ, ਡਿਪਟੀ ਮੁੱਖ ਮੰਤਰੀ ਅਤੇ ਡੀ.ਜੀ.ਪੀ. ਰਹੇ ਵਿਅਕਤੀਆਂ ਨੂੰ ਆਪਣੀ ਜਮਾਨਤ ਕਰਵਾਉਣੀ ਪਈ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ ਦੇ ਦੋਸ਼ ਵਿੱਚ ਹੀ ਸ੍ਰੀ ਅਕਾਲ ਤਖ਼ਤ ਵਲੋਂ ਮਿਲਿਆ ਫ਼ਖ਼ਰ-ਏ-ਕੌਮ ਦਾ ਅਵਾਰਡ ਵੀ ਇਨ੍ਹਾਂ ਕੋਲੋਂ ਵਾਪਸ ਲਿਆ ਗਿਆ ਸੀ।

ਇਸ ਮੌਕੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਅਮਰੀਕ ਸਿੰਘ ਬੰਗੜ, ਅਮਿਤ ਡਾਬੀ, ਕਰਨਲ ਜੇ.ਵੀ, ਜਸਵੀਰ ਸਿੰਘ ਗਾਂਧੀ ਵੀ ਮੌਜੂਦ ਸਨ।

## ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਭਾਰੀ ਗਿਰਾਵਟ

ਰੁਪਏ ਪ੍ਰਤੀ 10 ਗ੍ਰਾਮ 'ਤੇ ਆ ਗਈ। ਮਲਟੀ ਕਮੋਡਿਟੀ ਐਕਸਚੇਂਜ (ਐਮ.ਸੀ.ਐਕਸ.) 'ਤੇ ਜੂਨ ਡਿਲੀਵਰੀ ਲਈ ਸੋਨੇ ਦੇ ਇਕਰਾਰਨਾਮੇ 1,310 ਰੁਪਏ ਭਾਵ 0.85 ਪ੍ਰਤੀਸ਼ਤ ਡਿੱਗ ਕੇ 1,53,299 ਰੁਪਏ ਪ੍ਰਤੀ 10 ਗ੍ਰਾਮ 'ਤੇ ਕਾਰੋਬਾਰ ਕਰ ਰਹੇ ਸਨ। ਇਸ ਸਮੇਂ ਦੌਰਾਨ ਕੁੱਲ 1,119 ਲਾਟਾਂ ਦਾ ਵਪਾਰ ਹੋਇਆ। ਵਿਸ਼ਲੇਸ਼ਕਾਂ ਨੇ ਕਿਹਾ ਕਿ ਕਮਜ਼ੋਰ ਗਲੋਬਲ ਸੰਕੇਤਾਂ ਨੇ ਘਰੇਲੂ ਕੀਮਤਾਂ ਨੂੰ ਪ੍ਰਭਾਵਿਤ ਕੀਤਾ ਹੈ।

## ਬੱਸ ਦੇ ਖੱਡ 'ਚ ਡਿੱਗਣ ਕਾਰਨ 21 ਮੌਤਾਂ

ਵਿੱਚੋਂ ਕੁੱਲ 21 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ, ਜਦਕਿ 20 ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ ਹੈ ਅਤੇ ਉਨ੍ਹਾਂ ਵਿੱਚੋਂ ਕਈਆਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੱਸ ਇੱਕ ਦੂਰ-ਦੁਰਾਡੇ ਪਿੰਡ ਤੋਂ ਊਧਮਪੁਰ ਵੱਲ ਜਾ ਰਹੀ ਸੀ ਜਦੋਂ ਇਹ ਹਾਦਸਾ ਵਾਪਰਿਆ।ਕੇਂਦਰੀ ਮੰਤਰੀ ਜਤਿੰਦਰ ਸਿੰਘ ਨੇ ਹਾਦਸੇ ਤੋਂ ਬਾਅਦ ਊਧਮਪੁਰ ਦੇ ਡਿਪਟੀ ਕਮਿਸ਼ਨਰ ਮਿੰਗਾ ਸ਼ੇਰਪਾ ਨਾਲ ਗੱਲ ਕੀਤੀ ਅਤੇ ਕਿਹਾ ਕਿ ਗੰਭੀਰ ਰੂਪ ਵਿੱਚ ਜ਼ਖ਼ਮੀ ਪੀੜਤਾਂ ਨੂੰ ਏਅਰਲਿਫਟ ਕਰਨ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਮੰਤਰੀ ਨੇ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ, 'ਰਾਮਨਗਰ ਤੋਂ ਊਧਮਪੁਰ ਜਾ ਰਹੀ ਇੱਕ ਜਨਤਕ ਟ੍ਰਾਂਸਪੋਰਟ ਬੱਸ ਨਾਲ ਪਿੰਡ ਕਨੋਟ ਵਿਖੇ ਵਾਪਰੇ ਦੁਖਦਾਈ ਸੜਕ ਹਾਦਸੇ ਬਾਰੇ ਜਾਣਨ ਤੋਂ ਬਾਅਦ ਹੁਣੇ ਹੀ ਡੀਸੀ ਊਧਮਪੁਰ, ਮਿੰਗਾ ਸ਼ੇਰਪਾ ਨਾਲ ਗੱਲ ਕੀਤੀ ਹੈ। ਬਚਾਅ ਕਾਰਜ ਤੁਰੰਤ ਸ਼ੁਰੂ ਕਰ ਦਿੱਤਾ ਗਿਆ ਹੈ। ਭਾਰੀ ਜਾਨੀ ਨੁਕਸਾਨ ਦਾ ਖਦਸ਼ਾ ਹੈ। ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਜ਼ਖ਼ਮੀਆਂ ਨੂੰ ਡਾਕਟਰੀ ਸਹਾਇਤਾ ਲਈ ਭੇਜਿਆ ਜਾਵੇਗਾ। ਗੰਭੀਰ ਜ਼ਖ਼ਮੀਆਂ ਨੂੰ ਏਅਰਲਿਫਟ ਕਰਨ ਦੇ ਪ੍ਰਬੰਧ ਕੀਤੇ ਜਾ ਰਹੇ ਹਨ।'

ਸਿੰਘ ਨੇ ਕਿਹਾ ਕਿ ਉਹ ਸਥਾਨਕ ਪ੍ਰਸ਼ਾਸਨ ਦੇ ਨਾਲ-ਨਾਲ ਬਚਾਅ ਕਾਰਜ ਵਿੱਚ ਲੱਗੀ ਭਾਜਪਾ ਦੀ ਸਥਾਨਕ ਵਰਕਰਾਂ ਦੀ ਟੀਮ ਨਾਲ ਵੀ ਲਗਾਤਾਰ ਸੰਪਰਕ ਵਿੱਚ ਹਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੱਸ ਹਾਦਸੇ ਵਿੱਚ ਜਾਨੀ ਨੁਕਸਾਨ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਮ੍ਰਿਤਕਾਂ ਦੇ ਪਰਿਵਾਰਾਂ ਲਈ 2 ਲੱਖ ਰੁਪਏ ਅਤੇ ਜ਼ਖ਼ਮੀਆਂ ਲਈ 50,000 ਰੁਪਏ ਦੀ ਸਹਾਇਤਾ ਰਾਸ਼ੀ ਦਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ, 'ਜੰਮੂ-ਕਸ਼ਮੀਰ ਦੇ ਊਧਮਪੁਰ ਵਿੱਚ ਬੱਸ ਹਾਦਸੇ ਕਾਰਨ ਹੋਏ ਜਾਨੀ ਨੁਕਸਾਨ ਬਾਰੇ ਸੁਣ ਕੇ ਬਹੁਤ ਦੁੱਖ ਹੋਇਆ। ਮੈਂ ਉਨ੍ਹਾਂ ਪਰਿਵਾਰਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦਾ ਹਾਂ ਜਿਨ੍ਹਾਂ ਨੇ ਆਪਣੇ ਪਿਆਰਿਆਂ ਨੂੰ ਗੁਆ ਦਿੱਤਾ ਹੈ। ਮੈਂ ਜ਼ਖ਼ਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ। ਇਸ ਦੁਖਦਾਈ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਹਰੇਕ ਵਿਅਕਤੀ ਦੇ ਵਾਰਸਾਂ ਨੂੰ ਪੀਐੱਮਐੱਨਆਰਐੱਫਵੱਲੋਂ 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ ਅਤੇ ਜ਼ਖ਼ਮੀਆਂ ਨੂੰ 50,000 ਰੁਪਏ ਦਿੱਤੇ ਜਾਣਗੇ।'

## ਮਾਨ ਵੱਲੋਂ ਮੋਹਾਲੀ ਵਿਖੇ ਵਿਕਾਸ ਕੇਂਦਰ ਸਥਾਪਤ ਕਰਨ ਦੀ

ਉੱਭਰ ਰਹੇ ਆਟੋਮੋਟਿਵ ਅਤੇ ਆਟੋ-ਕੰਪੋਨੈਂਟ ਈਕੋਸਿਸਟਮ ਦਾ ਲਾਭ ਉਠਾਉਣ ਦੀ ਵੀ ਵਕਾਲਤ ਕੀਤੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਮੌਜੂਦ ਪ੍ਰਤਿਭਾ ਦੇ ਮਜ਼ਬੂਤ ਈਕੋਸਿਸਟਮ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਆਈ.ਆਈ.ਟੀ. ਰੋਪੜ, ਆਈ.ਐਸ.ਬੀ. ਮੋਹਾਲੀ, ਪਲਾਕਸ਼ਾ ਯੂਨੀਵਰਸਿਟੀ, ਪੰਜਾਬ ਇੰਜੀਨੀਅਰਿੰਗ ਕਾਲਜ, ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨੌਲੋਜੀ ਅਤੇ ਹੋਰ ਪ੍ਰਮੁੱਖ ਸੰਸਥਾਵਾਂ ਸ਼ਾਮਲ ਹਨ, ਜੋ ਉੱਚ-ਗੁਣਵੱਤਾ ਵਾਲਾ ਖੋਜ ਅਤੇ ਇੰਜੀਨੀਅਰਿੰਗ ਕਾਰਜਬਲ ਤਿਆਰ ਕਰਨ ਲਈ ਸਾਕਾਰਾਤਕ ਕੰਮ ਕਰ ਸਕਦੀਆਂ ਹਨ।

ਮੁੱਖ ਮੰਤਰੀ ਨੇ ਐਨ.ਐਕਸ.ਪੀ. ਨੂੰ ਸੂਬੇ ਵਿੱਚ ਮੌਜੂਦ ਭਰਪੂਰ ਸੰਭਾਵਨਾਵਾਂ ਅਤੇ ਸਾਂਝੇ ਰੂਪ ਵਿੱਚ ਕੰਮ ਕਰਨ ਸਬੰਧੀ ਮੌਕਿਆਂ ਦੀ ਪੜਚੋਲ ਕਰਨ ਲਈ ਪੰਜਾਬ ਦਾ ਦੌਰਾ ਕਰਨ ਦਾ ਸੱਦਾ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਖੋਜ, ਨਵੀਨਤਾ ਅਤੇ ਸਟਾਰਟਅੱਪ ਈਕੋਸਿਸਟਮ ਵਿਕਾਸ ਦੇ ਖੇਤਰਾਂ ਵਿੱਚ ਵਿਚਾਰ-ਵਟਾਂਦਰੇ ਨੂੰ ਅੱਗੇ ਵਧਾਉਣ ਦੀ ਵੀ ਵਕਾਲਤ ਕੀਤੀ ਤਾਂ ਜੋ ਗਲੋਬਲ ਸੈਮੀਕੰਡਕਟਰ ਵੈਲਯੂ ਚੇਨ ਵਿੱਚ ਪੰਜਾਬ ਦੀ ਸਥਿਤੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨੀਦਰਲੈਂਡ ਵਿੱਚ ਪੰਜਾਬ ਸਰਕਾਰ ਦੇ ਚੱਲ ਰਹੇ ਨਿਵੇਸ਼ ਪ੍ਰੋਤਸਾਹਨ ਪ੍ਰੋਗਰਾਮ ਦੇ ਹਿੱਸੇ ਵਜੋਂ ਉਹ ਰਣਨੀਤਕ ਭਾਈਵਾਲੀ ਦੀ ਪੜਚੋਲ ਕਰਨ ਅਤੇ ਤਰਜੀਹੀ ਖੇਤਰਾਂ ਵਿੱਚ ਨਿਵੇਸ਼ ਆਕਰਸ਼ਿਤ ਕਰਨ ਲਈ ਆਲਮੀ ਪੱਧਰ ਦੀਆਂ ਪ੍ਰਮੁੱਖ ਕੰਪਨੀਆਂ ਨਾਲ ਵਪਾਰਕ ਸਬੰਧ ਸਥਾਪਿਤ ਕਰਨ ਦੀ ਰਾਹ 'ਤੇ ਹਨ।"

ਉਨ੍ਹਾਂ ਨੇ ਇਲੈਕਟ੍ਰਾਨਿਕਸ ਸਿਸਟਮ ਡਿਜ਼ਾਇਨ ਅਤੇ ਨਿਰਮਾਣ (ਈਐਸਡੀਐਮ), ਆਈਟੀ ਅਤੇ ਅਤਿ-ਆਧੁਨਿਕ ਮੋਬਿਲਟੀ ਸਲਿਊਸ਼ਨਜ਼ ਲਈ ਉੱਭਰ ਰਹੇ ਕੇਂਦਰ ਵਜੋਂ ਸਥਾਪਤ ਹੋਣ ਬਾਰੇ ਪੰਜਾਬ ਦਾ ਪੱਖ ਵੀ ਪੇਸ਼ ਕੀਤਾ।

ਮੁੱਖ ਮੰਤਰੀ ਨੇ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ (ਆਈਬੀਡੀਪੀ) 2026 ਬਾਰੇ ਵੀ ਦੱਸਿਆ, ਜਿਸ ਤਹਿਤ ਇਲੈਕਟ੍ਰਾਨਿਕਸ ਅਤੇ ਸੈਮੀਕੰਡਕਟਰਾਂ ਨੂੰ ਲਾਹੇਵੰਦ ਸੈਕਟਰ ਵਜੋਂ ਪਛਾਣਿਆ ਗਿਆ ਹੈ, ਜਿਸ ਵਿੱਚ ਸਥਿਰ ਪੂੰਜੀ ਨਿਵੇਸ਼ ਦੇ 125 ਫੀਸਦੀ ਤੱਕ ਦੇ ਪ੍ਰੋਤਸਾਹਨ ਹਨ।

ਉਨ੍ਹਾਂ ਨੇ ਮੋਹਰੀ ਆਲਮੀ ਕੰਪਨੀਆਂ, ਜਿਨ੍ਹਾਂ ਵਿੱਚ ਇਨਫੋਸਿਸ ਸ਼ਾਮਲ ਹੈ, ਦੁਆਰਾ ਆਈਟੀ ਸਿਟੀ, ਮੋਹਾਲੀ ਵਿਖੇ ਹਾਲ ਹੀ ਵਿੱਚ ਕੀਤੇ ਗਏ ਨਿਵੇਸ਼ਾਂ ਅਤੇ ਸੈਮੀ-ਕੰਡਕਟਰ ਲੈਬਾਰਟਰੀ (ਐਸਸੀਐਲ), ਮੋਹਾਲੀ ਦੇ ਚੱਲ ਰਹੇ ਵਿਸਥਾਰ ਦਾ ਵੀ ਜ਼ਿਕਰ ਕੀਤਾ, ਜਿੱਥੇ ਭਾਰਤ ਸਰਕਾਰ ਦੇ ਸੈਮੀਕੰਡਕਟਰ ਮਿਸ਼ਨ ਅਧੀਨ ਟਾਟਾ ਗਰੁੱਪ ਦੀ ਸ਼ਮੂਲੀਅਤ ਨਾਲ ਸਮਰੱਥਾ ਵਧਾਉਣ ਦੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ, "ਸੂਬਾ ਸਰਕਾਰ ਦੇ ਸਰਗਰਮ ਯਤਨਾਂ ਸਦਕਾ ਪੰਜਾਬ ਹੁਣ ਦੁਨੀਆ ਭਰ ਵਿੱਚ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨ ਵਜੋਂ ਉਭਰਿਆ ਹੈ।"

ਇਸ ਮੌਕੇ ਵਿਚਾਰ-ਵਟਾਂਦਰੇ ਦੌਰਾਨ ਐਨਐਕਸਪੀ ਨੇ ਖੋਜ ਅਤੇ ਵਿਕਾਸ, ਏਮਬੈਡਡ ਸਿਸਟਮ ਅਤੇ ਆਟੋਮੋਟਿਵ ਸੈਮੀਕੰਡਕਟਰ ਸਲਿਊਸ਼ਨਜ਼ 'ਤੇ ਧਿਆਨ ਕੇਂਦਰਿਤ ਕਰਦਿਆਂ ਭਾਰਤ ਵਿੱਚ ਆਪਣੀ ਮਜ਼ਬੂਤ ਵਿਸ਼ਵਵਿਆਪੀ ਮੌਜੂਦਗੀ ਅਤੇ ਵਿਆਪਕ ਸਾਖ ਨੂੰ ਉਜਾਗਰ ਕੀਤਾ। ਕੰਪਨੀ ਨੇ ਉੱਭਰ ਰਹੇ ਵਿਸ਼ਵਵਿਆਪੀ ਰੁਝਾਨਾਂ, ਜਿਸ ਵਿੱਚ ਇੰਟੈਲੀਜੈਂਟ ਐੱਜ ਪ੍ਰਣਾਲੀਆਂ, ਆਟੋਮੋਟਿਵ ਇਲੈਕਟ੍ਰਾਨਿਕਸ, ਆਈਓਟੀ ਅਤੇ ਸੁਰੱਖਿਅਤ ਕਨੈਕਟੀਵਿਟੀ ਤਕਨਾਲੋਜੀਆਂ ਦੇ ਗਤੀਸ਼ੀਲ ਵਿਕਾਸ ਸ਼ਾਮਲ ਹਨ, ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਹੋਰ ਵੀ ਮੌਜੂਦ ਸਨ।

## ਪਾਕਿ 'ਚ ਦੂਜੇ ਦੌਰ ਦੀ ਹੋਣ ਵਾਲੀ

ਕਿਸੇ ਜਹਾਜ਼ ਨੂੰ ਰੋਕਿਆ ਹੈ। ਉਨ੍ਹਾਂ ਨੇ ਕਿਹਾ ਕਿ ਅਮਰੀਕੀ ਫੌਜ ਦੇ ਇੱਕ ਗਾਈਡਿਡ ਮਿਸਾਈਲ ਵਿਧਵੰਸਕ ਨੇ ਹਮਲਾ ਕਰਕੇ ਜਹਾਜ਼ਾਂ ਨੂੰ ਉੱਥੇ ਹੀ ਰੋਕ ਦਿੱਤਾ। ਅਮਰੀਕੀ ਫੌਜ ਨੇ ਤੂਸਕਾ ਨਾਮਕ ਜਹਾਜ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਉਹ ਜਹਾਜ਼ ਦੀ ਤਲਾਸ਼ੀ ਲੈ ਰਹੇ ਹਨ। ਈਰਾਨ ਦੀ ਸਾਂਝੀ ਫੌਜੀ ਕਮਾਨ ਨੇ ਕਿਹਾ ਕਿ ਈਰਾਨ ਜਲਦ ਹੀ ਇਸ ਦਾ ਜਵਾਬ ਦੇਵੇਗਾ। ਈਰਾਨ ਨੇ ਅਮਰੀਕੀ ਇਸ ਕਾਰਵਾਈ ਨੂੰ ਲੁੱਟਮਾਰ ਕਰਾਰ ਦਿੱਤਾ ਹੈ ਜਦਕਿ ਕਾਰਗੋ ਜਹਾਜ਼ 'ਤੇ ਅਮਰੀਕੀ ਮਰੀਨਜ਼ ਵੱਲੋਂ ਉਤਰਨ ਦੀ ਵੀਡੀਓ ਵੀ ਜਾਰੀ ਕੀਤੀ ਗਈ ਹੈ।

## ਸੰਪਾਦਕੀ

# ਸਿਆਸਤ ਦੇ ਚੱਕਰ ਵਿੱਚ ਫਸਿਆ ਮਹਿਲਾ ਰਾਖਵਾਂਕਰਨ ਬਿੱਲ

ਸੁਨੀਲ ਜਾਖੜ: ਸਹੀ ਫੈਸਲਾ ਸਹੀ ਸਮੇਂ 'ਤੇ ਲਿਆ ਜਾਵੇਗਾ। ਮੇਰਾ ਮੰਨਣਾ ਹੈ ਕਿ ਅੱਜ ਵੀ ਸਥਿਤੀ ਉਹੀ ਹੈ ਜੋ ਵਾਜਪਾਈ ਜੀ ਨੇ ਭਾਈਚਾਰਾ ਬਣਾਉਣ ਲਈ ਕੀਤੇ ਸਮਝੌਤੇ ਵਾਂਗ ਹੈ। ਮੇਰੀ ਸਲਾਹ ਇਹ ਹੋਵੇਗੀ ਕਿ ਇੱਥੇ ਪੰਥ ਨਾਲ ਸਬੰਧਤ ਲੋਕਾਂ ਦੀਆਂ ਭਾਵਨਾਵਾਂ ਅਤੇ ਇੱਛਾਵਾਂ ਨੂੰ ਸਹੀ ਢੰਗ ਨਾਲ ਦਰਸਾਇਆ ਜਾਵੇ। ਉਨ੍ਹਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਜਾਵੇ। ਸਿੱਖਾਂ ਨੇ ਕਾਂਗਰਸ ਨੂੰ ਮਾਫ਼ ਕਰ ਦਿੱਤਾ ਅਤੇ ਕੈਪਟਨ ਸਾਹਿਬ ਨੇ ਸਰਕਾਰ ਬਣਾਈ। ਅਮਰਿੰਦਰ ਸਿੰਘ ਜੀ ਨਾਲ ਮੇਰੇ ਭਾਵੇਂ ਜੋ ਵੀ ਮਤਭੇਦ ਸਨ, ਹਰ ਭਾਈਚਾਰਾ ਉਨ੍ਹਾਂ ਦੇ ਸ਼ਾਸਨ ਹੇਠ ਸੁਰੱਖਿਅਤ ਮਹਿਸੂਸ ਕਰਦਾ ਸੀ। ਭਾਜਪਾ ਅੱਜ ਆਪਣੇ ਆਪ ਨੂੰ ਸਮਰੱਥ ਸਮਝਦੀ ਹੈ, ਇਸ ਲਈ ਇਸਨੂੰ ਕਿਸੇ ਦੀ ਲੋੜ ਨਹੀਂ ਹੈ। ਭਾਜਪਾ ਕੋਈ ਵੀ ਸਮਝੌਤਾ ਸਿਰਫ਼ ਪੰਜਾਬ ਦੇ ਭਵਿੱਖ ਅਤੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਕਰੇਗੀ। ਇਹ ਸਿਰਫ਼ ਚੋਣ ਲਾਭਾਂ 'ਤੇ ਹੀ ਨਹੀਂ, ਸਗੋਂ ਪੰਜਾਬ ਦੇ ਭਵਿੱਖ 'ਤੇ ਵੀ ਵਿਚਾਰ ਕਰੇਗੀ।

**ਪੰਜਾਬ ਨਸ਼ਿਆਂ ਦੀ ਸਮੱਸਿਆ ਨਾਲ ਦਾਗੀ ਹੈ। ਆਮ ਆਦਮੀ ਪਾਰਟੀ ਅਪਰਾਧਿਕ ਨਸ਼ਿਆਂ ਦੇ ਵਪਾਰ ਨੂੰ ਰੋਕਣ ਦਾ ਦਾਅਵਾ ਕਰਦੀ ਹੈ। ਤੁਹਾਨੂੰ ਕੀ ਲੱਗਦਾ ਹੈ ਕਿ ਜ਼ਮੀਨੀ ਹਕੀਕਤ ਕੀ ਹੈ?**

ਸੁਨੀਲ ਜਾਖੜ: ਉਨ੍ਹਾਂ ਦੇ ਆਪਣੇ ਨੇਤਾ ਸੰਸਦ ਵਿੱਚ ਕਹਿ ਰਹੇ ਹਨ ਕਿ ਵਿਆਹ ਤੋਂ ਪਹਿਲਾਂ ਕਿਸੇ ਵੀ ਨੌਜਵਾਨ ਦਾ ਡੋਪ ਟੈਸਟ ਕਰਵਾਉਣਾ ਚਾਹੀਦਾ ਹੈ। ਹੁਣ, ਕਹਿਣ ਲਈ ਕੀ ਬਚਿਆ ਹੈ? ਹਾਲ ਹੀ ਵਿੱਚ, ਇੱਕ ਪਰਿਵਾਰ ਦੇ ਚਾਰ ਬੱਚਿਆਂ ਦੀ ਨਸ਼ੇ ਕਾਰਨ ਮੌਤ ਹੋ ਗਈ। ਇਹ ਕਹਾਣੀ ਹਰ ਘਰ ਵਿੱਚ ਜ਼ਮੀਨੀ ਹਕੀਕਤ ਹੈ। ਆਮ ਆਦਮੀ ਪਾਰਟੀ ਦਾ ਆਉਣਾ ਪੰਜਾਬ ਲਈ ਇੱਕ ਰਾਜਨੀਤਿਕ ਆਫ਼ਤ ਸੀ। ਪੰਜਾਬ ਹੋਰ ਰਾਜਨੀਤਿਕ ਆਫ਼ਤਾਂ ਨੂੰ ਬਰਦਾਸ਼ਤ ਨਹੀਂ ਕਰ ਸਕਦਾ।

**ਸਵਾਲ ਉਠਾਏ ਜਾ ਰਹੇ ਹਨ ਕਿ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਦੇ ਘਰ 'ਤੇ ਕੀਤੇ ਗਏ ਛਾਪੇ ਵਰਗੇ ਛਾਪੇ ਭਾਜਪਾ ਨੇਤਾਵਾਂ ਦੇ ਘਰਾਂ 'ਤੇ ਕਿਉਂ ਨਹੀਂ ਮਾਰੇ ਜਾਂਦੇ?**

ਸੁਨੀਲ ਜਾਖੜ: ਉਹ ਨਾ ਸਿਰਫ਼ ਆਮ ਆਦਮੀ ਪਾਰਟੀ ਦੇ ਨੇਤਾ ਹਨ, ਨਾ ਸਿਰਫ਼ ਇੱਕ ਸੰਸਦ ਮੈਂਬਰ ਹਨ, ਸਗੋਂ ਲਵਲੀ ਯੂਨੀਵਰਸਿਟੀ ਦੇ ਮਾਲਕ ਵੀ ਹਨ। ਇਸਨੂੰ ਉਨ੍ਹਾਂ ਦੀ ਬਦਕਿਸਮਤੀ ਕਹੋ ਕਿ ਜਿਵੇਂ ਹੀ ਉਨ੍ਹਾਂ ਨੇ ਸੰਸਦ ਵਿੱਚ ਅਹੁਦਾ ਸੰਭਾਲਿਆ, ਉਨ੍ਹਾਂ ਤੋਂ ਅਦਾਲਤ ਵਿੱਚ ਸਕਾਲਰਸ਼ਿਪ ਘੁਟਾਲੇ ਬਾਰੇ ਪੁੱਛਗਿੱਛ ਕੀਤੀ ਗਈ। ਉਹ ਇੱਕ ਅਜਿਹੀ ਯੂਨੀਵਰਸਿਟੀ ਦੇ ਮੁਖੀ ਹਨ ਜਿੱਥੇ ਵਿਦੇਸ਼ੀ ਵਿਦਿਆਰਥੀ ਵੀ ਪੜ੍ਹਦੇ ਹਨ। ਹਰ ਤਰ੍ਹਾਂ ਦੇ ਸਵਾਲ ਉਠਾਏ ਜਾ ਰਹੇ ਹਨ। ਇਸਦਾ ਰਾਜਨੀਤੀਕਰਨ ਕਰਨਾ ਸਹੀ ਨਹੀਂ ਹੈ। ਤੁਸੀਂ ਇਹ ਵੀ ਕਿਹਾ, ਅਤੇ ਇਹ ਸਿਰਫ਼ ਮੇਰਾ ਪ੍ਰਭਾਵ ਨਹੀਂ ਹੈ, ਕਿ ਉਹ ਸਿਰਫ਼ ਅਮੀਰ ਵਿਅਕਤੀਆਂ ਨੂੰ ਰਾਜ ਸਭਾ ਭੇਜ ਰਹੇ ਹਨ। ਉਹ ਸਾਈਕਲਾਂ ਤੋਂ "ਰੱਖਿਆਰਥੀਆਂ" ਤੱਕ ਵਧ ਗਏ ਹਨ। ਉਹ ਆਪਣੀ ਵਿਚਾਰਧਾਰਾ ਦੇ "ਰੱਖਿਅਕ" ਨਹੀਂ ਹਨ, ਸਗੋਂ ਆਪਣੀਆਂ ਜੇਬਾਂ ਦੇ "ਰੱਖਿਅਕ" ਹਨ। ਸੰਸਦ ਮੈਂਬਰ ਦੇ ਅਹੁਦੇ ਨਹੀਂ ਦਿੱਤੇ ਗਏ ਸਨ, ਸਗੋਂ ਵੰਡੇ ਗਏ ਸਨ। "ਬਰਫ਼ੀ" 'ਤੇ ਕਿਸ ਤਰ੍ਹਾਂ ਦਾ ਕੰਮ ਹੋ ਰਿਹਾ ਹੈ, ਦੇਖੋ।

**ਦੋਸ਼ ਇਹ ਹੈ ਕਿ ਸਰਕਾਰ ਚੱਲ ਰਹੀਆਂ ਚੋਣਾਂ ਦੌਰਾਨ ਮਹਿਲਾ ਰਾਖਵੇਂਕਰਨ ਦਾ ਮੁੱਦਾ ਉਠਾ ਕੇ ਰਾਜਨੀਤਿਕ ਲਾਭ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੀ ਸੀ।**

ਸੁਨੀਲ ਜਾਖੜ: ਵਿਰੋਧੀ ਧਿਰ ਨੇ ਇਹ ਸਮਝੇ ਬਿਨਾਂ ਹਥਿਆਰ ਚੁੱਕੇ ਕਿ ਕੀ ਹੋ ਰਿਹਾ ਹੈ ਜਾਂ ਕਿੱਥੇ ਨਿਸ਼ਾਨਾ ਬਣਾਇਆ ਜਾਵੇ। ਸਰਕਾਰ ਇਹ ਸਮਝਾਉਂਦੇ-ਸਮਝਾਉਂਦੇ ਥੱਕ ਗਈ ਸੀ ਕਿ ਇਤਰਾਜ਼ ਕਰਨ ਵਾਲਿਆਂ ਦੀ ਪ੍ਰਤੀਨਿਧਤਾ ਪ੍ਰਭਾਵਿਤ ਨਹੀਂ ਹੋਵੇਗੀ।

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਸਿਰਫ਼ ਸਬਜ਼ੀ ਨਹੀਂ, ਸਿਹਤ ਦਾ ਖ਼ਜ਼ਾਨਾ ਹੈ (ਕੱਦੂ)!

ਅਸੀਂ ਅਕਸਰ ਲੌਕੀ ਦੀ ਸਬਜ਼ੀ ਦੇਖ ਕੇ ਨੱਕ-ਮੂੰਹ ਚੜ੍ਹਾ ਲੈਂਦੇ ਹਾਂ ਪਰ ਜੇਕਰ ਤੁਸੀਂ ਇਸ ਦੇ ਫਾਇਦੇ ਜਾਣ ਲਵੋਗੇ, ਤਾਂ ਇਸ ਨੂੰ ਅੱਜ ਹੀ ਆਪਣੀ



ਡਾਈਟ ਦਾ ਹਿੱਸਾ ਬਣਾ ਲਵੋਗੇ। ਆਯੁਰਵੇਦ 'ਚ ਲੌਕੀ ਨੂੰ ਇਕ ਬਹੁਤ ਹੀ ਗੁਣਕਾਰੀ ਸਬਜ਼ੀ ਮੰਨਿਆ ਗਿਆ ਹੈ। ਇਹ ਨਾ ਸਿਰਫ਼ ਪਚਣ 'ਚ ਹਲਕੀ ਹੈ, ਸਗੋਂ ਕਈ ਗੰਭੀਰ ਬੀਮਾਰੀਆਂ ਨੂੰ ਜੜ੍ਹੋਂ ਖ਼ਤਮ ਕਰਨ ਦੀ ਤਾਕਤ ਰੱਖਦੀ ਹੈ।

**ਤੇਜ਼ੀ ਨਾਲ ਘਟਾਉਂਦੀ ਹੈ ਭਾਰ :** ਜੇਕਰ ਤੁਸੀਂ ਵਧਦੇ ਭਾਰ ਤੋਂ ਪਰੇਸ਼ਾਨ ਹੋ, ਤਾਂ ਲੌਕੀ ਤੁਹਾਡੀ ਸਭ ਤੋਂ ਵਧੀਆ ਦੋਸਤ ਹੈ। ਇਸ 'ਚ ਫਾਈਬਰ ਦੀ ਮਾਤਰਾ ਜ਼ਿਆਦਾ ਅਤੇ ਕੈਲੋਰੀ ਬਹੁਤ ਘੱਟ ਹੁੰਦੀ ਹੈ। ਇਸ ਦਾ ਜੂਸ ਪੀਣ ਨਾਲ ਲੰਬੇ ਸਮੇਂ ਤੱਕ ਭੁੱਖ ਨਹੀਂ ਲੱਗਦੀ, ਜਿਸ ਨਾਲ ਚਰਬੀ ਤੇਜ਼ੀ ਨਾਲ ਘਟਦੀ ਹੈ।

**ਦਿਲ ਲਈ ਹੈ ਵਰਦਾਨ:** ਲੌਕੀ ਦਾ ਸੇਵਨ ਬਲੱਡ ਪ੍ਰੈਸ਼ਰ ਨੂੰ ਕੰਟਰੋਲ 'ਚ ਰੱਖਦਾ ਹੈ। ਇਹ ਸਰੀਰ 'ਚੋਂ ਬੁਰੇ ਕੋਲੈਸਟ੍ਰੋਲ ਨੂੰ ਘਟਾ ਕੇ ਦਿਲ ਦੀਆਂ ਨਾੜੀਆਂ ਨੂੰ ਸਾਫ਼ ਰੱਖਦੀ ਹੈ, ਜਿਸ ਨਾਲ ਹਾਰਟ ਅਟੈਕ ਵਰਗੇ ਖ਼ਤਰੇ ਘੱਟ ਜਾਂਦੇ ਹਨ।

**ਪਾਚਨ ਤੰਤਰ ਨੂੰ ਰੱਖੇ ਫਿੱਟ :** ਲੌਕੀ 'ਚ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ, ਜੋ ਪੇਟ ਨੂੰ ਠੰਡਾ ਰੱਖਦੀ ਹੈ। ਕਬਜ਼, ਐਸੀਡਿਟੀ ਅਤੇ ਗੈਸ ਵਰਗੀਆਂ ਸਮੱਸਿਆਵਾਂ 'ਤੋਂ ਛੁਟਕਾਰਾ ਪਾਉਣ ਲਈ ਲੌਕੀ ਦੀ ਸਬਜ਼ੀ ਜਾਂ ਜੂਸ ਰਾਮਬਾਣ ਇਲਾਜ ਹੈ।

**ਚਿਹਰੇ 'ਤੇ ਲਿਆਉਂਦੀ ਹੈ ਕੁਦਰਤੀ ਨਿਖਾਰ :** ਲੌਕੀ ਸਰੀਰ ਦੇ ਅੰਦਰੂਨੀ ਸਿਸਟਮ ਨੂੰ ਡਿਟੌਕਸ (ਸਫ਼ਾਈ) ਕਰਦੀ ਹੈ। ਇਸ ਦੇ ਨਿਯਮਤ ਸੇਵਨ ਨਾਲ ਕਿੱਲ-ਮੁਹਾਸੇ ਦੂਰ ਹੁੰਦੇ ਹਨ ਅਤੇ ਚਿਹਰੇ 'ਤੇ ਕੁਦਰਤੀ ਚਮਕ ਆਉਂਦੀ ਹੈ।

**ਤਣਾਅ ਨੂੰ ਕਰਦੀ ਹੈ ਘੱਟ :** ਲੌਕੀ 'ਚ ਅਜਿਹੇ ਤੱਤ ਹੁੰਦੇ ਹਨ ਜੋ ਦਿਮਾਗ ਨੂੰ ਸ਼ਾਂਤ ਰੱਖਣ 'ਚ ਮਦਦ ਕਰਦੇ ਹਨ। ਇਸ ਦੇ ਸੇਵਨ ਨਾਲ ਮਾਨਸਿਕ ਤਣਾਅ ਘੱਟ ਹੁੰਦਾ ਹੈ ਅਤੇ ਨੀਂਦ ਵੀ ਵਧੀਆ ਆਉਂਦੀ ਹੈ।

# 10ਵਾਂ ਐਵਾਰਡ ਵੰਡ ਸਮਾਰੋਹ 26 ਨੂੰ

## ਸਿੱਖ ਬੰਧੂ ਟਰਸਟ ਦੇ ਨੁਮਾਇੰਦਿਆਂ ਨੇ ਸ੍ਰ. ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਿਆ





ਪਟਿਆਲਾ, 20 ਅਪ੍ਰੈਲ (ਰੁਪਾਣਾ) : ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ 10ਵਾਂ ਐਵਾਰਡ ਸਮਾਰੋਹ 26 ਅਪ੍ਰੈਲ 2026 ਨੂੰ ਬਲੌਰਾ ਵੈਂਕੁਇਟ ਨਜਫਗੜ੍ਹ ਮੰਡੀ ਨਗਰ ਦਿੱਲੀ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਸਬੰਧੀ ਅੱਜ ਸਿੱਖ ਬੰਧੂ ਵੈਲਫੇਅਰ ਟਰਸਟ ਦੇ ਨੁਮਾਇੰਦਿਆਂ ਨੇ ਪਦਮ ਸ੍ਰੀ ਡਾਕਟਰ ਜਗਜੀਤ ਸਿੰਘ ਦਰਦੀ ਦਾ ਹਾਲ ਚਾਲ ਜਾਣਿਆ ਅਤੇ ਨਾਲ ਹੀ ਉਹਨਾਂ ਨੂੰ ਸਤਿਕਾਰ ਸਹਿਤ ਸੱਦਾ ਪੱਤਰ ਦਿੱਤਾ। ਜਦਕਿ ਡਾ ਹਰਜਿੰਦਰ ਸਿੰਘ ਵਾਲੀਆ ਅਤੇ ਸਮੂਹ ਚੜ੍ਹਦੀ ਕਲਾ ਅਦਾਰੇ ਦੇ ਸਟਾਫ਼ ਨੂੰ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਸੱਦਾ ਪੱਤਰ ਦਿੱਤਾ। ਇਸ ਇਨਾਮ ਵੰਡ ਸਮਾਰੋਹ 'ਚ ਸਨਮਾਨ ਕਰਵਾਉਣ ਵਾਲਿਆਂ ਨੂੰ ਵੀ ਚੁਣਿਆ ਗਿਆ ਹੈ। ਜਾਣਕਾਰੀ ਦਿੰਦਿਆਂ ਸਰਦਾਰ ਸੁਖਦੇਵ ਸਿੰਘ ਰਿਆੜ, ਸਰਦਾਰ ਜਸਵਿੰਦਰ ਸਿੰਘ ਰਿਆੜ, ਰਵਿੰਦਰ ਸਿੰਘ ਹੀਰਾ ਸਿੰਘ ਇੰਦਰਜੀਤ ਸਿੰਘ, ਕਿਰਨਦੀਪ ਸਿੰਘ ਅਤੇ ਸਮੁੱਚੇ ਨੁਮਾਇੰਦਿਆਂ ਨੇ ਦੱਸਿਆ ਕਿ ਇਹ ਸਮਾਗਮ ਹਰ ਸਾਲ ਕਰਵਾਇਆ ਜਾਂਦਾ ਹੈ। ਇਸ ਵਾਰ 26 ਅਪ੍ਰੈਲ 2026 ਨੂੰ ਬਾਅਦ ਦੁਪਹਿਰ 2 ਵਜੇ ਬਿਲੌਰਾ ਬੈਂਕੁਇਟ ਨਜਫਗੜ੍ਹ ਰੋਡ ਮੰਡੀ ਨਗਰ ਨਵੀਂ ਦਿੱਲੀ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ 'ਚ ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਮਨਜਿੰਦਰ ਸਿੰਘ ਸਿਰਸਾ ਕੈਬਨਟ ਮੰਤਰੀ ਦਿੱਲੀ ਸਰਕਾਰ, ਜਗਦੀਪ ਸਿੰਘ ਕਾਹਲੋਂ ਜਨਰਲ ਸਕੱਤਰ ਸਮੇਤ ਵੱਡੀ ਗਿਣਤੀ 'ਚ ਵੱਖ-ਵੱਖ ਪਾਰਟੀਆਂ ਨਾਲ ਸੰਬੰਧਿਤ ਨੇਤਾ ਸ਼ਾਮਿਲ ਹੋਣਗੇ। ਇਸ ਮੌਕੇ ਸਮੂਹ ਨੁਮਾਇੰਦਿਆਂ ਨੇ ਪਦਮ ਸ੍ਰੀ ਡਾਕਟਰ ਜਗਜੀਤ ਸਿੰਘ ਦਰਦੀ ਦਾ ਹਾਲ ਚਾਲ ਵੀ ਜਾਣਿਆ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ। ਇਸ ਇਸ ਮੌਕੇ ਸਰਦਾਰਨੀ ਜਸਵਿੰਦਰ ਕੌਰ ਦਰਦੀ, ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ ਮੈਨੇਜਰ ਪਰਮਜੀਤ ਸਿੰਘ, ਅਕਾਊਂਟ ਦਮਨਦੀਪ ਸਿੰਘ, ਗੁਰਮੁੱਖ ਸਿੰਘ ਰੁਪਾਣਾ ਵਿਸ਼ੇਸ਼ ਪ੍ਰਤੀਨਿਧ, ਭੂਸ਼ਨ ਸੂਦ, ਅਮਰਜੀਤ ਸਿੰਘ ਸਰਤਾਜ ਪੱਤਰਕਾਰ ਸਮੇਤ ਹੋਰ ਸਟਾਫ ਮੈਂਬਰ ਸ਼ਾਮਿਲ ਸਨ।

# ਸੁਰੇਸ਼ ਕੁਮਾਰ ਸਿੰਘ ਨੇ ਜ਼ੋਨਲ ਹੈਡ ਵਜੋਂ ਅਹੁਦਾ ਸੰਭਾਲਿਆ, ਗਾਹਕ ਸੰਤੁਸ਼ਟੀ ਅਤੇ ਸਮਾਵੇਸ਼ੀ ਵਿਕਾਸ 'ਤੇ ਦਿੱਤਾ ਜ਼ੋਰ

ਚੰਡੀਗੜ੍ਹ, 20 ਅਪ੍ਰੈਲ (ਚ.ਨ.ਸ.) : ਸੈਂਟਰਲ ਬੈਂਕ ਆਫ਼ ਇੰਡੀਆ, ਚੰਡੀਗੜ੍ਹ ਜ਼ੋਨ ਨੇ ਆਪਣੇ ਨਵ-ਨਿਯੁਕਤ ਜ਼ੋਨਲ ਹੈੱਡ, ਸ਼੍ਰੀ ਸੁਰੇਸ਼ ਕੁਮਾਰ ਸਿੰਘ, ਜਨਰਲ ਮੈਨੇਜਰ ਦਾ ਨਿੱਘਾ ਸਵਾਗਤ ਕੀਤਾ। ਪਹਿਲਾਂ, ਉਹ NMRO, ਮੁੰਬਈ ਦੇ ਖੇਤਰੀ ਮੁਖੀ ਵਜੋਂ ਸੇਵਾ ਨਿਭਾਉਂਦੇ ਸਨ, ਅਤੇ ਬੈਂਕਿੰਗ ਸੰਚਾਲਨ ਅਤੇ ਵਪਾਰਕ ਲੀਡਰਸ਼ਿਪ ਵਿੱਚ ਅਮੀਰ ਤਜਰਬਾ ਰੱਖਦੇ ਸਨ। ਉਨ੍ਹਾਂ ਦੇ ਆਉਣ 'ਤੇ ਸਟਾਫ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ, ਅਤੇ ਉਨ੍ਹਾਂ ਨੇ ਨਿੱਘਾ ਸਵਾਗਤ ਕੀਤਾ। ਆਪਣੇ ਸੰਬੋਧਨ ਵਿੱਚ, ਸ਼੍ਰੀ ਸਿੰਘ ਨੇ ਬੈਂਕ ਦੇ 80 ਮਿਲੀਅਨ ਤੋਂ ਵੱਧ ਗਾਹਕਾਂ ਲਈ ਸ਼ਾਨਦਾਰ ਸੇਵਾ ਰਾਹੀਂ ਗਾਹਕਾਂ ਦੀ ਖੁਸ਼ੀ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਨੇ ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਕੇ ਵਿੱਤੀ ਸਮਾਵੇਸ਼ ਨੂੰ ਉਤਸ਼ਾਹਿਤ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਦੀ ਅਗਵਾਈ ਹੇਠ, ਜ਼ੋਨ ਤੋਂ ਸ਼ਾਨਦਾਰ ਪ੍ਰਦਰਸ਼ਨ, ਗਾਹਕ-ਕੇਂਦ੍ਰਿਤ ਪਹੁੰਚ ਅਤੇ ਕਾਰੋਬਾਰੀ ਵਿਕਾਸ ਨੂੰ ਤੇਜ਼ ਕਰਨ ਦੀ ਉਮੀਦ ਕੀਤੀ ਜਾਂਦੀ ਹੈ।



# ਭਗਤ ਕਬੀਰ ਜੀ ਦੀ ਬਾਣੀ ਸਮੁੱਚੀ ਮਾਨਵਤਾ ਲਈ ਅੱਜ ਵੀ ਪ੍ਰਸੰਗਿਕ: ਨਾਇਬ ਸਿੰਘ ਸੈਣੀ

ਮੋਹਾਲੀ, 20 ਅਪ੍ਰੈਲ (ਹਰਮਿੰਦਰ ਸਿੰਘ ਨਾਗਪਾਲ) : ਭਗਤ ਕਬੀਰ ਜੀ ਦੀ ਬਾਨੀ ਸਮੁੱਚੀ ਕਾਇਨਾਤ ਦੇ ਲਈ ਅੱਜ ਵੀ ਪ੍ਰਸੰਗਿਕ ਹੈ, ਭਗਤ ਕਬੀਰ ਜੀ ਨੇ ਅਧਿਆਤਮਕ ਦੀ ਜੋ ਸਿੱਖਿਆ ਦਿੱਤੀ, ਉਹ ਫਿਜ਼ਾ ਵਿੱਚ ਅੱਜ ਵੀ ਪੂਰੀ ਤਰਹਾਂ ਕਾਇਮ ਹੈ, ਭਗਤ ਕਬੀਰ ਜੀ ਨੇ ਲੋਕਾਂ ਨੂੰ ਗੁਰਬਾਣੀ ਦੇ ਜਰੀਏ ਜੋ ਰਸਤਾ ਵਿਖਾਇਆ ਹੈ , ਉਸ ਤੇ ਅੱਜ ਵੀ ਜੇਕਰ ਪੂਰੀ ਤਰ੍ਹਾਂ ਅਮਲ ਕੀਤਾ ਜਾਵੇ ਤਾਂ ਹਰ ਕੋਈ ਆਪਣੀ ਜ਼ਿੰਦਗੀ ਨੂੰ ਸਹੀ ਰਾਹ ਤੇ ਪਾ ਸਕਦਾ ਹੈ। ਇਹ ਗੱਲ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਹੀ, ਨਾਇਬ ਸਿੰਘ ਸੈਣੀ ਅੱਜ ਮੋਹਾਲੀ ਦੇ ਨੈਸ਼ਨਲ ਇੰਸਟੀਚਿਊਟ ਆਫ ਫਾਰਮਸਟੀਕਲ ਐਜੂਕੇਸ਼ਨ ਐਂਡ ਰਿਸਰਚ (ਨਾਈਪਰ) ਵਿਖੇ ਭਗਤ ਕਬੀਰ ਵੈਲਫੇਅਰ ਫਾਊਂਡੇਸ਼ਨ (ਰਜਿ:) ਦੀ ਤਰਫੋਂ ਸ੍ਰੀ ਹਰੀ ਸ਼ਰਨਮ ਸੇਵਾ ਸੰਸਥਾਨ ਅਤੇ ਚੰਡੀਗੜ੍ਹ ਦਿਨ ਭਰ ਨਿਊਜ਼ ਚੈਨਲ ਦੇ ਸਹਿਯੋਗ ਨਾਲ ਫਾਊਂਡੇਸ਼ਨ ਦੇ



ਫਾਊਂਡਲ ਜਰਨਲ ਸਕੱਤਰ ਪਰਦੀਪ ਸਿੰਘ ਹੈਪੀ ਦੀ ਅਗਵਾਈ ਹੇਠ ਕਰਵਾਏ ਗਏ ਸੂਬਾ ਪੱਧਰੀ ਸੈਮੀਨਾਰ ਦੇ ਵਿੱਚ ਸ਼ਮੂਲੀਅਤ ਕਰਨ ਦੇ ਲਈ ਮੋਹਾਲੀ ਪਹੁੰਚੇ ਸਨ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਗਤ ਕਬੀਰ ਜੀ ਦੀ ਬਾਣੀ ਸੂਰਜ ਨੂੰ ਦੀਪਕ ਦਿਖਾਉਣ ਦੇ ਤੁਲ ਹੈ , ਭਗਤ ਕਬੀਰ ਜੀ ਇੱਕ ਸਮਾਜ ਸੁਧਾਰਕ ਸਨ ਅਤੇ ਦੂਰ-ਦ੍ਰਿਸ਼ਟੀ ਦੇ ਧਨੀ ਸਨ , ਇਥੇ ਇਹ ਗੱਲ ਜ਼ਿਕਰਯੋਗ ਹੈ ਕਿ ਭਗਤ ਕਬੀਰ ਵੈਲਫੇਅਰ ਫਾਊਂਡੇਸ਼ਨ ਦੀ ਤਰਫੋਂ ਭਗਤ ਕਬੀਰ ਜੀ ਦੀ ਗੁਰਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਦੇ ਲਈ ਪੰਜਾਬ ਭਰ ਦੇ ਕੋਨੇ- ਕੋਨੇ ਵਿੱਚ ਸੈਮੀਨਾਰ ਕਰਵਾਏ ਜਾ ਰਹੇ ਹਨ।

ਆਪਣੇ ਸੰਬੋਧਨ ਦੌਰਾਨ ਮੁੱਖ ਮੰਤਰੀ ਨੇ ਭਗਤ ਕਬੀਰ ਦੀਆਂ ਸਿੱਖਿਆਵਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਸਮਾਜ ਵਿੱਚ ਸਮਾਨਤਾ, ਭਰਾਤਰੀਭਾਵ ਅਤੇ ਧਰਮਨਿਰਪੇਕਸ਼ਤਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਕਬੀਰ ਜੀ ਦੀ ਵਿਚਾਰਧਾਰਾ ਬਹੁਤ ਹੀ ਪ੍ਰਸੰਗਿਕ ਹੈ ਅਤੇ ਸਾਨੂੰ ਉਨ੍ਹਾਂ ਦੇ ਦਰਸਾਏ ਰਾਹ 'ਤੇ ਚੱਲਣ ਦੀ ਲੋੜ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਫ਼ਰਤ ਅਤੇ ਭੇਦਭਾਵ ਤੋਂ ਉੱਪਰ ਉੱਠ ਕੇ ਇਕਜੁੱਟਤਾ ਨਾਲ ਜੀਵਨ ਬਤੀਤ ਕਰਨ। ਸੈਮੀਨਾਰ ਦੇ ਦੌਰਾਨ ਡਾਕਟਰ ਕੁਲਦੀਪ ਚੰਦ ਅਗਨੀਹੋਤਰੀ- ਸਾਬਕਾ ਵਾਈਸ ਚਾਂਸਲਰ ਸੈਂਟਰ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼ ਨੇ ਭਗਤ ਕਬੀਰ ਜੀ ਦੀ ਦੇ ਜੀਵਨ ਅਤੇ ਸਿੱਖਿਆਵਾਂ ਸਦੇ ਸਬੰਧ ਵਿੱਚ ਵਿਸਥਾਰ ਚ ਚਰਚਾ ਕੀਤੀ, ਇਸ ਮੌਕੇ ਤੇ ਸਟੇਜ ਸੰਚਾਲਨ ਪ੍ਰਸਿੱਧ ਕਮੈਂਟੇਟਰ ਸਤਿੰਦਰ ਸੱਤੀ ਵੱਲੋਂ ਬਖ਼ੂਬੀ ਨਿਭਾਈ ਗਈ, ਇਸ ਮੌਕੇ 'ਤੇ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਵੀ ਹਾਜ਼ਰੀ ਭਰੀ।

# ਲੁਧਿਆਣਾ ਸਰਕਲ ਨੇ ਪੀਐਨਬੀ ਮੈਗਾ ਰਿਟੇਲ ਆਊਟਰੀਚ ਪ੍ਰੋਗਰਾਮ ਕਰਵਾਇਆ

ਲੁਧਿਆਣਾ, 20 ਅਪ੍ਰੈਲ (ਚ.ਨ.ਸ.) : ਜਨਤਕ ਖੇਤਰ ਦੇ ਦੇਸ਼ ਦੇ ਦੂਜੇ ਸਭ ਤੋਂ ਵੱਡੇ ਬੈਂਕ, ਪੰਜਾਬ ਨੈਸ਼ਨਲ ਬੈਂਕ ਦੇ ਲੁਧਿਆਣਾ ਸਰਕਲ ਵੱਲੋਂ ਫਿਰੋਜ਼ਪੁਰ ਰੋਡ 'ਤੇ ਸਥਿਤ ਆਪਣੇ ਸਰਕਲ ਦਫ਼ਤਰ ਵਿਖੇ ਮੈਗਾ ਰਿਟੇਲ ਆਊਟਰੀਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦਘਾਟਨ ਮੁੱਖ ਦਫ਼ਤਰ ਦੇ ਜਨਰਲ ਮੈਨੇਜਰ ਸ੍ਰੀ ਨਿਤਿਨ ਪਾਂਡਿਆ ਨੇ




ਕੀਤਾ ਅਤੇ ਇਸ ਸਮਾਗਮ ਵਿੱਚ ਸਰਕਲ ਦੀਆਂ ਮੁੱਖ ਸ਼ਾਖਾਵਾਂ ਨੇ ਹਿੱਸਾ ਲਿਆ। ਇਸ ਮੌਕੇ ਜ਼ੋਨਲ ਮੈਨੇਜਰ ਸ੍ਰੀ ਰਾਮਾਨੁਜ ਪ੍ਰਸਾਦ, ਡੀਜ਼ੈਡਐਮ ਸ੍ਰੀ ਸੰਜੀਵ ਕਪੂਰ ਅਤੇ ਸਰਕਲ ਹੈਡ (ਲੁਧਿਆਣਾ) ਸ੍ਰੀ ਪ੍ਰਸ਼ਾਂਤ ਵਰਧਨ ਦੀ ਮੌਜੂਦਗੀ ਵਿੱਚ ਕਰਜ਼ਦਾਰਾਂ ਨੂੰ ਪ੍ਰਵਾਨਗੀ ਪੱਤਰ ਵੰਡੇ ਗਏ। ਪ੍ਰੋਗਰਾਮ ਦੌਰਾਨ, ਗਾਹਕਾਂ ਨੂੰ ਬੈਂਕ ਦੀਆਂ ਵੱਖ-ਵੱਖ ਪ੍ਰਚੂਨ ਕਰਜ਼ਾ ਸਕੀਮਾਂ, ਡਿਜੀਟਲ ਉਤਪਾਦਾਂ ਅਤੇ ਹੋਰ ਬੈਂਕਿੰਗ ਸੇਵਾਵਾਂ ਬਾਰੇ ਜਾਣੂ ਕਰਵਾਇਆ ਗਿਆ। ਸਮਾਗਮ ਦੌਰਾਨ, 51 ਕਰੋੜ ਤੋਂ ਵੱਧ ਦੀਆਂ ਲੀਡਾਂ ਹਾਸਿਲ ਕੀਤੀਆਂ ਗਈਆਂ।

# ਸੀ. ਪੀ. ਰਾਧਾਕ੍ਰਿਸ਼ਨਨ ਨੇ ਸ੍ਰੀਲੰਕਾ ਦੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ

ਕੋਲੰਬੋ , 20 ਅਪ੍ਰੈਲ (ਚ.ਨ.ਸ.) : ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਇੱਥੇ ਸ੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਇਕੇ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਦੱਖਣੀ ਏਸ਼ਿਆਈ ਗੁਆਂਢੀ ਮੁਲਕਾਂ ਵਿਚਾਲੇ ਭਾਰਤੀ ਹਾਊਸਿੰਗ ਪ੍ਰਾਜੈਕਟ ਅਤੇ ਮਛੇਰਿਆਂ ਦੇ ਮੁੱਦਿਆਂ ਸਣੇ ਵੱਖ-ਵੱਖ ਪਹਿਲਕਦਮੀਆਂ ਬਾਰੇ ਚਰਚਾ ਹੋਈ।ਸ੍ਰੀ ਰਾਧਾਕ੍ਰਿਸ਼ਨਨ ਦੋ ਦਿਨਾ ਦੌਰੇ 'ਤੇ ਅੱਜ ਸਵੇਰੇ ਇੱਥੇ ਪੁੱਜੇ ਸਨ। ਉਨ੍ਹਾਂ ਦਿਸਾਨਾਇਕੇ ਨਾਲ ਸ੍ਰੀਲੰਕਾ ਵਿੱਚ ਚੱਲ ਰਹੇ ਭਾਰਤੀ ਪ੍ਰਾਜੈਕਟਾਂ ਬਾਰੇ ਗੱਲਬਾਤ ਕੀਤੀ। ਇਸ ਵਿੱਚ ਖ਼ਾਸ ਤੌਰ 'ਤੇ ਭਾਰਤ ਵੱਲੋਂ ਦਿੱਤੀ ਗਈ 45 ਕਰੋੜ ਅਮਰੀਕੀ ਡਾਲਰ ਦੀ 'ਚੱਕਰਵਾਤ ਦਿਤਵਾਹ' ਸਹਾਇਤਾ 'ਤੇ ਜ਼ੋਰ ਦਿੱਤਾ ਗਿਆ। 49 ਮੈਂਬਰੀ ਵਫ਼ਦ ਨਾਲ ਪੁੱਜੇ ਉਪ ਰਾਸ਼ਟਰਪਤੀ ਦਾ ਕੋਲੰਬੋ ਦੇ ਭੰਡਾਰਨਾਇਕੇ ਕੌਮਾਂਤਰੀ ਹਵਾਈ ਅੱਡੇ 'ਤੇ ਖੇਡ ਮੰਤਰੀ ਸੁਨੀਲ ਕੁਮਾਰਾ ਗਾਮਾਗੇ ਅਤੇ ਹੋਰ ਪਤਵੰਤਿਆਂ ਨੇ ਸਵਾਗਤ ਕੀਤਾ। ਅਧਿਕਾਰੀਆਂ ਅਨੁਸਾਰ, ਕਿਸੇ ਭਾਰਤੀ ਉਪ ਰਾਸ਼ਟਰਪਤੀ ਦਾ ਸ੍ਰੀਲੰਕਾ ਦਾ ਇਹ ਪਹਿਲਾ ਦੌਰਾ ਹੈ।ਇਸ ਦੌਰਾਨ ਰਾਧਾਕ੍ਰਿਸ਼ਨਨ ਨੇ ਭਾਰਤ ਦੀ 'ਗੁਆਂਢੀ ਪਹਿਲਾਂ' ਨੀਤੀ ਅਤੇ ਦੁਵੱਲੇ ਵਿਕਾਸ ਸਹਿਯੋਗ 'ਤੇ ਜ਼ੋਰ ਦਿੱਤਾ। ਦੋਵਾਂ ਆਗੂਆਂ ਨੇ ਸਾਂਝੇ ਇਤਿਹਾਸ ਅਤੇ ਸਭਿਆਚਾਰਕ ਸਬੰਧਾਂ 'ਤੇ ਆਧਾਰਿਤ ਭਾਰਤ-ਸ੍ਰੀਲੰਕਾ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਲਈ ਸਾਰਥਕ ਚਰਚਾ ਕੀਤੀ। ਚਰਚਾ ਵਿੱਚ ਭਾਰਤੀ ਮੂਲ ਦੇ ਤਾਮਿਲ ਭਾਈਚਾਰੇ ਦੇ ਸਭ ਤੋਂ ਵੱਧ ਪ੍ਰਭਾਵਿਤ ਖੇਤਰਾਂ ਵਿੱਚ ਮੁੜ ਨਿਰਮਾਣ ਅਤੇ ਮੁੜਵਸੇਬੇ ਦੇ ਯਤਨਾਂ ਨੂੰ ਸ਼ਾਮਲ ਕੀਤਾ ਗਿਆ।



# ਸਿਆਸਤ 'ਚ ਕਦੇ-ਕਦੇ ਦਿਖਾਵੇ ਲਈ ਕੁਝ ਚੀਜ਼ਾਂ ਕਰਨੀਆਂ ਪੈਂਦੀਆਂ ਹਨ : ਟਰੰਪ

ਵਾਸ਼ਿੰਗਟਨ, 20 ਅਪ੍ਰੈਲ (ਚ.ਨ.ਸ.) : ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟ੍ਰੰਪ ਨੇ 'ਟਿੱਪ 'ਤੇ ਕੋਈ ਟੈਕਸ ਨਹੀਂ' ਨੀਤੀ ਦਾ ਇਕ ਸਾਲ ਪੂਰਾ ਹੋਣ 'ਤੇ 'ਓਵਲ ਆਫਿਸ' ਵਿਚ ਬਰਗਰ ਮੰਗਵਾਉਣ ਦੇ ਆਪਣੇ ਕਦਮ ਸਬੰਧੀ ਕਿਹਾ ਕਿ ਸਿਆਸਤ ਵਿਚ ਕੁਝ 'ਸ਼ਰਮਿੰਦਗੀ ਭਰੀਆਂ' ਚੀਜ਼ਾਂ 'ਦਿਖਾਵੇ ਲਈ ਕਰਨੀਆਂ ਪੈਂਦੀਆਂ' ਹਨ।ਟਰੰਪ ਨੇ ਵੀਰਵਾਰ ਨੂੰ ਲਾਸ ਵੇਗਾਸ ਵਿਚ ਆਯੋਜਿਤ ਇਕ ਰੈਲੀ ਵਿਚ ਕਿਹਾ ਕਿ ਅਸੀਂ ਸਿਆਸਤ ਵਿਚ ਇਹ ਸਭ ਕਰਦੇ ਹਾਂ। ਇਹ ਥੋੜ੍ਹਾ ਸ਼ਰਮਿੰਦਗੀ ਭਰਿਆ ਹੈ ਪਰ ਅਸੀਂ ਅਜਿਹੇ ਕੰਮ ਕਰਦੇ ਹਾਂ ਅਤੇ ਤੁਹਾਨੂੰ ਇਸ ਦਾ ਫਾਇਦਾ ਵੀ ਹੁੰਦਾ ਹੈ। ਆਨਲਾਈਨ ਡਲਿਵਰੀ ਸੇਵਾ ਮੁਹੱਈਆ ਕਰਵਾਉਣ ਵਾਲੀ ਕੰਪਨੀ 'ਡੋਰਡੈਸ਼' ਵੱਲੋਂ ਸ਼ੈਰੋਨ ਸਿਮੰਸ ਨਾਂ ਦੀ ਔਰਤ ਨੇ ਸੋਮਵਾਰ ਨੂੰ ਅਮਰੀਕੀ ਰਾਸ਼ਟਰਪਤੀ ਦੇ ਦਫ਼ਤਰ 'ਓਵਲ ਆਫਿਸ' ਵਿਚ 'ਬਰਗਰ' ਤੇ 'ਫ੍ਰਾਈਜ਼' ਦੇ 2 ਬੈਗ ਪਹੁੰਚਾਏ ਸਨ ਅਤੇ 'ਵ੍ਹਾਈਟ ਹਾਊਸ' ਨੇ ਕਿਹਾ ਸੀ ਕਿ 'ਟਿੱਪ 'ਤੇ ਕੋਈ ਟੈਕਸ ਨਹੀਂ' ਨੀਤੀ ਕਾਰਨ ਸਿਮੰਸ ਨੇ 11,000 ਅਮਰੀਕੀ ਡਾਲਰਾਂ ਦੀ ਬਚਤ ਕੀਤੀ ਸੀ।ਟਰੰਪ ਨੇ ਕਿਹਾ ਕਿ ਪ੍ਰਚਾਰ ਦਾ ਇਹ ਕਦਮ ਥੋੜ੍ਹਾ 'ਅਜੀਬ' ਸੀ। ਉਨ੍ਹਾਂ 2024 ਵਿਚ ਰਾਸ਼ਟਰਪਤੀ ਅਹੁਦੇ ਲਈ ਚੋਣ ਪ੍ਰਚਾਰ ਮੁਹਿੰਮ ਦੇ ਸਮੇਂ ਦੀ ਉਸ ਘਟਨਾ ਦਾ ਵੀ ਜ਼ਿਕਰ ਕੀਤਾ ਜਦੋਂ ਉਨ੍ਹਾਂ ਬਰਗਰ ਦੀ ਸਪਲਾਈ ਕਰਨ ਵਾਲੀ ਕੰਪਨੀ ਵਿਚ 'ਫ੍ਰਾਈਜ਼' ਪਰੋਸੇ ਸਨ ਅਤੇ ਇਕ ਸੁਰੱਖਿਆ ਜੈਕੇਟ ਪਹਿਨ ਕੇ ਮੁਹਿੰਮ ਦੇ ਲੋਗੋ ਵਾਲੇ ਕੂੜੇ ਦੇ ਟਰੱਕ ਵਿਚ ਚੜ੍ਹ ਗਏ ਸਨ।

# ਕਬੱਡੀ ਤੋਂ ਬਾਅਦ ਹੁਣ ਕੈਨੇਡਾ ਵਿੱਚ ਪੰਜਾਬੀ ਗੈਂਗਸਟਰਾਂ ਦੇ ਨਿਸ਼ਾਨੇ 'ਤੇ ਕ੍ਰਿਕਟ ਮੈਚ ਫਿਕਸਿੰਗ

ਚੰਡੀਗੜ੍ਹ, 20 ਅਪ੍ਰੈਲ (ਚ.ਨ.ਸ.) : ਕਬੱਡੀ ਵਿੱਚ ਕਥਿਤ ਡੂੰਘੀ ਸ਼ਮੂਲੀਅਤ ਤੋਂ ਬਾਅਦ, ਲਾਰੈਂਸ ਬਿਸ਼ਨੋਈ ਗੈਂਗ ਨਾਲ ਜੁੜੇ ਗੈਂਗਸਟਰਾਂ ਨੇ ਹੁਣ ਆਪਣਾ ਧਿਆਨ ਕ੍ਰਿਕਟ ਵੱਲ ਮੋੜ ਲਿਆ ਹੈ। 323 ਦੇ ਦਿ ਫਿਫਥ ਸਟੇਟ ਦੀ ਇੱਕ ਵੱਡੀ ਜਾਂਚ ਅਨੁਸਾਰ ਕੈਨੇਡੀਅਨ ਕ੍ਰਿਕਟ ਵਿੱਚ ਧਮਕੀਆਂ ਡਰਾਉਣ-ਧਮਕਾਉਣ ਅਤੇ ਮੈਚ ਫਿਕਸਿੰਗ ਦੇ ਗੰਭੀਰ ਦੋਸ਼ ਸਾਹਮਣੇ ਆਏ ਹਨ।ਕੈਨੇਡੀਅਨ ਬ੍ਰੌਡਕਾਸਟਿੰਗ ਕਾਰਪੋਰੇਸ਼ਨ ਦੀ ਡਾਕੂਮੈਂਟਰੀ ਨੇ ਖੁਲਾਸਾ ਕੀਤਾ ਹੈ ਕਿ ਕਿਵੇਂ ਬਿਸ਼ਨੋਈ ਗੈਂਗ ਦੀ ਨੁਮਾਇੰਦਗੀ ਕਰਨ ਦਾ ਦਾਅਵਾ ਕਰਨ ਵਾਲੇ ਵਿਅਕਤੀਆਂ ਨੇ ਜੁਲਾਈ 2025 ਵਿੱਚ ਸਰੀ, ਬ੍ਰਿਟਿਸ਼ ਕੋਲੰਬੀਆ ਵਿੱਚ ਰਾਸ਼ਟਰੀ ਟੀਮ ਦੇ ਖਿਡਾਰੀਆਂ ਨੂੰ ਕਥਿਤ ਤੌਰ 'ਤੇ ਧਮਕਾਇਆ ਸੀ। ਇਹ ਧਮਕੀਆਂ ਭਾਰਤੀ ਮੂਲ ਦੇ ਖਿਡਾਰੀ ਦਿਲਪ੍ਰੀਤ ਸਿੰਘ ਬਾਜਵਾ ਨੂੰ ਕਪਤਾਨ ਵਜੋਂ ਤੇਜ਼ੀ ਨਾਲ ਉਭਾਰਨ ਲਈ ਸਮਰਥਨ ਹਾਸਲ ਕਰਨ ਵਾਸਤੇ ਦਿੱਤੀਆਂ ਗਈਆਂ ਸਨ।ਦਿਲਪ੍ਰੀਤ ਬਾਜਵਾ, ਜੋ ਮੂਲ ਰੂਪ ਵਿੱਚ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਬਟਾਲਾ ਦਾ ਰਹਿਣ ਵਾਲਾ ਹੈ ਅਤੇ 41: ਸੈਂਟੇਨਰੀ ਸਕੂਲ ਦਾ ਸਾਬਕਾ ਵਿਦਿਆਰਥੀ ਹੈ, 2020 ਵਿੱਚ ਕੈਨੇਡਾ ਗਿਆ ਸੀ। ਉਸ ਨੂੰ 2026 ਦੇ ਟੀ-20 ਵਿਸ਼ਵ ਕੱਪ ਤੋਂ ਕੁਝ ਹਫ਼ਤੇ ਪਹਿਲਾਂ ਕਪਤਾਨ ਨਿਯੁਕਤ ਕੀਤਾ ਗਿਆ ਸੀ, ਜਿਸ ਫੈਸਲੇ ਨੇ ਚੋਣਕਾਰਾਂ, ਕੋਚ ਅਤੇ ਸੀਨੀਅਰ ਖਿਡਾਰੀਆਂ ਨੂੰ ਹੈਰਾਨ ਕਰ ਦਿੱਤਾ ਸੀ।



# ਮਾਨਵਤਾ ਦੀ ਸੇਵਾ ਨੂੰ ਸਮਰਪਿਤ ਮੁਫ਼ਤ ਅੱਖਾਂ ਦਾ ਚੈੱਕਅੱਪ 1 ਮਈ ਨੂੰ

ਜਲੰਧਰ/ਹਰਦੋ ਫਰਾਲਾ , 20 ਅਪ੍ਰੈਲ (ਚ.ਨ.ਸ.) : ਸਮਾਜ ਸੇਵਾ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਰੱਖਣ ਵਾਲੇ ਸੁੱਖੀ ਬਾਠ ਸੇਵਾ ਕਲੱਬ ਵੱਲੋਂ ਸਵਰਗੀ ਸ: ਅਰਜੁਨ ਸਿੰਘ ਬਾਠ ਜੀ ਦੀ ਨਿੱਘੀ ਯਾਦ ਵਿੱਚ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਜਾ ਰਿਹਾ ਹੈ। ਸੰਸਥਾ ਵੱਲੋਂ ਆਉਂਦੀ 1 ਮਈ 2026, ਦਿਨ ਸ਼ੁੱਕਰਵਾਰ ਨੂੰ ਜ਼ਿਲ੍ਹਾ ਜਲੰਧਰ ਦੇ ਪਿੰਡ ਹਰਦੋ ਫਰਾਲਾ ਵਿਖੇ ਇੱਕ ਵਿਸ਼ਾਲ ਮੁਫ਼ਤ ਅੱਖਾਂ ਦਾ ਚੈੱਕਅੱਪ ਅਤੇ ਆਪਰੇਸ਼ਨ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਸਵੇਰੇ 9 ਵਜੇ ਸ਼ੁਰੂ ਹੋ ਕੇ ਦੁਪਹਿਰ 1 ਵਜੇ ਤੱਕ ਨਿਰੰਤਰ ਜਾਰੀ ਰਹੇਗਾ, ਜਿਸ ਵਿੱਚ ਇਲਾਕੇ ਦੇ ਲੋੜਵੰਦ ਅਤੇ ਨਿਸ਼ਕਾਮ ਸੇਵਾ ਦੀ ਉਡੀਕ ਕਰ ਰਹੇ ਮਰੀਜ਼ਾਂ ਦਾ ਮਾਹਿਰ ਡਾਕਟਰਾਂ ਵੱਲੋਂ ਨਿਰੀਖਣ ਕੀਤਾ ਜਾਵੇਗਾ। ਇਸ ਵਿਸ਼ੇਸ਼ ਕੈਂਪ ਦੌਰਾਨ ਅੱਖਾਂ ਦੇ ਪ੍ਰਸਿੱਧ ਮਾਹਿਰ ਡਾ. ਐੱਸ. ਰਾਜਨ ਅਤੇ ਉਨ੍ਹਾਂ ਦੀ ਪੂਰੀ ਟੀਮ ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕਰੇਗੀ। ਕੈਂਪ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਹੈ ਕਿ ਇੱਥੇ ਨਾ ਸਿਰਫ਼ ਚੈੱਕਅੱਪ ਬਲਕਿ ਲੋੜਵੰਦਾਂ ਨੂੰ ਦਵਾਈਆਂ ਵੀ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ, ਜਿਨ੍ਹਾਂ ਮਰੀਜ਼ਾਂ ਨੂੰ ਚਿੱਟੇ ਮੋਤੀਏ ਦੀ ਸਮੱਸਿਆ ਹੋਵੇਗੀ, ਉਨ੍ਹਾਂ ਦੇ ਆਪਰੇਸ਼ਨ ਰਾਜਨ ਆਈ ਕੇਅਰ ਹਸਪਤਾਲ, ਸ੍ਰੀ ਹਰਗੋਬਿੰਦ ਨਗਰ, ਫਗਵਾੜਾ ਵਿਖੇ ਪੂਰੀ ਤਰ੍ਹਾਂ ਮੁਫ਼ਤ ਕੀਤੇ ਜਾਣਗੇ। ਇਹ ਕਦਮ ਉਨ੍ਹਾਂ ਗਰੀਬ ਅਤੇ ਮੱਧਵਰਗੀ ਪਰਿਵਾਰਾਂ ਲਈ ਇੱਕ ਵੱਡੀ ਰਾਹਤ ਸਾਬਤ ਹੋਵੇਗਾ ਜੋ ਮਹਿੰਗੇ ਇਲਾਜ ਕਰਵਾਉਣ ਤੋਂ ਅਸਮਰੱਥ ਹਨ। ਕੈਂਪ ਦੇ ਪ੍ਰਬੰਧਕਾਂ ਅਤੇ ਕੋਆਰਡੀਨੇਟਰ ਅਸ਼ੋਕ ਮਹਿਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੁੱਖੀ ਬਾਠ ਸੇਵਾ ਕਲੱਬ ਹਮੇਸ਼ਾ ਹੀ ਮਾਨਵਤਾ ਦੀ ਭਲਾਈ ਲਈ ਤਤਪਰ ਰਹਿੰਦਾ ਹੈ ਅਤੇ ਇਹ ਕੈਂਪ ਵੀ ਉਸੇ ਲੜੀ ਦਾ ਇੱਕ ਹਿੱਸਾ ਹੈ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਸੁਨਹਿਰੀ ਮੌਕੇ ਦਾ ਲਾਭ ਉਠਾਉਣ। ਅਜਿਹੇ ਪਰਉਪਕਾਰੀ ਕਾਰਜ ਸਮਾਜ ਵਿੱਚ ਨਵੀਂ ਰੂਹ ਫੂਕਦੇ ਹਨ ਅਤੇ ਲੋਕਾਂ ਨੂੰ ਇੱਕ-ਦੂਜੇ ਦੀ ਮਦਦ ਕਰਨ ਲਈ ਪ੍ਰੇਰਿਤ ਕਰਦੇ ਹਨ।



# ਪੰਜਾਬ ਭਵਨ ਕੈਨੇਡਾ ਵਲੋਂ ਅੰਤਰਰਾਸ਼ਟਰੀ ਬਾਲ ਕਾਨਫਰੰਸ 3 ਨੂੰ : ਓਂਕਾਰ ਸਿੰਘ ਤੇਜੇ

ਭਾਦਸੋਂ, 20 ਅਪ੍ਰੈਲ (ਚ.ਨ.ਸ.) : ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਜੋ ਕਿ ਸਮਾਜ ਸੇਵਾ ਦੇ ਵੱਡੇ ਕਾਰਜ ਕਰ ਰਹੇ ਹਨ, ਉਨ੍ਹਾਂ ਵਲੋਂ ਸ਼ੁਰੂ ਕੀਤਾ ਗਿਆ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਸਤੰਬਰ 2023 @ਚ ਪਟਿਆਲੇ ਜ਼ਿਲ੍ਹੇ ਤੋਂ ਸ਼ੁਰੂ ਹੋਇਆ। ਇਸ ਪ੍ਰੋਜੈਕਟ ਦਾ ਸਾਰਾ ਖਰਚਾ ਪੰਜਾਬ ਭਵਨ ਸਰੀ ਕੈਨੇਡਾ ਵਲੋਂ ਕੀਤਾ ਜਾ ਰਿਹਾ ਹੈ। ਜਿਸ ਵਿਚ 10 ਤੋਂ 18 ਸਾਲ ਤੱਕ ਦੇ ਵਿਦਿਆਰਥੀਆਂ ਦੀਆਂ ਖ਼ੁਦ ਲਿਖੀਆਂ ਰਚਨਾਵਾਂ ਨੂੰ ਇਕੱਤਰ ਕਰਕੇ ਕਿਤਾਬ ਸੰਪਾਦਿਤ ਕੀਤੀ ਜਾਂਦੀ ਹੈ । ਇਹ ਕਾਫ਼ਲਾ ਦਿਨੋਂ-ਦਿਨ ਵਧਦਾ ਗਿਆ ਪੰਜਾਬ ਦੇ 23 ਜ਼ਿਲਿਆਂ ਵਿਚ ਸਾਹਿਤ ਨੂੰ ਪਿਆਰ ਕਰਨ ਵਾਲੇ ਅਧਿਆਪਕ, ਲਾਇਬ੍ਰੇਰੀਅਨ ਅਤੇ ਸਾਹਿਤ ਪ੍ਰੇਮੀ ਇਸ ਪ੍ਰੋਜੈਕਟ ਨਾਲ ਜੁੜੇ ਬੱਚਿਆਂ ਤੋਂ ਰਚਨਾਵਾਂ ਇਕੱਤਰ ਕੀਤੀਆਂ ਅਤੇ ਪੰਜਾਬ ਦੇ ਹਰ ਇਕ ਜ਼ਿਲ੍ਹੇ ਵਿਚ ਕਿਤਾਬਾਂ ਛਾਪ ਕੇ ਲੋਕ ਅਰਪਣ ਕੀਤੀਆਂ ਗਈਆਂ। ਕਿਤਾਬ ਲੋਕ ਅਰਪਣ ਸਮਾਗਮ ਵਿਚ ਕਿਤਾਬ @ਚ ਛਪੇ ਉਸ ਜ਼ਿਲ੍ਹੇ ਨਾਲ ਸੰਬੰਧਿਤ ਬਾਲ ਲੇਖਕਾਂ ਨੂੰ ਬੁਲਾ ਕੇ ਵਿਸ਼ੇਸ਼ ਤੌਰ @ਤੇ ਸਰਟੀਫਿਕੇਟ ਅਤੇ ਤਗਮੇ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ ਅਤੇ ਨਾਲ ਹੀ ਉਨ੍ਹਾਂ ਵਿਦਿਆਰਥੀਆਂ ਦੇ ਗਾਈਡ ਅਧਿਆਪਕਾਂ ਦਾ ਵੀ ਸਨਮਾਨ ਕੀਤਾ ਜਾਂਦਾ ਹੈ। ਜਾਣਕਾਰੀ ਦਿੰਦੇ ਹੋਏ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਅਜਨੌਦਾ ਨੇ ਦੱਸਿਆ ਕਿ ਇਨ੍ਹਾਂ ਸਾਰੇ ਸਮਾਗਮਾਂ ਵਿਚ ਖ਼ੁਦ ਸੁੱਖੀ ਬਾਠ ਵਿਸ਼ੇਸ਼ ਤੌਰ @ਤੇ ਕੈਨੇਡਾ ਤੋਂ ਸ਼ਿਰਕਤ ਕਰਦੇ ਹਨ। ਜੇਕਰ ਗੱਲ ਪੰਜਾਬ ਤੋਂ ਬਾਹਰ ਦੀ ਕਰੀਏ ਤਾਂ ਇਸ ਪ੍ਰੋਜੈਕਟ ਤਹਿਤ ਸ੍ਰੀ ਗੰਗਾਨਗਰ ਰਾਜਸਥਾਨ ਵਿਚ ਵੀ ਦੋ ਕਿਤਾਬਾਂ ਪੰਜਾਬੀ ਬਾਲ ਲੇਖਕਾਂ ਦੀਆਂ ਛਾਪ ਚੁੱਕੇ ਹਾਂ। ਇਕ ਕਿਤਾਬ ਹਨੂੰਮਾਨਗੜ੍ਹ ਰਾਜਸਥਾਨ ਵਿਚ ਛਾਪ ਚੁੱਕੇ ਹਾਂ। ਇਕ ਕਿਤਾਬ ਮਹਾਰਾਸ਼ਟਰ ਮੁੰਬਈ ਵਿਚ ਛਾਪ ਕੇ ਲੋਕ ਅਰਪਣ ਕਰ ਚੁੱਕੇ ਹਾਂ। ਹਿਮਾਚਲ ਅਤੇ ਦਿੱਲੀ ਦੀ ਕਿਤਾਬ ਛਪਾਈ ਅਧੀਨ ਹੈ ਅਤੇ ਰਾਜਸਥਾਨ ਵਿਚ ਵੀ ਇਹ ਪ੍ਰੋਜੈਕਟ ਬਾਖ਼ੂਬੀ ਚੱਲ ਰਿਹਾ ਹੈ। ਭਾਰਤ ਤੋਂ ਬਾਹਰ ਇਹ ਪ੍ਰੋਜੈਕਟ ਪਾਕਿਸਤਾਨ ਦੇ 17 ਜ਼ਿਲ੍ਹਿਆਂ ਵਿਚ ਚੱਲ ਰਿਹਾ ਹੈ ਅਤੇ ਪੰਜ ਸੁੱਖੀ ਬਾਠ ਕੈਨੇਡਾ ਅਤੇ ਓਂਕਾਰ ਸਿੰਘ ਤੇਜੇ ।



ਜ਼ਿਲ੍ਹਿਆਂ 'ਚ ਸ਼ਾਹਮੁਖੀ ਵਿਚ ਕਿਤਾਬਾਂ ਛਾਪ ਚੁੱਕੇ ਹਾਂ, ਪਾਕਿਸਤਾਨ ਤੋਂ ਇਲਾਵਾ ਇੰਗਲੈਂਡ ਵਿਚ ਪੰਜਾਬੀ ਬੱਚਿਆਂ ਦੀ ਕਿਤਾਬ ਛਾਪ ਕੇ ਲੋਕ ਅਰਪਣ ਕੀਤੀ ਜਾ ਚੁੱਕੀ ਹੈ। ਇਸ ਸਾਲ 18 ਅਪ੍ਰੈਲ ਨੂੰ ਫਰਾਂਸ ਵਿਖੇ ਵੀ ਪੰਜਾਬੀ ਵਾਲ ਲੇਖਕਾਂ ਦੀ ਕਿਤਾਬ ਤਿਆਰ ਕਰਕੇ ਲੋਕ ਅਰਪਣ ਕੀਤੀ ਜਾ ਰਹੀ ਹੈ। ਕੈਨੇਡਾ, ਆਸਟ੍ਰੇਲੀਆ, ਅਮਰੀਕਾ, ਇਟਲੀ, ਯੁਗਾਂਡਾ ਵਿਚ ਵੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਬਾਲ ਲੇਖਕ ਜਿਸ ਵਿਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਬਾਲ ਸ਼੍ਰੋਮਣੀ ਐਵਾਰਡ ਦਿੱਤੇ ਗਏ। ਇਸ ਕਾਨਫਰੰਸ ਵਿਚ ਪੰਜਾਬ ਤੋਂ ਇਲਾਵਾ ਵੱਖ-ਵੱਖ ਰਾਜਾਂ ਦੇ ਲਗਭਗ 1500 ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰੋਜੈਕਟ ਤਹਿਤ ਹੁਣ ਤੱਕ 7000 ਬਾਲ ਲੇਖਕਾਂ ਦੀਆਂ 70 ਦੇ ਲਗਭਗ ਕਿਤਾਬਾਂ ਛਾਪ ਕੇ ਲੋਕ ਅਰਪਣ ਕਰ ਚੁੱਕੇ ਹਾਂ 20 ਕਿਤਾਬਾਂ ਛਪ ਕੇ ਤਿਆਰ ਹਨ 16000 ਦੇ ਲਗਭਗ ਬਾਲ ਲੇਖਕ ਇਸ ਪ੍ਰੋਜੈਕਟ ਨਾਲ ਜੁੜੇ ਹੋਏ ਹਨ ਅਤੇ ਇਨ੍ਹਾਂ ਵਿਦਿਆਰਥੀਆਂ ਨਾਲ ਲਗਭਗ 500 ਗਾਈਡ ਅਧਿਆਪਕ ਇਸ ਪ੍ਰੋਜੈਕਟ ਵਿਚ ਸੇਵਾ ਨਿਭਾ ਰਹੇ ਹਨ। ਸ੍ਰੀ ਤੇਜੇ ਨੇ ਦੱਸਿਆ ਕਿ 3 ਮਈ 2026 ਨੂੰ ਦੂਸਰੀ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਕੈਂਬਰਿਜ ਇੰਟਰਨੈਸ਼ਨਲ ਸਕੂਲ ਫਗਵਾੜਾ ਵਿਖੇ ਕਰਵਾਈ ਜਾ ਰਹੀ ਹੈ। ਜਿਸ ਵਿਚ ਪੰਜਾਬ ਦੇ ਜ਼ਿਲ੍ਹਿਆਂ ਤੋਂ ਇਲਾਵਾ ਬਾਹਰਲੇ ਰਾਜਾਂ ਅਤੇ ਹੋਰ ਦੇਸਾਂ ਤੋਂ ਲਗਭਗ 600 ਦੇ ਕਰੀਬ ਬਾਲ ਲੇਖਕ ਭਾਗ ਲੈ ਰਹੇ ਹਨ। ਬੱਚਿਆਂ ਦੀ ਹੌਸਲਾ ਅਫਜਾਈ ਕਰਨ ਲਈ ਬਾਲ ਸਾਹਿਤ ਨਾਲ ਜੁੜੇ ਲੇਖਕ ਅਤੇ ਯੂਨੀਵਰਸਿਟੀਆਂ ਦੇ ਉੱਚ ਅਧਿਕਾਰੀ ਵੀ ਪਹੁੰਚ ਰਹੇ ਹਨ। ਇਸ ਪ੍ਰੋਜੈਕਟ ਦਾ ਮਕਸਦ ਬਾਲ ਸਾਹਿਤਕਾਰਾਂ ਨੂੰ ਅੱਗੇ ਲਿਆ ਕੇ ਉਨ੍ਹਾਂ ਦੀ ਕਲਾ ਨਿਖਾਰ ਕੇ ਉਚਾਈਆਂ 'ਤੇ ਪਹੁੰਚਾਉਣਾ ਹੈ।

# ਰਾਸ਼ਟਰਪਤੀ ਵੱਲੋਂ ਭਾਰਤੀ ਰੇਲਵੇ ਦੇ ਪ੍ਰੋਬੇਸ਼ਨਰੀ ਅਧਿਕਾਰੀਆਂ ਅਤੇ ਕੇਂਦਰੀ ਇੰਜੀਨੀਅਰਿੰਗ ਸੇਵਾ ਦੇ ਅਧਿਕਾਰੀਆਂ ਦੇ ਸੱਦੇ 'ਤੇ ਸਮਾਗਮ 'ਚ ਸ਼ਿਰਕਤ

ਨਵੀਂ ਦਿੱਲੀ, 20 ਅਪ੍ਰੈਲ (ਚ.ਨ.ਸ.) : ਭਾਰਤੀ ਰੇਲਵੇ ਦੇ ਪਿਆਰੇ ਪ੍ਰੋਬੇਸ਼ਨਰ ਅਤੇ ਕੇਂਦਰੀ ਇੰਜੀਨੀਅਰਿੰਗ ਸੇਵਾ (ਸੜਕਾਂ) ਦੇ ਸਹਾਇਕ ਕਾਰਜਕਾਰੀ ਇੰਜੀਨੀਅਰ, ਪ੍ਰਤੀ ਸੇਵਾਵਾਂ ਵਿੱਚ ਤੁਹਾਡੀ ਚੋਣ 'ਤੇ ਤੁਹਾਡੇ ਵਿੱਚੋਂ ਹਰੇਕ ਨੂੰ ਮੇਰੀਆਂ ਦਿਲੋਂ ਵਧਾਈਆਂ। ਇਹ ਪ੍ਰਾਪਤੀ ਤੁਹਾਡੀ ਲਗਨ, ਅਨੁਸ਼ਾਸਨ ਅਤੇ ਦ੍ਰਿੜਤਾ ਨੂੰ ਦਰਸਾਉਂਦੀ ਹੈ। ਤੁਹਾਨੂੰ ਰਾਸ਼ਟਰ ਦੀ ਸੇਵਾ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਹ ਜ਼ਿੰਮੇਵਾਰੀ ਤੁਹਾਨੂੰ ਅਣਗਿਣਤ ਨਾਗਰਿਕਾਂ ਦੇ ਜੀਵਨ ਵਿੱਚ ਇੱਕ ਅਰਥਪੂਰਨ ਫਰਕ ਲਿਆਉਣ ਦਾ ਮੌਕਾ ਦਿੰਦੀ ਹੈ। ਤੁਸੀਂ ਭਾਰਤ ਦੀ ਵਿਕਾਸ ਕਹਾਣੀ ਦੇ ਇੱਕ ਨਿਰਣਾਇਕ ਪਲ 'ਤੇ ਜਨਤਕ ਸੇਵਾ ਵਿੱਚ ਸ਼ਾਮਲ ਹੋਏ ਹੋ। ਰਾਸ਼ਟਰ ਵਿਕਾਸ ਭਾਰਤ ਬਣਾਉਣ ਦੇ ਸਮੂਹਿਕ ਸੰਕਲਪ ਨਾਲ ਅੱਗੇ ਵਧ ਰਿਹਾ ਹੈ। ਭਾਰਤੀ ਰੇਲਵੇ ਅਤੇ ਕੇਂਦਰੀ ਇੰਜੀਨੀਅਰਿੰਗ ਸੇਵਾ (ਸੜਕਾਂ) ਦੇ ਨੌਜਵਾਨ ਅਧਿਕਾਰੀਆਂ ਦੇ ਰੂਪ ਵਿੱਚ, ਤੁਸੀਂ ਅਜਿਹੀਆਂ ਭੂਮਿਕਾਵਾਂ ਵਿੱਚ ਕਦਮ ਰੱਖ ਰਹੇ ਹੋ ਜੋ ਲੱਖਾਂ ਨਾਗਰਿਕਾਂ ਦੇ ਜੀਵਨ ਨੂੰ ਸਿੱਧੇ ਤੌਰ 'ਤੇ ਪ੍ਰਭਾਵਤ ਕਰਦੀਆਂ ਹਨ। ਤੁਹਾਡੇ ਫੈਸਲਿਆਂ ਅਤੇ ਕਾਰਵਾਈਆਂ ਦਾ ਨਾਗਰਿਕਾਂ ਦੇ ਜੀਵਨ ਦੀ ਗੁਣਵੱਤਾ 'ਤੇ ਸਿੱਧਾ ਅਤੇ ਸਥਾਈ ਪ੍ਰਭਾਵ ਪਵੇਗਾ। ਬੁਨਿਆਦੀ ਢਾਂਚਾ ਉਹ ਨੀਂਹ ਹੈ ਜਿਸ 'ਤੇ ਆਧੁਨਿਕ ਰਾਸ਼ਟਰਾਂ ਦਾ ਨਿਰਮਾਣ ਹੁੰਦਾ ਹੈ। ਰੇਲਵੇ ਅਤੇ ਹਾਈਵੇਅ ਸਿਰਫ਼ ਆਵਾਜਾਈ ਦੇ ਸਿਸਟਮ ਨਹੀਂ ਹਨ; ਇਹ ਆਰਥਿਕ ਵਿਸਥਾਰ, ਸਮਾਜਿਕ ਸ਼ਮੂਲੀਅਤ ਅਤੇ ਰਾਸ਼ਟਰੀ ਏਕੀਕਰਨ ਦੇ ਸਾਧਨ ਹਨ। ਜਦੋਂ ਕੋਈ



ਰੇਲਗੱਡੀ ਕਿਸੇ ਦੂਰ-ਦੁਰਾਡੇ ਪਿੰਡ ਤੱਕ ਪਹੁੰਚਦੀ ਹੈ ਜਾਂ ਇੱਕ ਹਾਈਵੇਅ ਕਿਸੇ ਦੂਰ-ਦੁਰਾਡੇ ਖੇਤਰ ਨੂੰ ਜੋੜਦਾ ਹੈ, ਤਾਂ ਇਹ ਅਜਿਹੇ ਖੇਤਰਾਂ ਦੇ ਸਮਾਜਿਕ-ਆਰਥਿਕ ਵਿਕਾਸ ਲਈ ਬਹੁਤ ਸਾਰੇ ਮੌਕੇ ਖੋਲ੍ਹਦਾ ਹੈ। ਭਾਰਤੀ ਰੇਲਵੇ ਕੋਲ ਦੁਨੀਆ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਗੁੰਝਲਦਾਰ ਨੈੱਟਵਰਕਾਂ ਵਿੱਚੋਂ ਇੱਕ ਹੈ, ਜੋ ਨਾ ਸਿਰਫ਼ ਯਾਤਰੀਆਂ ਅਤੇ ਸਾਮਾਨ ਨੂੰ ਲੈ ਕੇ ਜਾਂਦਾ ਹੈ, ਸਗੋਂ ਲੱਖਾਂ ਲੋਕਾਂ ਦੀਆਂ ਇੱਛਾਵਾਂ ਨੂੰ ਵੀ ਲੈ ਕੇ ਜਾਂਦਾ ਹੈ। ਇਸ ਪ੍ਰਣਾਲੀ ਦਾ ਪ੍ਰਬੰਧਨ ਕਰਨ ਲਈ ਤੁਹਾਨੂੰ ਸਿਰਫ਼ ਤਕਨੀਕੀ ਹੁਨਰ ਦੀ ਹੀ ਨਹੀਂ ਸਗੋਂ ਇਮਾਨਦਾਰੀ, ਹਮਦਰਦੀ ਅਤੇ ਜਵਾਬਦੇਹੀ ਦੀ ਡੂੰਘੀ ਭਾਵਨਾ ਦੀ ਲੋੜ ਹੋਵੇਗੀ। ਤੁਹਾਨੂੰ ਹਮੇਸ਼ਾ ਯਾਤਰੀਆਂ ਦੀ ਸੁਰੱਖਿਆ, ਆਰਾਮ ਅਤੇ ਸਨਮਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਫੈਸਲੇ ਲੈਣੇ ਚਾਹੀਦੇ ਹਨ। ਜਿਵੇਂ-ਜਿਵੇਂ ਤੁਸੀਂ ਅੱਗੇ ਵਧਦੇ ਹੋ, ਮੈਂ ਤੁਹਾਨੂੰ ਜਨਤਕ ਸੇਵਾ ਦੇ ਮੁੱਲਾਂ ਜਿਵੇਂ ਕਿ ਇਮਾਨਦਾਰੀ, ਜਵਾਬਦੇਹੀ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਨੂੰ ਬਰਕਰਾਰ ਰੱਖਣ ਦੀ ਤਾਕੀਦ ਕਰਦਾ ਹਾਂ। ਚੁਣੌਤੀਆਂ ਅਤੇ ਮੁਸ਼ਕਲ ਫੈਸਲਿਆਂ ਦੇ ਪਲ ਆਉਣਗੇ। ਉਨ੍ਹਾਂ ਪਲਾਂ ਵਿੱਚ, ਆਪਣੇ ਮੁੱਲਾਂ ਨੂੰ ਤੁਹਾਡਾ ਮਾਰਗਦਰਸ਼ਨ ਕਰਨ ਦਿਓ। ਤੁਹਾਨੂੰ ਹਮੇਸ਼ਾ ਉਤਸੁਕ ਰਹਿਣਾ ਚਾਹੀਦਾ ਹੈ, ਸਿੱਖਦੇ ਰਹਿਣਾ ਚਾਹੀਦਾ ਹੈ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਤੁਹਾਡੇ ਦੁਆਰਾ ਕੀਤੇ ਗਏ ਵਿਕਲਪ, ਤੁਹਾਡੇ ਦੁਆਰਾ ਨਿਰਧਾਰਤ ਕੀਤੇ ਗਏ ਮਾਪਦੰਡ ਅਤੇ ਤੁਹਾਡੇ ਦੁਆਰਾ ਦਿਖਾਇਆ ਗਿਆ ਸਮਰਪਣ ਇੱਕ ਸਥਾਈ ਪ੍ਰਭਾਵ ਛੱਡੇਗਾ। ਤੁਸੀਂ ਸਿਰਫ਼ ਪ੍ਰਸ਼ਾਸਕ ਨਹੀਂ ਹੋ, ਸਗੋਂ ਤਰੱਕੀ ਦੇ ਸਮਰਥਕ ਅਤੇ ਜਨਤਕ ਵਿਸ਼ਵਾਸ ਦੇ ਰਖਵਾਲੇ ਹੋ। ਮੈਨੂੰ ਵਿਸ਼ਵਾਸ ਹੈ ਕਿ ਤੁਸੀਂ ਰਾਸ਼ਟਰ ਦੀਆਂ ਉਮੀਦਾਂ @ਤੇ ਖਰੇ ਉਤਰੋਗੇ ਅਤੇ ਆਪਣੇ ਪਰਿਵਾਰਾਂ, ਆਪਣੀ ਸੇਵਾ ਅਤੇ ਦੇਸ਼ ਨੂੰ ਮਾਣ ਦਿਵਾਓਗੇ।

# 'ਗਾਰਡੀਅਨਜ਼ ਆਫ਼ ਦ ਰੋਡ ਥੀਮ' ਤਹਿਤ ਨਵੇਂ ਵਾਹਨਾਂ ਨੂੰ ਦਿਖਾਈ ਹਰੀ ਝੰਡੀ

ਚੰਡੀਗੜ੍ਹ, 20 ਅਪ੍ਰੈਲ (ਚ.ਨ.ਸ.) : ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਆਈਏਐਸ, ਨੇ ਅੱਜ ਪੁਲਿਸ ਹੈੱਡਕੁਆਰਟਰ, ਸੈਕਟਰ 9, ਚੰਡੀਗੜ੍ਹ ਤੋਂ ਗਾਰਡੀਅਨਜ਼ ਆਫ਼ ਦ ਰੋਡ ਥੀਮ ਤਹਿਤ ਚੰਡੀਗੜ੍ਹ ਪੁਲਿਸ ਦੇ 55 ਨਵੇਂ ਸ਼ਾਮਲ ਕੀਤੇ ਵਾਹਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਬੇੜੇ ਵਿੱਚ 25 ਟੀਵੀਐਸ ਅਪਾਚੇ ਮੋਟਰਸਾਈਕਲ, 5 ਰਾਇਲ ਐਨਫੀਲਡ ਬੁਲੇਟ ਮੋਟਰਸਾਈਕਲ, 20 ਹੌਂਡਾ ਐਕਟਿਵਾ ਸਕੂਟਰ, 2 ਜੇਲ੍ਹ ਵੈਨ, 2 ਰਿਕਵਰੀ ਵੈਨ (ਅੰਡਰ-ਲਿਫਟ), ਅਤੇ 1 ਪਲੇਟਫਾਰਮ ਰਿਕਵਰੀ ਵਾਹਨ ਸ਼ਾਮਲ ਹਨ। ਸ਼੍ਰੀ ਮਨਦੀਪ ਸਿੰਘ ਬਰਾੜ, ਆਈਏਐਸ, ਗ੍ਰਹਿ ਸਕੱਤਰ, ਯੂਟੀ ਚੰਡੀਗੜ੍ਹ, ਅਤੇ ਸ਼੍ਰੀ ਪੁਸ਼ਪੇਂਦਰ ਕੁਮਾਰ, ਆਈਪੀਐਸ, ਇੰਸਪੈਕਟਰ ਜਨਰਲ ਆਫ਼ ਪੁਲਿਸ, ਯੂਟੀ ਚੰਡੀਗੜ੍ਹ, ਇਸ ਮੌਕੇ ਮੌਜੂਦ ਸਨ। ਸ਼੍ਰੀ ਰਾਜੀਵ ਰੰਜਨ ਸਿੰਘ, ਆਈਪੀਐਸ, ਡੀਆਈਜੀ, ਯੂਟੀ ਚੰਡੀਗੜ੍ਹ; ਸ਼੍ਰੀ ਸੁਮੇਰ ਪ੍ਰਤਾਪ ਸਿੰਘ, ਆਈਪੀਐਸ, ਐਸਐਸਪੀ (ਸੁਰੱਖਿਆ ਅਤੇ ਟ੍ਰੈਫਿਕ); ਚੰਡੀਗੜ੍ਹ ਪੁਲਿਸ ਦੇ ਹੋਰ ਸੀਨੀਅਰ ਅਧਿਕਾਰੀ, ਜਿਨ੍ਹਾਂ ਵਿੱਚ ਸ਼੍ਰੀਮਤੀ ਕੰਵਰਦੀਪ ਕੌਰ, ਆਈਪੀਐਸ, ਐਸਐਸਪੀ, ਯੂਟੀ ਚੰਡੀਗੜ੍ਹ; ਸ਼੍ਰੀ ਮਨਜੀਤ ਸ਼ਿਓਰਾਂ, ਆਈਪੀਐਸ; ਸ਼੍ਰੀਮਤੀ ਗੀਤਾਂਜਲੀ ਖੰਡੇਵਾਲ, ਆਈਪੀਐਸ; ਸ਼੍ਰੀਮਤੀ ਕੇ.ਐਮ. ਪ੍ਰਿਯੰਕਾ, ਆਈਪੀਐਸ; ਅਤੇ ਸ਼੍ਰੀ ਅਨੁਰਾਗ ਦੂਰ, ਆਈਪੀਐਸ ਸ਼ਾਮਲ ਸਨ। ਇਸ ਸਮਾਗਮ ਦੌਰਾਨ, ਨਵੇਂ ਖਰੀਦੇ ਗਏ ਵਾਹਨਾਂ ਨੂੰ ਰਸਮੀ ਤੌਰ 'ਤੇ ਹਰੀ ਝੰਡੀ ਦਿੱਤੀ ਗਈ, ਜਿਸ ਨਾਲ ਸ਼ਹਿਰ ਵਿੱਚ ਪੁਲਿਸਿੰਗ ਕੁਸ਼ਲਤਾ, ਐਮਰਜੈਂਸੀ ਪ੍ਰਤੀਕਿਰਿਆ ਅਤੇ ਗਤੀਸ਼ੀਲਤਾ ਵਿੱਚ ਹੋਰ ਵਾਧਾ ਹੋਵੇਗਾ।





# ਮਾਝਾ-ਦੁਆਬਾ

ਆਸ ਪਾਸ



## ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ 5 ਰੋਜ਼ਾ ਅੰਮ੍ਰਿਤ ਵੇਲਾ ਸਮਾਗਮ ਸ਼ੁਰੂ

### ਸੰਗਤਾਂ ਵਿੱਚ ਭਾਰੀ ਉਤਸ਼ਾਹ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ ਕਥਾ ਕੀਰਤਨ ਨਾਲ ਪਹਿਲੇ ਦਿਨ ਸੰਗਤਾਂ ਨਿਹਾਲ "ਜਿਨੀ ਨਾਮ ਧਿਆਇਆ"ਸਮਾਗਮ 24 ਅਪ੍ਰੈਲ ਨੂੰ, ਪ੍ਰਸਿੱਧ ਰਾਗੀ ਤੇ ਕਥਾਵਾਚਕ ਸੰਗਤਾਂ ਨੂੰ ਕਰਨਗੇ ਰੂਬਰੂ



ਅੰਮ੍ਰਿਤਸਰ, 20 ਅਪ੍ਰੈਲ (ਬਬਲੂ ਮਹਾਜਨ): ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ ਚੇਅਰਮੈਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਮੈਨੇਜਿੰਗ ਡਾਇਰੈਕਟਰ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ 20 ਤੋਂ 24 ਅਪ੍ਰੈਲ 2026 ਤੱਕ 5 ਰੋਜ਼ਾ ਵਿਸ਼ੇਸ਼ ਅੰਮ੍ਰਿਤ ਵੇਲਾ ਸਮਾਗਮ ਅਤੇ 13 ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਪਹਿਲੇ ਦਿਨ ਤੇ ਸਮਾਗਮ ਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਕਥਾ ਕੀਰਤਨ ਗਾਈ ਸੰਗਤਾਂ ਨੂੰ ਨਿਹਾਲ ਕੀਤਾ

ਜਾਣਕਾਰੀ ਦਿੰਦਿਆਂ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਦੱਸਿਆ ਕਿ ਸਮਾਗਮਾਂ ਦਾ ਮੁੱਖ ਉਦੇਸ਼ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਾ ਅਤੇ ਆਤਮਕ ਸ਼ਾਂਤੀ ਪ੍ਰਦਾਨ ਕਰਨਾ ਹੈ। 22 ਅਪ੍ਰੈਲ ਨੂੰ ਅੰਮ੍ਰਿਤ ਵੇਲੇ ਭਾਈ ਜਗਜੀਤ ਸਿੰਘ ਜੀ ਬਬੀਹਾ ਵੱਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਇਸ ਤੋਂ ਇਲਾਵਾ 24 ਅਪ੍ਰੈਲ ਨੂੰ ਸ਼ਾਮ 4 ਤੋਂ 8 ਵਜੇ ਤੱਕ ਜਿਨੀ ਨਾਮ ਧਿਆਇਆ ਸਮਾਗਮ ਅਧੀਨ ਵਿਸ਼ੇਸ਼ ਕਥਾ ਅਤੇ ਕੀਰਤਨ ਦਰਬਾਰ ਸਜਾਇਆ ਜਾਵੇਗਾ।

ਜਿਸ ਵਿੱਚ ਬਾਬਾ ਮੇਜਰ ਸਿੰਘ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਗਿਆਨੀ ਵਿਸ਼ਾਲ ਸਿੰਘ ਜੀ ਜਸਬੀਰ ਸਿੰਘ ਸ਼ਾਂਤ ਅਤੇ ਮਾਤਾ ਵਿਪਣ ਪ੍ਰੀਤ ਕੌਰ ਵੀ ਸੰਗਤਾਂ ਨੂੰ ਦਰਸ਼ਨ ਦੇਣਗੇ ਸਮਾਗਮ ਦੌਰਾਨ ਬਚਿਆਂ ਲਈ ਵਿਸ਼ੇਸ਼ ਸਨਮਾਨ ਵੀ ਕੀਤਾ ਜਾਵੇਗਾ ਦੇ ਸਮਾਗ਼ਮ ਮੌਕੇ ਤੇ ਮੈਨੇਜਰ ਦਲਬੀਰ ਸਿੰਘ ਪਰਮਜੀਤ ਸਿੰਘ ਓਂਕਾਰ ਸਿੰਘ ਪੱਪੂ ਵੀਰ ਜੀ ਹਰਿੰਦਰ ਸਿੰਘ ਗੋਲਡੀ ਸਤਵਿੰਦਰ ਸਿੰਘ ਕਾਲੂ ਭੁਪਿੰਦਰ ਸਿੰਘ ਰਾਜੂ ਸੁਰਿੰਦਰ ਸਿੰਘ ਰਿੰਕੂ ਸੁੱਖਵਿੰਦਰ ਸਿੰਘ ਗੋਗਾ ਵੀਰ ਜੀ ਮਨਪ੍ਰੀਤ ਸਿੰਘ ਸਰਵਣ ਸਿੰਘ ਗੁਰਪ੍ਰੀਤ ਸਿੰਘ ਚਾਹਤ ਅਤੇ ਹੋਰ ਸੰਗਤਾਂ ਹਾਜ਼ਰ ਸਨ

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਟਾਕਾਨੀਨੀ ਗੁਰਦੁਆਰਾ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ ਦੇ ਸਮਾਗਮ ਮੌਕੇ ਮਾਓਰੀ ਆਗੂਆਂ ਦਾ ਸਨਮਾਨ

ਅੰਮ੍ਰਿਤਸਰ, 20 ਅਪ੍ਰੈਲ (ਬਬਲੂ ਮਹਾਜਨ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੁਪਰੀਮ ਸਿੱਖ ਸੁਸਾਇਟੀ ਆਫ਼ ਨਿਊਜ਼ੀਲੈਂਡ ਦੇ ਉਪਰਾਲੇ ਨਾਲ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਟਾਕਾਨੀਨੀ ਵਿਖੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਸੰਗਤ ਨੂੰ ਸਿੱਖੀ ਸਿਧਾਂਤਾਂ ਤੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਨਿਊਜ਼ੀਲੈਂਡ ਦੀ ਸਿੱਖ ਸੰਗਤ ਨੂੰ ਆਪਣੇ ਬੱਚਿਆਂ ਨੂੰ ਗੁਰਮੁਖੀ ਪੰਜਾਬੀ ਸਿਖਾਉਣ ਅਤੇ ਗੁਰਦੁਆਰਾ ਸਾਹਿਬਾਨ ਨਾਲ ਜੋੜ ਦੇ ਰੱਖਣ ਦਾ ਸੰਦੇਸ਼ ਦਿੱਤਾ। ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਮਾਗਮ ਅੰਦਰ ਸਥਾਨਕ ਸਿੱਖ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।



ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਬਹੁਤ ਖ਼ੁਸ਼ੀ ਦੀ ਗੱਲ ਹੈ ਕਿ ਆਪਣੇ ਮੂਲ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਆ ਕੇ ਇੱਥੇ ਵੱਸੇ ਸਿੱਖਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲਿਆ ਹੈ ਅਤੇ ਗੁਰੂ ਘਰਾਂ ਰਾਹੀਂ ਸਿੱਖ ਸਿਧਾਂਤ ਅਨੁਸਾਰ ਕਾਰਜ ਤੇ ਸੇਵਾਵਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕੋਵਿਡ-19 ਵਿੱਚ ਸਿੱਖਾਂ ਨੇ ਇਸ ਦੇਸ਼ ਅੰਦਰ ਮਨੁੱਖਤਾ ਦੀ ਭਲਾਈ ਲਈ ਵੱਡੀਆਂ ਸੇਵਾਵਾਂ ਨਿਭਾਈਆਂ, ਜਿਨ੍ਹਾਂ ਨਾਲ ਸਿੱਖ ਦਸਤਾਰ ਅਤੇ ਪਛਾਣ ਦਾ ਮਾਣ ਵਧਿਆ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਬੱਚਿਆਂ ਨੂੰ ਸਿੱਖੀ ਨਾਲ ਜੋੜੀ ਰੱਖਣ ਲਈ ਇਹ ਜ਼ਰੂਰੀ ਹੈ ਕਿ ਸਮੂਹ ਸਿੱਖ ਪਰਿਵਾਰ ਹਰ ਹਫ਼ਤੇ ਘੱਟੋ-ਘੱਟ ਛੁੱਟੀ ਵਾਲੇ ਦਿਨ ਪੂਰੇ ਪਰਿਵਾਰ ਸਮੇਤ ਆਪਣੇ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਸੰਗਤ ਕਰਨ ਲਈ ਆਉਣ। ਉਨ੍ਹਾਂ ਕਿਹਾ ਕਿ ਭਾਵੇਂ ਅਸੀਂ ਆਪਣੇ ਮੂਲ ਪੰਜਾਬ ਨਾਲੋਂ ਦੂਰ ਹਾਂ ਪਰੰਤੂ ਸਿੱਖ ਨੇ ਹਮੇਸ਼ਾ ਇਹ ਗੱਲ ਚੇਤੇ ਵਿੱਚ ਰੱਖਣੀ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਖ਼ਸ਼ਿਸ਼ ਸਦਕਾ ਖ਼ਾਲਸਾ ਪੰਥ ਇੱਕ ਸਾਂਝਾ ਪਰਿਵਾਰ ਹੈ ਅਤੇ ਅਸੀਂ ਕੌਮੀ ਰੂਪ ਵਿੱਚ ਸ੍ਰੀ ਅਨੰਦਪੁਰ ਸਾਹਿਬ ਦੇ ਵਾਸੀ ਹਾਂ। ਉਨ੍ਹਾਂ ਕਿਹਾ ਕਿ ਅਸੀਂ ਰਲ ਮਿਲ ਕੇ ਇੱਕ ਦੂਸਰੇ ਦਾ ਸਹਿਯੋਗ ਅਤੇ ਲੋੜਵੰਦਾਂ ਦੀ ਮੱਦਦ ਕਰੀਏ।

ਸਮਾਗਮ ਦੌਰਾਨ ਪਿਛਲੇ ਸਮੇਂ ਸਿੱਖ ਭਾਈਚਾਰੇ ਦੇ ਹੱਕ ਵਿੱਚ ਖੜ੍ਹਨ ਵਾਲੀਆਂ ਮਾਓਰੀ ਭਾਈਚਾਰੇ ਨਾਲ ਸਬੰਧਤ ਦੋ ਮਹਿਲਾ ਆਗੂ ਵੀ ਪੁੱਜੀਆਂ। ਨਿਊਜ਼ੀਲੈਂਡ ਦੇ ਤਮਾਕੀ ਮਕਾਰਉ ਤੋਂ ਸੰਸਦ ਮੈਂਬਰ ਓਰੀਨੀ ਕਾਇਪਾਰਾ ਅਤੇ ਨਿਊਜ਼ੀਲੈਂਡ ਮਾਓਰੀ ਕੌਂਸਲ ਦੀ ਚੇਅਰਪਰਸਨ ਐਨ ਕੈਂਡਲ ਨੇ ਵਿਸ਼ੇਸ਼ ਰੂਪ ਵਿੱਚ ਸ਼ਮੂਲੀਅਤ ਕੀਤੀ, ਜਿਨ੍ਹਾਂ ਦਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਧੰਨਵਾਦ ਕੀਤਾ ਗਿਆ ਅਤੇ ਦੋਵਾਂ ਨੂੰ ਗੁਰੂ ਘਰ ਵਿਖੇ ਸਨਮਾਨਿਤ ਵੀ ਕੀਤਾ ਗਿਆ। ਪਿਛਲੇ ਸਮੇਂ ਔਕਲੈਂਡ ਤੇ ਟੌਰੰਗਾ ਵਿੱਚ ਕੁਝ ਸ਼ਰਾਰਤੀ ਵਿਅਕਤੀਆਂ ਵੱਲੋਂ ਮਾਓਰੀ ਰਵਾਇਤ ਹਾਕਾ ਦੀ ਦੁਰਵਰਤੋਂ ਕਰਕੇ ਨਗਰ ਕੀਰਤਨ ਦਾ ਵਿਰੋਧ ਕੀਤੇ ਜਾਣ ਤੋਂ ਬਾਅਦ ਇਨ੍ਹਾਂ ਦੋਵਾਂ ਆਗੂਆਂ ਨੇ ਸਿੱਖਾਂ ਦੇ ਹੱਕ ਵਿੱਚ ਡਟ ਕੇ ਅਵਾਜ਼ ਉਠਾਈ ਸੀ।

ਇਸ ਮੌਕੇ ਸੁਪਰੀਮ ਸਿੱਖ ਸੁਸਾਇਟੀ ਆਫ਼ ਨਿਊਜ਼ੀਲੈਂਡ ਦੇ ਬੁਲਾਰੇ ਤੇ ਸੈਂਟਰਲ ਸਿੱਖ ਐਸੋਸੀਏਸ਼ਨ ਆਫ਼ ਨਿਊਜ਼ੀਲੈਂਡ ਦੇ ਪ੍ਰਧਾਨ ਸ. ਦਲਜੀਤ ਸਿੰਘ, ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਕਰਤਾਰ ਸਿੰਘ, ਸਕੱਤਰ ਸ. ਰਣਬੀਰ ਸਿੰਘ ਲਾਲੀ, ਚੇਅਰਮੈਨ ਸ. ਨੈਬ ਸਿੰਘ, ਚੇਅਰਮੈਨ ਧਾਰਮਿਕ ਮਾਮਲੇ ਸ. ਸਤਨਾਮ ਸਿੰਘ, ਖਜਾਨਚੀ ਸ. ਮਨਜਿੰਦਰ ਸਿੰਘ, ਯੂਥ ਅਕਾਲੀ ਦਲ ਦੇ ਪ੍ਰਧਾਨ ਸ. ਸਰਬਜੀਤ ਸਿੰਘ ਝਿੰਜਰ, ਮੀਤ ਪ੍ਰਧਾਨ ਬੀਬੀ ਹਰਵਿੰਦਰ ਕੌਰ, ਸਾਬਕਾ ਪ੍ਰਧਾਨ ਬੀਬੀ ਜਸਬੀਰ ਕੌਰ, ਪਾਪਾਕੁਰਾ ਮਰਾਏ ਕੌਂਸਲ ਦੇ ਚੇਅਰਮੈਨ ਟੋਨੀ ਕਾਕੇ, ਸ. ਜਸਕਰਨ ਸਿੰਘ ਮੀਡੀਆ ਸਲਾਹਕਾਰ ਆਦਿ ਹਾਜ਼ਰ ਸਨ।

## ਬਾਲ ਅਧਿਕਾਰਾਂ ਦੀ ਰਾਖੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਾਜੇਸ਼ ਕੁਮਾਰ ਦੇ ਯਤਨ ਸ਼ਲਾਘਾਯੋਗ

ਤਰਨ ਤਾਰਨ, 20 ਅਪ੍ਰੈਲ (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ) : ਜ਼ਿਲ੍ਹਾ ਤਰਨ ਤਾਰਨ ਵਿਖੇ ਬਾਲ ਅਧਿਕਾਰਾਂ ਦੀ ਰਾਖੀ ਅਤੇ ਲੋੜਵੰਦ ਬੱਚਿਆਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ੍ਰੀ ਰਾਜੇਸ਼ ਕੁਮਾਰ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਦੀ ਬਦੌਲਤ ਅੱਜ ਇਹ ਵਿਭਾਗ ਇਲਾਕੇ ਵਿੱਚ ਖ਼ਾਸ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਉਨ੍ਹਾਂ ਦੀ ਸੁਚੱਜੀ ਅਗਵਾਈ ਹੇਠ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਬੱਚਿਆਂ ਦੇ ਉੱਜਵਲ ਭਵਿੱਖ ਲਈ ਕੀਤੇ ਜਾ ਰਹੇ ਕਾਰਜਾਂ ਦੀ ਚਾਰ ਚੁਫੇਰੇ ਸ਼ਲਾਘਾ ਹੋ ਰਹੀ ਹੈ।



ਸ੍ਰੀ ਰਾਜੇਸ਼ ਕੁਮਾਰ ਨੇ ਹਮੇਸ਼ਾ ਇਹ ਯਕੀਨੀ ਬਣਾਇਆ ਹੈ ਕਿ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਹਰ ਹੱਕਦਾਰ ਬੱਚੇ ਤੱਕ ਪਹੁੰਚੇ। ਖ਼ਾਸ ਕਰਕੇ ਅਨਾਥ ਅਤੇ ਬੇਸਹਾਰਾ ਬੱਚਿਆਂ ਲਈ ਚਲਾਈਆਂ ਜਾ ਰਹੀਆਂ 'ਪਾਲਣ-ਪੋਸ਼ਣ' ਅਤੇ 'ਸਪਾਂਸਰਸ਼ਿਪ' ਸਕੀਮਾਂ ਨੂੰ ਜਿਸ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਉਨ੍ਹਾਂ ਨੇ ਲਾਗੂ ਕੀਤਾ ਹੈ, ਉਹ ਪ੍ਰਸ਼ਾਸਨਿਕ ਪੱਧਰ 'ਤੇ ਇੱਕ ਮਿਸਾਲ ਹੈ। ਉਨ੍ਹਾਂ ਦੀ ਨਿਮਰਤਾ ਅਤੇ ਕੰਮ ਪ੍ਰਤੀ ਲਗਨ ਕਾਰਨ ਅੱਜ ਆਮ ਲੋਕਾਂ ਦਾ ਵਿਸ਼ਵਾਸ ਇਸ ਵਿਭਾਗ ਵਿੱਚ ਹੋਰ ਵੀ ਪੱਕਾ ਹੋਇਆ ਹੈ।

ਇਲਾਕਾ ਨਿਵਾਸੀਆਂ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀ ਰਾਜੇਸ਼ ਕੁਮਾਰ ਵਰਗੇ ਮਿਹਨਤੀ ਅਤੇ ਕਰਮਠ ਅਧਿਕਾਰੀ ਦੀ ਕਾਰਜਸ਼ੈਲੀ ਤੋਂ ਦੂਜੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਵੀ ਵੱਡੀ ਸਿੱਖਿਆ ਲੈਣੀ ਚਾਹੀਦੀ ਹੈ। ਉਨ੍ਹਾਂ ਦੀ ਬੋਲਬਾਣੀ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਅੰਦਾਜ਼ ਉਨ੍ਹਾਂ ਨੂੰ ਬਾਕੀ ਅਧਿਕਾਰੀਆਂ ਤੋਂ ਵੱਖਰਾ ਕਰਦਾ ਹੈ।

ਸਮਾਜ ਦੇ ਸੂਝਵਾਨ ਵਰਗ ਨੇ ਪੁਰਜ਼ੋਰ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਨੂੰ ਅਜਿਹੇ ਇਮਾਨਦਾਰ ਅਤੇ ਫ਼ਰਜ਼ਸ਼ਨਾਸ ਅਧਿਕਾਰੀਆਂ ਦੀਆਂ ਸੇਵਾਵਾਂ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦੇਣਾ ਚਾਹੀਦਾ ਹੈ। ਅਜਿਹੇ ਅਧਿਕਾਰੀ ਹੀ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਅਤੇ ਸਰਕਾਰੀ ਤੰਤਰ ਦਾ ਅਕਸ ਸੁਧਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਦੀਆਂ ਨਿਸ਼ਕਾਮ ਸੇਵਾਵਾਂ ਸਦਕਾ ਅੱਜ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤਰਨ ਤਾਰਨ ਪੂਰੇ ਸੂਬੇ ਵਿੱਚ ਮੋਹਰੀ ਹੋ ਕੇ ਵਿਚਰ ਰਿਹਾ ਹੈ।

## ਗੁਰਦੁਆਰਾ ਪ੍ਰਿੰਟਿੰਗ ਪ੍ਰੈੱਸ ਦਾ ਨਵੀਨੀਕਰਨ ਮਗਰੋਂ ਐਡਵੋਕੇਟ ਧਾਮੀ ਵੱਲੋਂ ਉਦਘਾਟਨ



ਅੰਮ੍ਰਿਤਸਰ, 20 ਅਪ੍ਰੈਲ (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਕਾਰਜਸ਼ੀਲ ਗੁਰਦੁਆਰਾ ਪ੍ਰਿੰਟਿੰਗ ਪ੍ਰੈੱਸ ਦਾ ਨਵੀਨੀਕਰਨ ਮਗਰੋਂ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਉਦਘਾਟਨ ਕੀਤਾ। ਇਸ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਏ ਅਤੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਦੀ ਮੁਕੰਮਲ ਸਟੇਸ਼ਨਰੀ ਗੁਰਦੁਆਰਾ ਪ੍ਰਿੰਟਿੰਗ ਪ੍ਰੈਸ ਰਾਹੀਂ ਛਪਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਲੋੜ ਨੂੰ ਮੁੱਖ ਰੱਖਦਿਆਂ ਪ੍ਰਿੰਟਿੰਗ ਦੇ ਕੰਮ-ਕਾਜ ਨੂੰ ਹੋਰ ਬਿਹਤਰ ਕਰਨ ਲਈ ਆਧੁਨਿਕ ਤਕਨਾਲੋਜੀ ਦੀਆਂ ਮਸ਼ੀਨਾਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਿੰਟਿੰਗ ਪ੍ਰੈਸ ਦੇ ਨਵੀਨੀਕਰਨ ਦੇ ਕਾਰਜਾਂ ਦੀ ਸੇਵਾ ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਵੱਲੋਂ ਕਰਵਾਈ ਗਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਸਤਨਾਮ ਸਿੰਘ ਦਾ ਸਨਮਾਨ ਵੀ ਕੀਤਾ।

ਇਸ ਮੌਕੇ ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਐਕਸੀਅਨ ਸ. ਜਤਿੰਦਰਪਾਲ ਸਿੰਘ ਤੇ ਸ. ਸੁਖਜਿੰਦਰ ਸਿੰਘ, ਇੰਚਾਰਜ ਸ. ਓਂਕਾਰ ਸਿੰਘ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ, ਗੋਲਡਨ ਆਫਸੈਟ ਪ੍ਰੈੱਸ ਮੈਨੇਜਰ ਸ. ਸੰਦੀਪ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਗੁਰਦੁਆਰਾ ਪ੍ਰਿੰਟਿੰਗ ਪ੍ਰੈੱਸ ਦੇ ਮੈਨੇਜਰ ਸ. ਹਰਮਿੰਦਰ ਸਿੰਘ ਮਾਹੀਆ, ਜੇਈ ਸ. ਸ਼ਮਸ਼ੇਰ ਸਿੰਘ ਅਤੇ ਹੋਰ ਮੌਜੂਦ ਸਨ।

## ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ 'ਟਰਾਈ-ਫੈਸਟ 2026' ਅੱਜ

### ਜੀ.ਐਨ.ਡੀ.ਯੂ.ਦੇ ਡਾ. ਅਮਨਦੀਪ ਸਿੰਘ ਹੋਣਗੇ ਮੁੱਖ ਮਹਿਮਾਨ

ਅੰਮ੍ਰਿਤਸਰ, 20 ਅਪ੍ਰੈਲ (ਬਬਲੂ ਮਹਾਜਨ) : ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵੱਲੋਂ ਵਿਦਿਆਰਥੀਆਂ ਦੀ ਅੰਦਰੂਨੀ ਪ੍ਰਤਿਭਾ ਨੂੰ ਉਜਾਗਰ ਕਰਨ ਅਤੇ ਉਨ੍ਹਾਂ ਨੂੰ ਇੱਕ ਮੰਚ ਪ੍ਰਦਾਨ ਕਰਨ ਦੇ ਮਕਸਦ ਨਾਲ ਮਿਤੀ 21 ਅਪ੍ਰੈਲ 2026, ਦਿਨ ਮੰਗਲਵਾਰ ਨੂੰ ਵਿਸ਼ਾਲ 'ਟਰਾਈ-ਫੈਸਟ 2026' ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਇੱਕ ਅਹਿਮ ਕਦਮ ਸਾਬਤ ਹੋਵੇਗਾ।



ਸਮਾਗਮ ਦੀ ਮਹੱਤਤਾ ਨੂੰ ਵੇਖਦੇ ਹੋਏ, ਗੁਰੂ ਨਾਨਕ ਦੇਵ ਯੂਨੀਵਰਸਿਟੀ (GNDU) ਦੇ ਯੂਥ ਵੈਲਫੇਅਰ ਵਿਭਾਗ ਦੇ ਇੰਚਾਰਜ ਡਾ. ਅਮਨਦੀਪ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣਗੇ। ਉਨ੍ਹਾਂ ਦੀ ਮੌਜੂਦਗੀ ਵਿਦਿਆਰਥੀਆਂ ਲਈ ਉਤਸ਼ਾਹਜਨਕ ਹੋਵੇਗੀ, ਕਿਉਂਕਿ ਉਹ ਲੰਬੇ ਸਮੇਂ ਤੋਂ ਯੂਥ ਗਤੀਵਿਧੀਆਂ ਰਾਹੀਂ ਨੌਜਵਾਨਾਂ ਨੂੰ ਸਹੀ ਸੇਧ ਦੇ ਰਹੇ ਹਨ।

ਇਸ ਫੈਸਟੀਵਲ ਦੌਰਾਨ ਕਾਲਜ ਦੇ ਵਿਦਿਆਰਥੀ ਆਪਣੀ ਕਲਾ ਦੇ ਵੱਖ-ਵੱਖ ਜੌਹਰ ਦਿਖਾਉਣਗੇ। ਪ੍ਰੋਗਰਾਮ ਦੀ ਰੂਪਰੇਖਾ ਬਾਰੇ ਦੱਸਦਿਆਂ ਪ੍ਰਿੰਸੀਪਲ ਨੇ ਕਿਹਾ ਕਿ ਇਸ ਵਿੱਚ:

ਸੱਭਿਆਚਾਰਕ ਪੇਸ਼ਕਾਰੀਆਂ: ਲੋਕ ਗੀਤ, ਡਾਂਸ, ਗਿੱਧਾ, ਭੰਗੜਾ ਅਤੇ ਸਮਾਜਿਕ ਮੁੱਦਿਆਂ 'ਤੇ ਆਧਾਰਿਤ ਸਕਿੱਟਾਂ ਪੇਸ਼ ਕੀਤੀਆਂ ਜਾਣਗੀਆਂ।

ਪ੍ਰਦਰਸ਼ਨੀਆਂ: ਕਾਲਜ ਦੇ ਵੱਖ-ਵੱਖ ਵਿਭਾਗਾਂ ਵੱਲੋਂ ਤਿਆਰ ਕੀਤੇ ਗਏ ਮਾਡਲ, ਕਿਤਾਬਾਂ ਦੀ ਪ੍ਰਦਰਸ਼ਨੀ ਅਤੇ ਸੰਗੀਤ ਵਿੱਚ ਵਰਤੇ ਜਾਣ ਵਾਲੇ ਸਾਜ਼ਾਂ ਦੀ ਪ੍ਰਦਰਸ਼ਨੀ ਵਿਸ਼ੇਸ਼ ਖਿੱਚ ਦਾ ਕੇਂਦਰ ਹੋਵੇਗੀ।

ਵਿਭਾਗੀ ਯੋਗਦਾਨ: ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਨਵੀਨਤਮ ਡਿਜ਼ਾਈਨਾਂ ਦੀ ਪ੍ਰਦਰਸ਼ਨੀ ਅਤੇ ਸੋਸ਼ਲ ਸਾਇੰਸ ਵਿਭਾਗ ਵੱਲੋਂ ਇਤਿਹਾਸਿਕ ਵਿਰਸੇ ਨਾਲ ਸਬੰਧਤ ਮਾਡਲ ਪੇਸ਼ ਕੀਤੇ ਜਾਣਗੇ।

ਕਲਾ ਦੇ ਨਾਲ-ਨਾਲ ਵਿਦਿਆਰਥੀਆਂ ਦੇ ਮਨੋਰੰਜਨ ਅਤੇ ਸਵਾਦ ਲਈ ਕਾਲਜ ਕੈਂਪਸ ਵਿੱਚ ਖਾਣ-ਪੀਣ ਦੀਆਂ ਵਸਤਾਂ ਦੇ ਸਟਾਲ ਵੀ ਲਗਾਏ ਜਾਣਗੇ। ਇਸ ਦੇ ਨਾਲ ਹੀ ਰੰਗੋਲੀ ਮੁਕਾਬਲੇ ਰਾਹੀਂ ਵਿਦਿਆਰਥੀ ਆਪਣੀ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕਰਨਗੇ।

ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਅੰਤ ਵਿੱਚ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਦਾ ਮੁੱਖ ਮਕਸਦ ਕੇਵਲ ਮਨੋਰੰਜਨ ਨਹੀਂ, ਸਗੋਂ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰ ਕੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨਾ ਹੈ। ਉਨ੍ਹਾਂ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ।

## ਪੀ.ਐਚ.ਡੀ.ਸੀ.ਸੀ.ਆਈ. ਵੱਲੋਂ ਸਾਬਕਾ ਰਾਸ਼ਟਰਪਤੀ ਕੋਵਿੰਦ ਨਾਲ ਵਿਸ਼ੇਸ਼ ਮੁਲਾਕਾਤ



ਅੰਮ੍ਰਿਤਸਰ, 20 ਅਪ੍ਰੈਲ (ਗੁਰਦਿਆਲ ਸਿੰਘ) : ਰੀਜਨਲ ਫੈਸ਼ਨ ਟੈਕਸ ਐਂਡ ਟੈਕ ਫੋਰਮ, ਪੀਐਚਡੀਸੀਸੀਆਈ ਵੱਲੋਂ 20 ਅਪ੍ਰੈਲ 2026 ਨੂੰ Le Méridien Amritsar ਵਿਖੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਸ੍ਰੀ ਰਾਮ ਨਾਥ ਕੋਵਿੰਦ ਜੀ ਦੇ ਨਾਲ ਅੰਮ੍ਰਿਤਸਰ ਦੀਆਂ ਅਗੇਤੀ ਮਹਿਲਾ ਸ਼ਖਸੀਅਤਾਂ ਲਈ ਇਕ ਵਿਸ਼ੇਸ਼ ਮੀਟ ਐਂਡ ਗ੍ਰੀਟ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਮਿਸ ਹਿਮਾਨੀ ਅਰੋੜਾ, ਚੇਅਰ, ਰੀਜਨਲ ਫੈਸ਼ਨ ਟੈਕਸ ਐਂਡ ਟੈਕ ਫੋਰਮ, ਪੀਐਚਡੀਸੀਸੀਆਈ, ਨੇ ਆਪਣੇ ਸਵਾਗਤੀ ਸੰਬੋਧਨ ਵਿੱਚ ਮਾਣਯੋਗ ਸਾਬਕਾ ਰਾਸ਼ਟਰਪਤੀ ਦਾ ਤਹਿ ਦਿਲੋਂ ਸਵਾਗਤ ਕੀਤਾ ਅਤੇ ਫੋਰਮ ਵੱਲੋਂ ਮਹਿਲਾ ਸਸ਼ਕਤੀਕਰਨ, ਹੁਨਰ ਵਿਕਾਸ, ਉਦਯਮਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਇਹ ਵੀ ਦੁਹਰਾਇਆ ਕਿ ਫੋਰਮ ਅਜਿਹੇ ਮੱਤਵਪੂਰਨ ਮੰਚ ਤਿਆਰ ਕਰਨ ਲਈ ਵਚਨਬੱਧ ਹੈ ਜੋ ਮਹਿਲਾਵਾਂ ਨੂੰ ਆਰਥਿਕ ਵਿਕਾਸ ਅਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨ।

ਆਪਣੇ ਸੰਬੋਧਨ ਵਿੱਚ ਸ੍ਰੀ ਰਾਮ ਨਾਥ ਕੋਵਿੰਦ ਜੀ ਨੇ ਪੀਐਚਡੀਸੀਸੀਆਈ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ ਅਤੇ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਵਿੱਚ ਰੀਜਨਲ ਫੈਸ਼ਨ ਟੈਕਸ ਐਂਡ ਟੈਕ ਫੋਰਮ ਦੀ ਭੂਮਿਕਾ ਨੂੰ ਮਹੱਤਵਪੂਰਨ ਦੱਸਿਆ। ਉਨ੍ਹਾਂ ਕਿਹਾ ਕਿ ਅੱਜ ਮਹਿਲਾਵਾਂ ਸਿਰਫ ਹਿੱਸੇਦਾਰ ਹੀ ਨਹੀਂ, ਸਗੋਂ ਭਾਰਤ ਦੇ ਆਰਥਿਕ ਅਤੇ ਸਮਾਜਿਕ ਬਦਲਾਅ ਦੀ ਮੁੱਖ ਤਾਕਤ ਹਨ। ਉਨ੍ਹਾਂ ਨੇ ਉਦਯਮਤਾ, ਨੇਤ੍ਰਿਤਵ ਅਤੇ ਨਵੀਨਤਾ ਵਿੱਚ ਮਹਿਲਾਵਾਂ ਦੀ ਵਧ ਰਹੀ ਭੂਮਿਕਾ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਹੁਨਰ ਤਾਲੀਮ, ਵਿੱਤੀ ਪਹੁੰਚ, ਮੈਂਟਰਸ਼ਿਪ ਅਤੇ ਮਾਰਕੀਟ ਲਿੰਕੇਜ ਵਰਗੀਆਂ ਸਹਾਇਕ ਪ੍ਰਣਾਲੀਆਂ ਨੂੰ ਹੋਰ ਮਜ਼ਬੂਤ ਬਣਾਉਣ ਦੀ ਲੋੜ ਹੈ। ਉਨ੍ਹਾਂ ਨੇ ਸਿੱਖਿਆ, ਡਿਜ਼ਿਟਲ ਸ਼ਾਮਿਲਤਾ ਅਤੇ ਆਤਮਨਿਰਭਰਤਾ ਦੇ ਮਹੱਤਵ ਬਾਰੇ ਵੀ ਜ਼ਿਕਰ ਕਰਦੇ ਹੋਏ ਮਹਿਲਾਵਾਂ ਨੂੰ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ 'ਤੇ ਸ਼੍ਰੀਮਤੀ ਸਵਿਤਾ ਕੋਵਿੰਦ ਅਤੇ ਸ਼੍ਰੀਮਤੀ ਸਵਾਤੀ ਕੋਵਿੰਦ ਦੀ ਮਾਣਯੋਗ ਹਾਜ਼ਰੀ ਨੇ ਪ੍ਰੋਗਰਾਮ ਦੀ ਸ਼ੋਭਾ ਵਧਾਈ।

ਸ਼੍ਰੀ ਸੁਮਿਤ ਕੁਮਾਰ, ਸਹਾਇਕ ਸਕੱਤਰ, ਪੀਐਚਡੀਸੀਸੀਆਈ, ਨੇ ਇਸ ਮੌਕੇ 'ਤੇ ਪੀਐਚਡੀਸੀਸੀਆਈ ਸਕੱਤਰਾਲੇ ਦੀ ਨੁਮਾਇੰਦਗੀ ਕੀਤੀ।

ਇਸ ਸੈਸ਼ਨ ਵਿੱਚ ਅੰਮ੍ਰਿਤਸਰ ਦੀਆਂ ਪ੍ਰਮੁੱਖ ਮਹਿਲਾ ਸ਼ਖਸੀਅਤਾਂ ਨੇ ਭਰਪੂਰ ਭਾਗ ਲਿਆ, ਜਿਸ ਨਾਲ ਵਿਚਾਰਾਂ ਦੇ ਆਦਾਨ-ਪ੍ਰਦਾਨ, ਸੰਵਾਦ ਅਤੇ ਪ੍ਰੇਰਣਾ ਲਈ ਇੱਕ ਉਤਸ਼ਾਹਪੂਰਣ ਮੰਚ ਪ੍ਰਦਾਨ ਹੋਇਆ।

## ਪੰਜਾਬ 'ਚ ਬੇਅਦਬੀ ਸੋਧ ਬਿੱਲ ਦਾ ਕਾਨੂੰਨ ਬਣਨਾ ਇੱਕ ਇਤਿਹਾਸਕ ਕਦਮ : ਸਰਪੰਚ ਹਰਪਾਲ ਸਿੰਘ

ਖਡੂਰ ਸਾਹਿਬ, 20 ਅਪ੍ਰੈਲ (ਸਰਬਜੀਤ ਸਿੰਘ ਮੀਆਂ ਵਿੰਡ) : ਪੰਜਾਬ ਸਰਕਾਰ ਵੱਲੋਂ ਲਿਆਂਦਾ ਗਿਆ ਜਾਗਤ ਜੋਤਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026 ਹੁਣ ਕਾਨੂੰਨ ਦਾ ਰੂਪ ਧਾਰ ਚੁੱਕਾ ਹੈ। ਗਵਰਨਰ ਦੇ ਦਸਤਖ਼ਤਾਂ ਤੋਂ ਬਾਅਦ ਇਸ ਬਿੱਲ ਨੂੰ ਅੰਤਿਮ ਮਨਜ਼ੂਰੀ ਮਿਲ ਗਈ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਵਿਸਾਖੀ ਦੇ ਮੌਕੇ ਵਿਸ਼ੇਸ਼ ਸੈਸ਼ਨ ਦੌਰਾਨ ਇਹ ਬਿੱਲ ਪਾਸ ਕਰਵਾਇਆ ਸੀ, ਜਿਸਨੂੰ ਹੁਣ ਗਵਰਨਰ ਬਨਵਾਰੀਲਾਲ ਕਟਾਰੀਆ ਨੇ ਦਸਤਖ਼ਤ ਕਰਕੇ ਕਾਨੂੰਨੀ ਮੰਜ਼ੂਰੀ ਦਿੱਤੀ ਹੈ।ਇਹ ਜਾਣਕਾਰੀ ਸਾਂਝੀ ਕਰਦਿਆਂ



ਹਰਪਾਲ ਸਿੰਘ ਨੇ ਕਿਹਾ ਕਿ ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਲਈ ਕਾਨੂੰਨ ਅਧੀਨ ਘੱਟੋ-ਘੱਟ 10 ਸਾਲੋਂ ਦੀ ਸਜ਼ਾ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ, ਨਾਲ ਹੀ 5 ਲੱਖ ਤੋਂ 25 ਲੱਖ ਰੁਪਏ ਤੱਕ ਜੁਰਮਾਨਾ ਵੀ ਨਿਰਧਾਰਤ ਹੈ।ਉਨ੍ਹਾਂ ਕਿਹਾ ਕਿ ਇਹ

ਬਿੱਲ ਦੀ ਮੁੱਖ ਵਿਸ਼ੇਸ਼ਤਾ ਵਿੱਚ ਬੇਅਦਬੀ ਦੀਆਂ ਸਾਰੀਆਂ ਪਰਿਭਾਸ਼ਾਵਾਂ ਨੂੰ ਕਾਨੂੰਨ ਵਿੱਚ ਸਪੱਸ਼ਟ ਕੀਤਾ ਗਿਆ ਹੈ, ਮਾਮਲਿਆਂ ਦੀ ਜਾਂਚ ਸਿਰਫ ਡੀ ਐੱਸ ਪੀ ਰੈਂਕ ਦੇ ਅਧਿਕਾਰੀ ਕਰ ਸਕਣਗੇ, ਅਤੇ ਬੇਅਦਬੀ ਵਿੱਚ ਦੋਸ਼ੀ ਦਾ ਸਾਥ ਦੇਣ ਵਾਲਿਆਂ ਲਈ ਵੀ ਬਰਾਬਰ ਦੀ ਸਜ਼ਾ ਦਾ ਪ੍ਰਬੰਧ ਹੈ। ਇਸ ਦੇ ਨਾਲ, ਮਾਨਸਿਕ ਬੀਮਾਰੀ ਵਰਗੀਆਂ ਬਚਾਅ ਦਲੀਲਾਂ ਨੂੰ ਵੀ ਸਖ਼ਤੀ ਨਾਲ ਨਜਿੱਠਿਆ ਜਾਵੇਗਾ, ਤਾਂ ਜੋ ਕੋਈ ਢਿੱਲ ਨਾ ਰਹੇ।ਉਨ੍ਹਾਂ ਕਿਹਾ ਕਿ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਧਾਰਮਿਕ ਭਾਵਨਾਵਾਂ ਦੀ ਰੱਖਿਆ ਹੋਵੇਗੀ, ਅਤੇ ਜੋ ਵੀ ਬੇਅਦਬੀ ਕਰੇਗਾ, ਉਸਨੂੰ ਬਹੁਤ ਸਖ਼ਤ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ।

## ਵਿਰੋਧੀ ਧਿਰ ਨੇ 'ਨਾਰੀ ਸ਼ਕਤੀ ਵੰਦਨ ਅਧਿਨਿਯਮ' ਨੂੰ ਰੱਦ ਕਰਕੇ ਆਪਣੀ ਔਰਤ ਵਿਰੋਧੀ ਮਾਨਸਿਕਤਾ ਦਾ ਕੀਤਾ ਪ੍ਰਗਟਾਵਾ : ਮਨਜਿੰਦਰ ਸਿੰਘ ਸਿਰਸਾ

ਅੰਮ੍ਰਿਤਸਰ, 20 ਅਪ੍ਰੈਲ (ਬਬਲੂ ਮਹਾਜਨ): ਦਿੱਲੀ ਭਾਜਪਾ ਸਰਕਾਰ ਵਿੱਚ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ 'ਨਾਰੀ ਸ਼ਕਤੀ ਵੰਦਨ ਅਧਿਨਿਯਮ' (ਮਹਿਲਾ ਰਾਖਵਾਂਕਰਨ ਬਿੱਲ) 'ਤੇ ਬੋਲਦੇ ਹੋਏ ਕਿਹਾ ਕਿ ਇਹ ਭਾਰਤ ਦੀ ਔਰਤ ਆਬਾਦੀ ਨਾਲ ਸਿੱਧਾ ਵਿਸ਼ਵਾਸਘਾਤ ਹੈ, ਜੋ ਕਿ ਦੇਸ਼ ਦੀ ਕੁੱਲ ਆਬਾਦੀ ਦਾ ਅੱਧਾ ਹਿੱਸਾ ਹੈ। ਭਾਜਪਾ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਅੱਜ ਹੋਈ ਇੱਕ ਪ੍ਰੈਸ ਕਾਨਫਰੰਸ ਵਿੱਚ ਬੋਲਦਿਆਂ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਘਟਨਾ ਨੇ ਕਾਂਗਰਸ ਸਮੇਤ ਸਾਰੀਆਂ ਵਿਰੋਧੀ ਰਾਜਨੀਤਿਕ ਪਾਰਟੀਆਂ ਦੀ ਔਰਤ ਵਿਰੋਧੀ ਮਾਨਸਿਕਤਾ ਨੂੰ ਪੂਰੀ ਤਰ੍ਹਾਂ ਉਜਾਗਰ ਕਰ ਦਿੱਤਾ ਹੈ। ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਇਹ ਬਿੱਲ ਭਾਰਤ ਦੇ ਲੋਕਤੰਤਰ ਨੂੰ ਮਜ਼ਬੂਤ ਕਰਨ ਅਤੇ 'ਇੱਕ ਵਿਅਕਤੀ, ਇੱਕ ਵੋਟ, ਇੱਕ ਮੁੱਲ' ਦੇ ਬੁਨਿਆਦੀ ਸੰਵਿਧਾਨਕ ਸਿਧਾਂਤ ਨੂੰ ਬਰਕਰਾਰ ਰੱਖਣ ਦੇ ਉਦੇਸ਼ ਨਾਲ ਪੇਸ਼ ਕੀਤੇ ਸਨ।



ਮਨਜਿੰਦਰ ਸਿੰਘ ਸਿਰਸਾ ਨੇ ਟਿੱਪਣੀ ਕੀਤੀ ਕਿ ਇੱਕ ਅਜਿਹੇ ਸਮੇਂ ਜਦੋਂ ਪੂਰੇ ਦੇਸ਼ ਵਿੱਚ ਔਰਤਾਂ ਹਰ ਖੇਤਰ ਵਿੱਚ ਲੀਡਰਸ਼ਿਪ ਭੂਮਿਕਾਵਾਂ ਸੰਭਾਲਣ ਲਈ ਅੱਗੇ ਆ ਰਹੀਆਂ ਹਨ, ਇਹ ਬਹੁਤ ਨਿਰਾਸ਼ਾਜਨਕ ਹੈ ਕਿ ਸੰਸਦ ਦੇ ਅੰਦਰ ਰਾਜਨੀਤਿਕ ਪਾਰਟੀਆਂ – ਕਾਂਗਰਸ, ਆਮ ਆਦਮੀ ਪਾਰਟੀ (ਆਪ), ਸਮਾਜਵਾਦੀ ਪਾਰਟੀ, ਟੀਐਮਸੀ ਅਤੇ ਡੀਐਮਕੇ ਸਮੇਤ – ਜੋ ਸਮੂਹਿਕ ਤੌਰ 'ਤੇ ਦੇਸ਼ ਦੇ ਕਰੋੜਾਂ ਨਾਗਰਿਕਾਂ ਦੀ ਨੁਮਾਇੰਦਗੀ ਕਰਦੀਆਂ ਹਨ, ਨੇ ਅਜਿਹੇ ਮਹੱਤਵਪੂਰਨ ਸੁਧਾਰ ਨੂੰ ਰੱਦ ਕਰ ਦਿੱਤਾ ਹੈ। ਇਸ ਬਿੱਲ ਨੂੰ ਰੱਦ ਕਰਕੇ, ਵਿਰੋਧੀ ਪਾਰਟੀਆਂ ਨੇ ਭਾਰਤ ਦੀਆਂ ਔਰਤਾਂ ਨੂੰ ਉਨ੍ਹਾਂ ਪ੍ਰਤੀ ਉਨ੍ਹਾਂ ਦੇ ਸੱਚੇ ਰਵੱਈਏ ਬਾਰੇ ਸਪੱਸ਼ਟ ਸੰਦੇਸ਼ ਦਿੱਤਾ ਹੈ। ਇਸ ਕਾਨੂੰਨ ਦਾ ਵਿਰੋਧ ਕਰਕੇ, ਵਿਰੋਧੀ ਧਿਰ ਨੇ ਸਮਾਵੇਸ਼ੀ ਪ੍ਰਤੀਨਿਧਤਾ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇੱਕ ਲੋਕਤੰਤਰੀ ਸੁਧਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੱਦ ਕਰ ਦਿੱਤਾ ਹੈ। ਇਨ੍ਹਾਂ ਪਾਰਟੀਆਂ ਨੇ ਸਿਰਫ਼ ਸੰਵਿਧਾਨਕ ਸੋਧਾਂ ਜਾਂ ਹੱਦਬੰਦੀ ਨਾਲ ਸਬੰਧਤ ਬਿੱਲਾਂ ਦਾ ਵਿਰੋਧ ਨਹੀਂ ਕੀਤਾ ਹੈ; ਸਗੋਂ, ਉਨ੍ਹਾਂ ਨੇ ਭਾਰਤ ਦੀਆਂ ਕਰੋੜਾਂ ਮਾਵਾਂ, ਭੈਣਾਂ ਅਤੇ ਧੀਆਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ।

ਸਿਰਸਾ ਨੇ ਅੱਗੇ ਕਿਹਾ ਕਿ ਜੇਕਰ ਇਹ ਬਿੱਲ ਮੋਦੀ ਸਰਕਾਰ ਦੀ ਅਗਵਾਈ ਹੇਠ ਪਾਸ ਹੋ ਜਾਂਦਾ, ਤਾਂ ਇਹ 2029 ਦੀਆਂ ਆਮ ਚੋਣਾਂ ਤੋਂ ਸ਼ੁਰੂ ਹੋ ਕੇ ਲੋਕ ਸਭਾ ਵਿੱਚ ਔਰਤਾਂ ਨੂੰ 33% ਰਾਖਵਾਂਕਰਨ ਪ੍ਰਾਪਤ ਕਰਨ ਦੇ ਯੋਗ ਬਣਾਉਂਦਾ – ਇੱਕ ਅਜਿਹੀ ਸੰਭਾਵਨਾ ਜੋ ਵਿਰੋਧੀ ਧਿਰ ਨੂੰ ਪਸੰਦ ਨਹੀਂ ਆਈ। ਇਸ ਉਪਾਅ ਦਾ ਵਿਰੋਧ ਕਰਕੇ, ਵਿਰੋਧੀ ਪਾਰਟੀਆਂ ਨੇ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਦੋਵਾਂ ਵਿੱਚ ਔਰਤਾਂ ਦੀ ਪ੍ਰਤੀਨਿਧਤਾ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੂੰ ਰੋਕਿਆ ਹੈ। ਇਹ ਉਸ ਸਮੇਂ ਹੋਇਆ ਹੈ ਜਦੋਂ ਪਿੰਡਾਂ ਵਿੱਚ ਲੱਖਾਂ ਔਰਤਾਂ ਪੰਚਾਇਤ ਪੱਧਰ 'ਤੇ ਸਫਲਤਾਪੂਰਵਕ ਅਗਵਾਈ ਕਰ ਰਹੀਆਂ ਹਨ, ਫੈਸਲੇ ਲੈ ਰਹੀਆਂ ਹਨ, ਅਤੇ ਹੁਣ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਆਪਣੀਆਂ ਭੂਮਿਕਾਵਾਂ ਸੰਭਾਲਣ ਲਈ ਪੂਰੀ ਤਰ੍ਹਾਂ ਤਿਆਰ ਹਨ। ਇਸ ਸੁਧਾਰ ਨੂੰ ਰੋਕ ਕੇ, ਵਿਰੋਧੀ ਪਾਰਟੀਆਂ ਨੇ ਰਾਸ਼ਟਰੀ ਫੈਸਲੇ ਲੈਣ ਵਿੱਚ ਆਪਣੀ ਸਹੀ ਭਾਗੀਦਾਰੀ ਦੇ ਰਾਹ ਵਿੱਚ ਇੱਕ ਰੁਕਾਵਟ ਪਾ ਦਿੱਤੀ ਹੈ।

ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ 1970 ਦੇ ਦਹਾਕੇ ਵਿੱਚ, ਭਾਰਤ ਦੀ ਆਬਾਦੀ ਲੱਗਭੱਗ 550 ਮਿਲੀਅਨ ਸੀ, ਜੋ ਕਿ ਅੱਜ ਲੱਗਭੱਗ *1.4 ਬਿਲੀਅਨ* ਹੋ ਗਈ ਹੈ, ਜਿਸ ਨਾਲ ਹੱਦਬੰਦੀ ਇੱਕ ਜ਼ਰੂਰੀ ਸੰਵਿਧਾਨਕ ਜ਼ਰੂਰਤ ਬਣ ਗਈ ਹੈ। ਸੰਸਦ ਵਿੱਚ ਪੇਸ਼ ਕੀਤਾ ਗਿਆ ਹੱਦਬੰਦੀ

## ਮੁੰਡਾ ਪਿੰਡ ਵਿੱਚ ਕਬਜ਼ੇ ਦੀ ਕੋਸ਼ਿਸ਼ ਉਗਰਾਹਾਂ ਜਥੇਬੰਦੀ ਨੇ ਬਣਾਈ ਨਾਕਾਮ



ਖਡੂਰ ਸਾਹਿਬ, 20 ਅਪ੍ਰੈਲ (ਸਰਬਜੀਤ ਸਿੰਘ ਮੀਆਂ ਵਿੰਡ) : ਮੁੰਡਾ ਪਿੰਡ ਵਿੱਚ ਅੱਜ ਅੰਗਰੇਜ਼ ਸਿੰਘ ਦੇ ਘਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਨੂੰ ਉਸ ਵੇਲੇ ਨਾਕਾਮ ਕਰ ਦਿੱਤਾ ਗਿਆ, ਜਦੋਂ ਉਗਰਾਹਾਂ ਜਥੇਬੰਦੀ ਦੇ ਆਗੂ ਤੁਰੰਤ ਮੌਕੇ 'ਤੇ ਪਹੁੰਚ ਕੇ ਡੱਟ ਗਏ। ਜਾਣਕਾਰੀ ਅਨੁਸਾਰ, ਉਕਤ ਵਿਅਕਤੀ ਵੱਲੋਂ ਮਾਲ ਮਹਿਕਮੇ ਦੇ ਮੁਲਾਜ਼ਮਾਂ ਅਤੇ ਭਾਰੀ ਪੁਲਿਸ ਫੋਰਸ ਦੇ ਨਾਲ ਮਿਲ ਕੇ ਅੰਗਰੇਜ਼ ਸਿੰਘ, ਸੁਖਵਿੰਦਰ ਸਿੰਘ ਅਤੇ ਬਲਦੇਵ ਸਿੰਘ ਦੇ ਘਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ।

ਜਿਵੇਂ ਹੀ ਇਸ ਕਾਰਵਾਈ ਦੀ ਖ਼ਬਰ ਉਗਰਾਹਾਂ ਜਥੇਬੰਦੀ ਤੱਕ ਪਹੁੰਚੀ, ਆਗੂ ਤੁਰੰਤ ਮੌਕੇ 'ਤੇ ਪਹੁੰਚ ਗਏ ਅਤੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਮਾਮਲੇ ਦੀ ਸੱਚਾਈ ਸਾਹਮਣੇ ਰੱਖੀ। ਇਸ ਤੋਂ ਬਾਅਦ ਅਧਿਕਾਰੀ ਬਿਨਾਂ ਕਿਸੇ ਕਾਰਵਾਈ ਕੀਤੇ ਵਾਪਸ ਚਲੇ ਗਏ।

ਆਗੂਆਂ ਨੇ ਐਲਾਨ ਕੀਤਾ ਕਿ ਜਲਦੀ ਹੀ ਪਿੰਡ ਵਿੱਚ ਗ੍ਰਾਮ ਸਭਾ ਬੁਲਾਈ ਜਾਵੇਗੀ ਅਤੇ ਅੰਗਰੇਜ਼ ਸਿੰਘ ਦੇ ਪਰਿਵਾਰ ਨਾਲ ਹੋ ਰਹੀ ਬੇਇਨਸਾਫ਼ੀ ਦੇ ਵਿਰੋਧ ਵਿੱਚ ਮਤਾ ਪਾਸ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਅਤੇ ਜਥੇਬੰਦੀ ਵੱਲੋਂ ਕਿਸੇ ਵੀ ਕੀਮਤ 'ਤੇ ਇਹ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ।

ਉਗਰਾਹਾਂ ਜਥੇਬੰਦੀ ਦੇ ਆਗੂਆਂ ਨੇ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਨਿਕੰਮੀਆਂ ਨੀਤੀਆਂ ਕਾਰਨ ਆਮ ਲੋਕਾਂ ਨੂੰ ਅਦਾਲਤਾਂ ਦੇ ਚੱਕਰ ਕੱਟਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਅਤੇ ਸੱਚ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਦਕਿ ਸਰਕਾਰਾਂ ਕੁੰਭਕਰਨੀ ਨੀਂਦ ਵਿੱਚ ਸੁੱਤੀਆਂ ਪਈਆਂ ਹਨ।

ਇਸ ਮੌਕੇ ਸੁਲੱਖਣ ਸਿੰਘ ਮੰਡਾਲਾ, ਲਖਬੀਰ ਸਿੰਘ ਜੌਣੇਕੇ, ਕਰਮਜੀਤ ਸਿੰਘ ਸਭਰਾਅ, ਸਵਿੰਦਰ ਸਿੰਘ ਸਭਰਾਅ, ਅਵਤਾਰ ਸਿੰਘ ਗੁਜ਼ਰਪੁਰਾ, ਗੁਰਭੇਜ ਸਿੰਘ ਗੁਜ਼ਰਪੁਰਾ, ਸਰਪੰਚ ਸੁਖਦੇਵ ਸਿੰਘ, ਸਰਪੰਚ ਅਵਤਾਰ ਸਿੰਘ, ਗੁਰਦੀਪ ਸਿੰਘ, ਜੱਸਾ ਸਿੰਘ, ਮਲਕੀਤ ਸਿੰਘ, ਕੁਲਦੀਪ ਸਿੰਘ ਮੈਂਬਰ, ਮਿੰਟੂ ਸਿੰਘ, ਲਖਵਿੰਦਰ ਸਿੰਘ ਫੌਜੀ, ਅਵਤਾਰ ਸਿੰਘ ਪੱਪੂ ਸਮੇਤ ਹੋਰ ਆਗੂ ਹਾਜ਼ਰ ਸਨ।

## ਪਾਕਿਸਤਾਨ 'ਚ ਸਿੱਖ ਯਾਤਰੀ ਜਥੇ ਦੀ ਸ਼ਾਨਦਾਰ ਸੇਵਾ, ਜਥੇਦਾਰ ਤੁਗ਼ਲਵਾਲ ਵੱਲੋਂ ਮਰੀਅਮ ਨਵਾਜ਼ ਤੇ ਅਰੋੜਾ ਦਾ ਧੰਨਵਾਦ

ਅੰਮ੍ਰਿਤਸਰ, 20 ਅਪ੍ਰੈਲ (ਬਬਲੂ ਮਹਾਜਨ): ਖ਼ਾਲਸਾ ਸਾਜਨਾ ਪੁਰਬ ਮੌਕੇ ਭਾਰਤ ਤੋਂ ਗਏ ਯਾਤਰੀ ਜੱਥੇ ਦੇ ਪਾਰਟੀ ਲੀਡਰ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ ਨੇ ਪਾਕਿਸਤਾਨੀ ਪੰਜਾਬ ਦੀ ਮੁਖ ਮੰਤਰੀ ਬੀਬੀ ਮਰੀਅਮ ਨਵਾਜ਼ ਤੇ ਪਾਕਿਸਤਾਨ ਸਿੱਖ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ ਦਾ ਜਥੇ ਲਈ ਕੀਤੇ ਚੰਗੇ ਪ੍ਰਬੰਧਾਂ ਲਈ ਧੰਨਵਾਦ ਕੀਤਾ। ਅੱਜ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਜਥੇਦਾਰ ਤੁਗਵਾਲ ਨੇ ਕਿਹਾ ਕਿ ਸਾਨੂੰ ਇਹ ਲੱਗਿਆ ਹੀ ਨਹੀ ਕਿ ਅਸੀ ਗਵਾਂਢੀ ਮੁਲਕ ਵਿਚ ਆਏ ਹਾਂ।ਸ੍ਰ ਅਰੋੜਾ ਦੀ ਅਗਵਾਈ ਹੇਠ ਪੂਰਾ ਪ੍ਰਸ਼ਾਸਨ ਤੇ ਕਮੇਟੀ ਜਥੇ ਦੀ ਸੇਵਾ ਵਿਚ ਪੱਬਾਂ ਭਾਰ ਹੋਈ ਰਹੀ।ਸੁਰੱਖਿਆ ਦੇ ਪ੍ਰਬੰਧਾਂ ਨੇ ਤਾਂ ਕਮਾਲ ਹੀ ਕਰ ਦਿੱਤੀ।ਇਹ ਸਾਰਾ ਕੁਝ ਦੇਖ ਕੇ ਲੱਗ ਰਿਹਾ ਸੀ ਕਿ ਜਿਵੇ ਅਸੀਂ ਖ਼ਾਲਸਾ ਸਾਜਨਾ ਪੁਰਬ ਦਾ ਦਿਹਾੜਾ ਹਿੰਦੁਸਤਾਨ ਦੀ ਧਰਤੀ ਤੇ ਮਨਾ ਰਹੇ ਹੋਈਏ। ਜਥੇਦਾਰ ਨੇ ਲਹਿੰਦੇ ਪੰਜਾਬ ਦੇ ਵਿਚ ਜਥੇ ਦੀ ਸੇਵਾ ਵਿਚ ਲੱਗੇ ਡਾਕਟਰ ਸਾਹਿਬਾਨ ਤੇ ਮੈਡੀਕਲ ਟੀਮ ਦਾ ਵੀ ਖਾਸ ਕਰਕੇ ਧੰਨਵਾਦ ਕੀਤਾ। ਜਿਨ੍ਹਾਂ ਆਪਣੇ ਅਰਾਮ ਨੂੰ ਭੁੱਲ ਕੇ ਜਥੇ ਦੀ ਸੇਵਾ ਵਿਚ ਦਿਨ ਰਾਤ ਲਗਾਇਆ। ਉਨ੍ਹਾਂ ਕਿਹਾ ਕਿ ਜਥੇ ਦੀ ਸੰਗਤ ਨੇ ਗੁਰਦਵਾਰਾ ਜਨਮ



ਅਸਥਾਨ ਨਨਕਾਣਾ ਸਾਹਿਬ, ਹਸਨ ਅਬਦਾਲ ਵਿਖੇ ਗੁਰਦਵਾਰਾ ਪੰਜਾ ਸਾਹਿਬ, ਕਰਤਾਰਪੁਰ ਸਾਹਿਬ ਵਿਖੇ ਜਿੱਥੇ ਗੁਰੂ ਨਾਨਕ ਸਾਹਿਬ ਨੇ ਖੇਤੀ ਕੀਤੀ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਉਪਦੇਸ਼ ਦਿੱਤਾ ਉਸ ਧਰਤੀ ਨੂੰ ਨਤਮਸਤਕ ਹੋਇਆ।ਉਨ੍ਹਾਂ ਪ੍ਰਧਾਨ ਸ੍ਰ ਰਮੇਸ਼ ਸਿੰਘ ਅਰੋੜਾ ਨੂੰ ਸੰਬੋਧਨ ਹੁੰਦਿਆ ਕਿਹਾ ਕਿ ਅਰੋੜਾ ਤੁਸਾਂ ਪ੍ਰਬੰਧ ਕਰਕੇ ਕਮਾਲ ਕਰ ਦਿੱਤੀ। ਗੱਡੀਆਂ ਸਾਡੇ ਨਾਲ ਸੁਰੱਖਿਆ ਲਈ, ਲੰਗਰ ਦਾ ਪ੍ਰਬੰਧ ਜੋ ਸਾਨੂੰ ਚਾਹੀਦਾ ਸੀ ਉਹ ਸਾਡੇ ਲਈ ਤਿਆਰ ਕਰਵਾਇਆ ਸੰਗਤਾਂ ਲਈ 24 ਘੰਟੇ ਚਾਹ ਪਾਣੀ ਮਿਲਦਾ ਰਿਹਾ। ਗੁਰੂ ਨਾਨਕ ਦੇਵ ਜੀ ਨੇ ਲੰਗਰ ਦੀ ਪ੍ਰਥਾ ਚਲਾਈ ਸੀ ਅੱਜ ਤੱਕ ਚੱਲਦੀ ਆ ਰਹੀ ਹੈ।ਅਸੀਂ ਸਮਝਦੇ ਸੀ ਧਰਤੀ 'ਤੇ ਅਸੀਂ ਭਾਰਤੀ ਸਿੱਖ ਹੀ ਬਹੁਤ ਵੱਡੇ ਲੰਗਰ ਚਲਾ ਰਹੇ ਹਾਂ, ਪਰ ਸਾਨੂੰ ਅੱਜ ਪਤਾ ਲੱਗਾ ਕਿ ਸਾਡਾ ਭਰਾ ਇਥੋ ਦੇ ਗੁਰਦੁਆਰਾ ਕਮੇਟੀ ਦਾ ਪ੍ਰਧਾਨ ਬਣ ਕੇ ਗੁਰੂ ਨਾਨਕ ਸਾਹਿਬ ਦੇ ਮਿਸ਼ਨ ਨੂੰ ਉਸੇ ਤਰਾਂ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇ ਵਿਚ ਜਦ ਹੜ੍ਹ ਆਏ ਸਨ ਤਾਂ ਸਰਕਾਰ ਦੀ ਪਹਿਲਕਦਮੀ ਨੇ ਸਾਡੇ ਗੁਰਧਾਮਾਂ ਨੂੰ ਦੋ ਦਿਨਾਂ ਦੇ ਵਿੱਚ ਕਲੀਅਰ ਕਰਵਾ ਦਿੱਤਾ। ਤੁਹਾਡੀਆਂ ਫੋਟੋ ਵੇਖੀਆਂ ਗੁਰੂ ਮਹਾਰਾਜ ਦਾ ਪ੍ਰਕਾਸ਼ ਸ਼ੁਰੂ ਕੀਤਾ ਸ਼ਾਇਦ ਹੋ ਸਕਦਾ ਅਸੀ ਹਿੰਦੁਸਤਾਨ ਦੀ ਧਰਤੀ 'ਤੇ ਪੱਛੜ ਗਏ ਹੋਵਾਂਗੇ ਪਰ ਤੁਸੀ ਇਸ ਪਾਕਿਸਤਾਨ ਦੀ ਧਰਤੀ 'ਤੇ ਕੋਈ ਕਸਰ ਨਹੀਂ ਛੱਡੀ

